ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 6 ਜੁਲਾਈ ਤੋਂ ਐਤਵਾਰ, 12 ਜੁਲਾਈ, 2026

WEEKLY ZIKAR PUNJAB
ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ

ਹਫਤਾਵਾਰੀ ਅਖ਼ਬਾਰ
Ludhiana : Monday, 6 July to Sunday, 12 July 2026

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 27 | Website : www.zikarpunjab.com

### ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋਇਆ ਵਿਸ਼ਾਲ ਪੰਥਕ ਇਕੱਠ

## ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਪੇਸ਼ ਕੀਤੇ ਗੁਰਮਤੇ ਨੂੰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ 'ਚ ਦਿੱਤੀ ਪ੍ਰਵਾਨਗੀ

ਜ਼ਿਕਰ ਪੰਜਾਬ

**ਅੰਮ੍ਰਿਤਸਰ :** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੰਘ ਸਾਹਿਬਾਨ ਦੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਗੁਰੂ ਦੋਖੀ ਅਤੇ ਖ਼ਾਲਸਾ ਪੰਥ ਵਿਰੋਧੀ ਐਲਾਨਣ ਦੇ ਫੈਸਲੇ ਦੀ ਪ੍ਰੋੜ੍ਹਤਾ ਲਈ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਪੰਥਕ ਇਕੱਠ ਕੀਤਾ ਗਿਆ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ



ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਵੰਤ ਸਿੰਘ ਵੱਲੋਂ ਗਿਆਨੀ ਪਰਮਵੀਰ ਸਿੰਘ, ਸ਼?ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ, ਬਾਬਾ ਮੇਜਰ ਸਿੰਘ ਸੋਢੀ ਤਰਨਾ ਦਲ ਸਮੇਤ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਵੱਲੋਂ ਸਥਾਪਤ ਕੀਤਾ ਸੱਚਾ ਤਖ਼ਤ ਹੈ, ਜਿਸ ਦੀ ਸਰਵਉੱਚਤਾ ਨੂੰ ਕੋਈ ਵੀ ਚੁਣੌਤੀ ਨਹੀਂ ਦੇ ਸਕਦਾ। ਇਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਦੀ ਪਾਲਣਾ ਹਰ ਸਿੱਖ ਦਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਹੈ ਅਤੇ ਪੰਜ ਸਿੰਘ ਸਾਹਿਬਾਨ ਵੱਲੋਂ ਕੀਤੇ ਆਦੇਸ਼ ਦੀ ਪ੍ਰੋੜ੍ਹਤਾ ਲਈ ਸਮੁੱਚੇ ਪੰਥ ਦਾ ਇਕਜੁਟ ਹੋ ਕੇ ਖੜ੍ਹਨਾ ਉਨ੍ਹਾਂ ਲੋਕਾਂ ਨੂੰ ਜਵਾਬ ਹੈ, ਜੋ ਇਸ ਦੀ ਮਾਣ-ਮਰਯਾਦਾ ਤੇ ਪ੍ਰੰਪਰਾਵਾਂ ਨੂੰ ਢਾਹ ਲਗਾਉਣ ਦੇ ਯਤਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ • ਬਾਕੀ ਸਫ਼ਾ 2 'ਤੇ

## ਇਰਾਨ ਦੇ ਮਰਹੂਮ ਸੁਪਰੀਮ ਲੀਡਰ ਖ਼ਾਮੇਨੇਈ ਦੀ ਅੰਤਿਮ ਯਾਤਰਾ ਦੌਰਾਨ ਟਰੰਪ ਵਿਰੁੱਧ ਨਾਅਰੇਬਾਜ਼ੀ

ਜ਼ਿਕਰ ਪੰਜਾਬ

**ਤਹਿਰਾਨ :** ਇਰਾਨ ਦੇ ਮਰਹੂਮ ਸੁਪਰੀਮ ਲੀਡਰ ਆਇਤੁੱਲਾ ਅਲੀ ਖ਼ਾਮੇਨੇਈ ਦੀ ਅੰਤਿਮ ਯਾਤਰਾ (ਜਨਾਜ਼ੇ) ਦੌਰਾਨ ਰਾਜਧਾਨੀ ਤਹਿਰਾਨ ਵਿੱਚ ਇੱਕ ਨਵਾਂ ਵਿਵਾਦ ਖੜ੍ਹਾ ਹੋ ਗਿਆ। ਲੱਖਾਂ ਦੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਦੇ ਸਾਹਮਣੇ ਇੱਕ ਪ੍ਰਦਰਸ਼ਨਕਾਰੀ ਕਵੀ ਨੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੂੰ ਜਾਨੋਂ ਮਾਰਨ ਦੀ ਅਪੀਲ ਕੀਤੀ। ਇਸ ਦੌਰਾਨ ਭੜਕੇ ਹੋਏ ਲੋਕਾਂ ਨੇ 'ਅਮਰੀਕਾ ਮੁਰਦਾਬਾਦ' ਅਤੇ 'ਇਜ਼ਰਾਈਲ ਮੁਰਦਾਬਾਦ' ਦੇ ਜ਼ੋਰਦਾਰ ਨਾਅਰੇ ਲਾਏ ਗਏ।

ਅੰਤਿਮ ਸੰਸਕਾਰ ਦੌਰਾਨ ਮੰਚ ਤੋਂ ਸੰਬੋਧਨ ਕਰਦਿਆਂ ਕਵੀ ਮੁਹੰਮਦ ਰਸੂਲੀ ਨੇ ਅਮਰੀਕੀ ਰਾਸ਼ਟਰਪਤੀ ਟਰੰਪ ਵੱਲ ਇਸ਼ਾਰਾ ਕਰਦਿਆਂ ਭੀੜ ਨੂੰ ਪੁੱਛਿਆ, "ਦੁਨੀਆ ਦਾ ਸਭ ਤੋਂ ਭ੍ਰਿਸ਼ਟ ਤੇ ਘਿਨਾਉਣਾ ਆਦਮੀ ਅਜੇ



ਤੱਕ ਜ਼ਿੰਦਾ ਕਿਉਂ ਹੈ?"ਰਸੂਲੀ ਦੀ ਇਸ ਭੜਕਾਊ ਟਿੱਪਣੀ ਦਾ ਉੱਥੇ ਮੌਜੂਦ ਲੱਖਾਂ ਲੋਕਾਂ ਨੇ ਨਾਅਰੇਬਾਜ਼ੀ ਕਰਕੇ ਜ਼ੋਰਦਾਰ ਸਮਰਥਨ ਕੀਤਾ । ਐਤਵਾਰ ਨੂੰ ਹੋਈ ਇਸ ਅੰਤਿਮ ਯਾਤਰਾ ਵਿੱਚ ਪਿਛਲੇ ਦਿਨਾਂ ਦੇ ਮੁਕਾਬਲੇ ਕਿਤੇ ਵੱਡਾ ਇਕੱਠ ਦੇਖਣ ਨੂੰ ਮਿਲਿਆ। ਕਾਲੇ ਕੱਪੜਿਆਂ ਵਿੱਚ ਮਲਬੂਸ ਲੱਖਾਂ ਸੋਗਵਾਰ ਹੱਥਾਂ ਵਿੱਚ ਬੈਨਰ ਅਤੇ ਝੰਡੇ ਲੈ ਕੇ ਪੈਦਲ ਹੀ ਸਮਾਗਮ ਵਾਲੀ ਥਾਂ ਵੱਲ ਵਧ ਰਹੇ ਸਨ । ਇਨ੍ਹਾਂ ਬੈਨਰਾਂ 'ਤੇ ਖ਼ਾਮੇਨੇਈ ਨੂੰ ਸ਼ਰਧਾਂਜਲੀ ਦੇਣ ਦੇ ਨਾਲ-ਨਾਲ ਟਰੰਪ ਨੂੰ ਮਾਰਨ ਦੇ ਨਾਅਰੇ ਲਿਖੇ ਹੋਏ ਸਨ । ਇਹ ਘਟਨਾ ਉਸੇ ਵੇਲੇ ਵਾਪਰੀ ਜਦੋਂ ਰਾਸ਼ਟਰਪਤੀ ਟਰੰਪ ਵਾਸ਼ਿੰਗਟਨ ਵਿੱਚ ਅਮਰੀਕਾ ਦੀ ਸਥਾਪਨਾ ਦੀ 250ਵੀਂ ਵਰ੍ਹੇਗੰਢ ਮੌਕੇ ਭਾਸ਼ਣ ਦੇ ਰਹੇ ਸਨ। ਜ਼ਿਕਰਯੋਗ ਹੈ ਕਿ ਇਰਾਨ 'ਤੇ ਦਹਾਕਿਆਂ ਤੱਕ ਰਾਜ ਕਰਨ ਵਾਲੇ 86 ਸਾਲਾ ਆਇਤੁੱਲਾ ਅਲੀ ਖ਼ਾਮੇਨੇਈ ਲੰਘੀ 28 ਫਰਵਰੀ • ਬਾਕੀ ਸਫ਼ਾ 2 'ਤੇ

## ਕਾਲਕਾ-ਸ਼ਿਮਲਾ ਰੇਲ ਮਾਰਗ 'ਤੇ ਜ਼ਮੀਨ ਖਿਸਕਣ ਕਾਰਨ ਰੇਲ ਆਵਾਜਾਈ ਠੱਪ

ਜ਼ਿਕਰ ਪੰਜਾਬ

**ਪੰਚਕੂਲਾ :** ਕਾਲਕਾ -ਸ਼ਿਮਲਾ ਜਾਣ ਵਾਲੇ ਰਾਹਗੀਰ ਥੋੜਾ ਧਿਆਨ ਨਾਲ ਯਾਤਰਾ ਦੀ ਯੋਜਨਾ ਬਣਾਉਣ, ਕਿਉਂਕਿ ਬਰਸਾਤਾਂ ਦੇ ਮੌਸਮ ਦੌਰਾਨ ਪਹਾੜੀ ਇਲਾਕਿਆਂ ਵਿੱਚ ਜ਼ਮੀਨ ਖਿਸਕਣ ਦੇ ਮਾਮਲੇ ਲਗਾਤਾਰ ਸਾਹਮਣੇ ਆਉਂਦੇ ਹਨ। ਹਾਲ ਹੀ ਵਿੱਚ ਕਾਲਕਾ-ਸ਼ਿਮਲਾ ਮਾਰਗ ਦੇ ਕਾਠਲੀਘਾਟ-ਕਾਨੋ ਸੈਕਸ਼ਨ 'ਤੇ ਪਹਾੜ ਖਿਸਕਣ (ਲੈਂਡਸਲਾਈਡ) ਦੀ ਘਟਨਾ ਕਾਰਨ ਰੇਲ ਆਵਾਜਾਈ ਅਸਥਾਈ ਤੌਰ 'ਤੇ ਪ੍ਰਭਾਵਿਤ ਹੋਈ। 107 ਯਾਤਰੀਆਂ ਨੂੰ ਲੈ ਕੇ ਜਾ ਰਹੀ ਸ਼ਿਮਲਾ-ਕਾਲਕਾ ਸ਼ਿਵਾਲਿਕ ਡੀਲਕਸ ਐਕਸਪ੍ਰੈੱਸ (ਟਰੇਨ ਨੰਬਰ



52452) ਨੂੰ ਪ੍ਰਭਾਵਿਤ ਹਿੱਸੇ ਤੋਂ ਵਾਪਸ ਕਾਠਲੀਘਾਟ ਸਟੇਸ਼ਨ 'ਤੇ ਲਿਆਉਣਾ ਪਿਆ । ਰੇਲਵੇ ਪ੍ਰਸ਼ਾਸਨ ਨੇ ਯਾਤਰੀਆਂ ਦੀ ਅਗਲੀ ਯਾਤਰਾ ਲਈ ਕਾਠਲੀਘਾਟ ਸਟੇਸ਼ਨ 'ਤੇ ਤਿੰਨ ਬੱਸਾਂ ਦਾ ਪ੍ਰਬੰਧ ਕੀਤਾ ਅਤੇ ਇਹ ਬੱਸਾਂ 97 ਯਾਤਰੀਆਂ ਨੂੰ ਲੈ ਕੇ ਕਾਠਲੀਘਾਟ ਤੋਂ ਕਾਲਕਾ ਲਈ ਰਵਾਨਾ ਹੋਈਆਂ। ਉੱਤਰੀ ਰੇਲਵੇ, ਅੰਬਾਲਾ ਡਿਵੀਜ਼ਨ ਦੇ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਯਸ਼ਾਂਜੀਤ ਸਿੰਘ ਨੇ ਦੱਸਿਆ, "ਫਸੇ ਹੋਏ ਯਾਤਰੀਆਂ ਨੂੰ ਅਡਜਸਟ ਕਰਨ ਲਈ ਕਾਲਕਾ-ਹਾਵੜਾ ਮੇਲ (ਟਰੇਨ ਨੰਬਰ 13052) ਦੀ ਰਵਾਨਗੀ ਵਿੱਚ ਇੱਕ ਘੰਟੇ ਦੀ ਦੇਰੀ ਕਰਨੀ ਪਈ।

## ਪੰਜਾਬ ਦਾ ਭਵਿੱਖ ਦਿੱਲੀ ਨਹੀਂ ਪੰਜਾਬ ਦੇ ਲੋਕ ਕਰਨਗੇ ਤੈਅ : ਸੈਣੀ

ਜ਼ਿਕਰ ਪੰਜਾਬ

**ਪਠਾਨਕੋਟ :** ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਪੰਜਾਬ ਦੇ ਪਠਾਨਕੋਟ ਵਿੱਚ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 125ਵੀਂ ਜਯੰਤੀ ਦੇ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦਾ ਭਵਿੱਖ ਦਿੱਲੀ ਦੀ ਰਾਜਨੀਤੀ ਤੋਂ ਨਹੀਂ, ਸਗੋਂ ਖੁਦ ਪੰਜਾਬ ਦੇ ਲੋਕ ਤੈਅ ਕਰਨਗੇ। ਪੰਜਾਬ ਦੇ ਕਿਸਾਨ, ਨੌਜਵਾਨ, ਮਾਵਾਂ ਅਤੇ ਭੈਣਾਂ ਰਾਜ ਦੀ ਦਿਸ਼ਾ ਅਤੇ ਭਾਗ ਤੈਅ ਕਰਨਗੀਆਂ। ਉਨ੍ਹਾਂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਲੋਕਾਂ ਤੋਂ ਸੱਤਾ ਨਹੀਂ, ਸਗੋਂ ਉਨ੍ਹਾਂ ਦੀ ਸੇਵਾ ਕਰਨ ਦਾ ਮੌਕਾ ਮੰਗ ਰਹੀ ਹੈ। ਲੋਕਾਂ ਦੇ



ਆਸ਼ੀਰਵਾਦ ਨਾਲ ਪੰਜਾਬ ਇੱਕ ਵਾਰ ਫਿਰ "ਰੰਗਲਾ ਪੰਜਾਬ" ਬਣੇਗਾ। ਉਨ੍ਹਾਂ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਸਭ ਤੋਂ ਵੱਡਾ ਬਲੀਦਾਨ ਦਿੱਤਾ। ਉਨ੍ਹਾਂ ਨੇ ਜੋ ਆਵਾਜ਼ ਉਠਾਈ ਅਤੇ ਜੋ ਸੁਪਨਾ ਦੇਖਿਆ, ਉਸ ਨੂੰ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਜੰਮੂ-ਕਸ਼ਮੀਰ ਤੋਂ ਆਰਟੀਕਲ 370 ਹਟਾ ਕੇ ਪੂਰਾ ਕੀਤਾ ਹੈ। ਅੱਜ, ਭਾਰਤੀ ਤਿਰੰਗਾ ਕਸ਼ਮੀਰ ਤੋਂ ਕੰਨਿਆਕੁਮਾਰੀ ਤੱਕ ਸ਼ਾਨ ਨਾਲ ਲਹਿਰਾ ਰਿਹਾ ਹੈ ।ਇਸ ਮੌਕੇ ਪਠਾਨਕੋਟ ਦੇ ਵਿਧਾਇਕ ਅਸ਼ਵਨੀ ਸ਼ਰਮਾ, ਪੰਜਾਬ ਵਿਧਾਨ ਸਭਾ ਦੇ ਸਾਬਕਾ ਡਿਪਟੀ ਸਪੀਕਰ ਦਿਨੇਸ਼ ਬੱਬੂ, ਸਾਬਕਾ ਵਿਧਾਇਕ ਸੀਮਾ ਕੁਮਾਰੀ ਅਤੇ ਹੋਰ ਸੀਨੀਅਰ ਨੇਤਾ ਵੀ ਮੌਜੂਦ ਰਹੇ। ਮੁੱਖ ਮੰਤਰੀ ਨੇ ਕਿਹਾ ਕਿ ਡਾ. ਮੁਖਰਜੀ ਦਾ ਟੀਚਾ ਮਜ਼ਬੂਤ ਅਤੇ ਆਤਮ-ਨਿਰਭਰ ਭਾਰਤ ਬਣਾਉਣਾ ਸੀ। ਇਸੇ ਮਕਸਦ ਨਾਲ ਉਹ ਜਨਤਾ ਦੇ ਵਿਚਕਾਰ ਆਏ ਅਤੇ ਆਜ਼ਾਦ ਭਾਰਤ ਦੇ ਪਹਿਲੇ ਉਦਯੋਗ ਮੰਤਰੀ ਬਣੇ। ਪਰ 1950 ਵਿੱਚ ਜਦੋਂ ਅਸੂਲਾਂ ਅਤੇ ਸੱਤਾ ਨੂੰ ਚੁਣਨ ਦਾ ਮੌਕਾ ਮਿਲਿਆ, ਤਾਂ ਉਨ੍ਹਾਂ ਨੇ ਅਹੁਦੇ ਦੀ ਬਜਾਏ ਦੇਸ਼ ਹਿੱਤ ਨੂੰ ਚੁਣਿਆ । ਉਨ੍ਹਾਂ ਕਿਹਾ ਕਿ ਡਾ. • ਬਾਕੀ ਸਫ਼ਾ 2 'ਤੇ

## ਹਰਪ੍ਰੀਤ ਕੌਰ ਇਟਲੀ 'ਚ ਬਣੀ ਪੁਲਿਸ ਅਧਿਕਾਰੀ


ਜ਼ਿਕਰ ਪੰਜਾਬ

**ਸਨਬੋਨੀਫਾਚ :** ਪੰਜਾਬ ਦੇ ਸ਼ਹੀਦ ਭਗਤ ਸਿੰਘ ਨਗਰ ਦੇ ਇਤਿਹਾਸਕ ਪਿੰਡ ਖਟਕੜ ਕਲਾਂ ਨਾਲ ਸਬੰਧਤ ਪੰਜਾਬੀ ਪਰਿਵਾਰ ਦੀ ਧੀ ਹਰਪ੍ਰੀਤ ਕੌਰ ਇਟਲੀ ਵਿਚ ਪੁਲਿਸ ਅਧਿਕਾਰੀ ਬਣ ਗਈ ਹੈ। ਉਹ ਵੈਰੋਨਾ ਪ੍ਰਾਂਤ ਦੇ ਸਨਬੋਨੀਫਾਚੋ ਪੁਲਿਸ ਸਟੇਸ਼ਨ ਵਿਖੇ ਬਤੌਰ ਲੋਕਲ ਪੁਲਿਸ ਐਪੀਸੋਡਿਕ ਏਜੰਟ ਆਪਣੀਆਂ ਸੇਵਾਵਾਂ ਪ੍ਰਦਾਨ ਕਰੇਗੀ। ਉਹ ਖਟਕੜ ਕਲਾਂ ਪਿੰਡ ਦੇ ਸਵਰਗੀ ਹਰਦੀਪ ਸਿੰਘ ਅਤੇ ਮਾਤਾ ਬਲਵਿੰਦਰ ਕੌਰ ਦੀ ਧੀ ਹੈ। ਹਰਪ੍ਰੀਤ ਕੌਰ ਦਾ ਜਨਮ ਰੋਮ (ਇਟਲੀ) ਵਿਚ ਹੋਇਆ ਸੀ। • ਬਾਕੀ ਸਫ਼ਾ 2 'ਤੇ

## ਐਂਟਰੀ ਟੈਕਸ ਹਟਾਇਆ ਨਹੀਂ ਜਾਵੇਗਾ: ਸੁੱਖੂ

ਜ਼ਿਕਰ ਪੰਜਾਬ

**ਸ਼ਿਮਲਾ :** ਹਿਮਾਚਲ ਐਂਟਰੀ ਟੈਕਸ ਹਟਾਉਣ ਨੂੰ ਉਦੋਂ ਵਿਰਾਮ ਲੱਗ ਗਿਆ ਜਦੋਂ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਇਸ ਨੂੰ ਹਟਾਉਣ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਹਿਮਾਚਲ ਐਂਟਰੀ ਟੈਕਸ ਨੂੰ ਬੰਦ ਨਹੀਂ ਕੀਤਾ ਜਾ ਸਕਦਾ। ਵਾਹਨਾਂ ਦੇ ਲੱਗੇ ਟੈਕਸ ਨੂੰ ਘਟਾਇਆ ਜਾ ਸਕਦਾ ਹੈ । ਇਸ ਸਬੰਧੀ ਉਨ੍ਹਾਂ ਸਬੰਧਿਤ ਵਿਭਾਗ ਅਤੇ ਠੇਕੇਦਾਰ ਨੂੰ ਟੈਕਸ ਘਟਾਉਣ ਦੀਆਂ ਹਦਾਇਤਾਂ ਜਾਰੀ ਕਰ ਦਿੱਤੀਆਂ ਹਨ । ਦੂਜੇ ਪਾਸੇ ਹਿਮਾਚਲ ਪ੍ਰਦੇਸ਼ ਸਰਕਾਰ ਦੇ ਬੁਲਾਰੇ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਨਾਲ ਲੱਗਦੇ ਸਰਹਦੀ ਪੰਜਾਬ ਦੇ ਪਿੰਡ ਜੋ 5 ਕਿਲੋਮੀਟਰ ਦੇ ਘੇਰੇ ਵਿੱਚ ਆਉਂਦੇ ਹਨ ਉਨ੍ਹਾਂ ਨੂੰ ਹਿਮਾਚਲ ਐਂਟਰੀ ਟੈਕਸ ਤੋਂ ਛੋਟ ਦਿੱਤੀ ਗਈ ਹੈ। ਇਸ ਸਬੰਧੀ ਸਰਹੱਦੀ ਪਿੰਡਾਂ ਦੇ ਲੋਕਾਂ ਦੇ ਵਾਹਨਾਂ ਦੇ ਹਿਮਾਚਲ ਐਂਟਰੀ ਪਾਸ ਜਲਦੀ ਬਣਨੇ ਸ਼ੁਰੂ ਹੋ ਜਾਣਗੇ। ਮੁੱਖ



ਮੰਤਰੀ ਸੁਖਵਿੰਦਰ ਸਿੰਘ ਸੁਖੂ ਦੇ ਇਸ ਬਿਆਨ ਨੂੰ ਲੈ ਕੇ ਨੰਗਲ ਦੇ ਸਾਬਕਾ ਕੌਂਸਲਰ ਐਡਵੋਕੇਟ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਹੁਣ ਪੰਜਾਬ ਨੂੰ ਆਪਣੀਆਂ ਹੱਦਾਂ 'ਤੇ ਟੌਲ ਟੈਕਸ ਲਗਾਉਣੇ ਚਾਹੀਦੇ ਹਨ । ਉਹਨਾਂ ਕਿਹਾ ਕਿ ਨਗਰ ਕੌਂਸਲ ਵੱਲੋਂ ਪੰਜਾਬ ਦੀ ਸਰਹੱਦ ਨਾਲ ਲੱਗਦੇ ਮਹਿਤਪੁਰ ਏਰੀਏ ਵਿੱਚ ਪੰਜਾਬ ਵਾਲੇ ਪਾਸੇ ਟੌਲ ਟੈਕਸ ਲਗਾਉਣ ਲਈ ਇਕ ਮਤਾ ਪਾਸ ਕੀਤਾ ਗਿਆ ਸੀ ਜਿਸ ਨੂੰ ਉਹਨਾਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੋਂ ਲਾਗੂ ਕਰਨ ਦੀ ਮੰਗ ਕੀਤੀ ਹੈ।

## ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ : 25 ਜੂਨ ਤੋਂ ਬਾਅਦ ਰਜਿਸਟਰਡ ਔਰਤਾਂ ਨੂੰ 1 ਅਗਸਤ ਮਿਲਣਗੇ ਪੈਸੇ

ਜ਼ਿਕਰ ਪੰਜਾਬ

**ਚੰਡੀਗੜ੍ਹ :** ਪੰਜਾਬ ਦੀ ਆਮ ਆਦਮੀ ਪਾਰਟੀ (ਆਪ) ਸਰਕਾਰ ਵੱਲੋਂ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਲਈ ਸ਼ੁਰੂ ਕੀਤੀ ਗਈ ਨਿਵੇਕਲੀ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੇ ਭੁਗਤਾਨ ਸਬੰਧੀ ਇੱਕ ਅਹਿਮ ਪ੍ਰਸ਼ਾਸਨਿਕ ਫੈਸਲਾ ਲਿਆ ਗਿਆ ਹੈ। ਨਵੇਂ ਨਿਯਮਾਂ ਮੁਤਾਬਕ, ਜਿਹੜੀਆਂ ਯੋਗ ਔਰਤਾਂ ਨੇ 25 ਜੂਨ ਤੋਂ ਬਾਅਦ ਇਸ ਸਕੀਮ ਲਈ ਆਪਣੀ ਰਜਿਸਟ?ਰੇਸ਼ਨ ਕਰਵਾਈ ਹੈ, ਉਨ੍ਹਾਂ ਦੇ ਖਾਤਿਆਂ ਵਿੱਚ ਆਉਂਦੀ 1 ਅਗਸਤ ਨੂੰ ਤਿੰਨ ਮਹੀਨਿਆਂ ਦੀ ਵਿੱਤੀ ਸਹਾਇਤਾ ਇਕੱਠੀ ਭੇਜੀ ਜਾਵੇਗੀ। ਇਸ ਤਹਿਤ ਲਾਭਪਾਤਰੀਆਂ ਨੂੰ ਜੁਲਾਈ, ਅਗਸਤ ਅਤੇ ਸਤੰਬਰ ਮਹੀਨੇ ਦਾ ਬਕਾਇਆ ਇਕੱਠਾ ਟ੍ਰਾਂਸਫਰ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ 25 ਜੂਨ ਤੱਕ ਫਾਰਮ ਭਰਨ ਵਾਲੀਆਂ ਔਰਤਾਂ ਨੂੰ ਸਰਕਾਰ ਵੱਲੋਂ ਪਹਿਲਾਂ ਹੀ ਤਿੰਨ ਮਹੀਨਿਆਂ ਦੀ ਪੇਸ਼ਗੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਦੱਸਣਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੰਘੀ 1 ਜੁਲਾਈ ਨੂੰ ਸੰਗਰੂਰ ਜ਼ਿਲ੍ਹੇ ਦੇ ਹਲਕਾ ਧੂਰੀ ਤੋਂ ਇੱਕ ਰਾਜ ਪੱਧਰੀ ਸਮਾਗਮ ਦੌਰਾਨ ਇਸ ਯੋਜਨਾ ਦਾ ਰਸਮੀ ਆਗਾਜ਼



ਕੀਤਾ ਸੀ। ਸ਼ੁਰੂਆਤੀ ਪੜਾਅ ਤਹਿਤ ਆਮ ਸ਼੍ਰੇਣੀ ਦੀਆਂ ਲਾਭਪਾਤਰੀ ਔਰਤਾਂ ਦੇ ਬੈਂਕ ਖਾਤਿਆਂ ਵਿੱਚ 3,000 ਰੁਪਏ ਅਤੇ ਅਨੁਸੂਚਿਤ ਜਾਤੀ ਸ਼੍ਰੇਣੀ ਨਾਲ ਸਬੰਧਤ ਔਰਤਾਂ ਦੇ ਖਾਤਿਆਂ ਵਿੱਚ 4,500 ਰੁਪਏ ਦੀ ਪਹਿਲੀ ਕਿਸ਼ਤ ਸਿੱਧੇ ਤੌਰ 'ਤੇ ਡੀ.ਬੀ.ਟੀ. ਰਾਹੀਂ ਭੇਜੀ ਗਈ ਹੈ। ਹੁਣ ਤੱਕ ਰਾਜ ਦੀਆਂ 36 ਲੱਖ ਤੋਂ ਵਧੇਰੇ ਔਰਤਾਂ ਇਸ ਸਕੀਮ ਦਾ ਲਾਭ ਲੈਣ ਲਈ ਆਪਣੇ ਆਪ ਨੂੰ ਰਜਿਸਟਰ ਕਰਵਾ ਚੁੱਕੀਆਂ ਹਨ। ਸਰਕਾਰੀ ਤਰਜਮਾਨ ਨੇ ਸਪੱਸ਼ਟ ਕੀਤਾ ਹੈ ਕਿ ਜਿਹੜੀਆਂ ਔਰਤਾਂ ਆਉਣ ਵਾਲੇ ਦਿਨਾਂ ਵਿੱਚ ਅਪਲਾਈ ਕਰਨਗੀਆਂ, ਉਨ੍ਹਾਂ ਦੇ ਦਸਤਾਵੇਜ਼ਾਂ ਦੀ ਪੜਤਾਲ ਅਤੇ ਤਸਦੀਕ ਪ੍ਰਕਿਰਿਆ ਮੁਕੰਮਲ ਹੁੰਦੇ ਹੀ ਲਾਭ ਮਿਲਣਾ ਸ਼ੁਰੂ ਹੋ ਜਾਵੇਗਾ। 18 ਸਾਲ ਤੋਂ ਵੱਧ ਉਮਰ ਦੀ ਹਰ ਯੋਗ ਮਹਿਲਾ ਨੂੰ ਰਾਸ਼ੀ ਖਾਤੇ ਵਿੱਚ ਜਮ੍ਹਾਂ ਹੋਣ 'ਤੇ ਉਸ ਦੇ ਰਜਿਸਟਰਡ ਮੋਬਾਈਲ ਫ਼ੋਨ 'ਤੇ ਸੂਚਨਾ ਦਾ ਸੁਨੇਹਾ ਮਿਲੇਗਾ। ਭ੍ਰਿਸ਼ਟਾਚਾਰ ਨੂੰ ਨੱਥ ਪਾਉਣ ਲਈ ਇਹ ਪੈਸਾ ਬਿਨਾਂ ਕਿਸੇ ਵਿਚੋਲੇ, ਕਮਿਸ਼ਨ ਜਾਂ ਕਟੌਤੀ ਦੇ ਸਿੱਧਾ ਲਾਭਪਾਤਰੀ ਦੇ ਬੈਂਕ ਖਾਤੇ ਦੀ ਜ਼ੀਨਤ ਬਣੇਗਾ। ਸਰਕਾਰ ਨੇ ਇਹ ਵੀ ਸਾਫ਼ ਕਰ ਦਿੱਤਾ ਹੈ ਕਿ ਸੂਬੇ ਦੀਆਂ ਅਜਿਹੀਆਂ ਬਜ਼ੁਰਗ, • ਬਾਕੀ ਸਫ਼ਾ 2 'ਤੇ

## ਪਦਮ ਵਿਭੂਸ਼ਣ ਪਾਂਡਵਾਨੀ ਗਾਇਕਾ ਤੀਜਨ ਬਾਈ ਦਾ ਦੇਹਾਂਤ, ਪ੍ਰਧਾਨ ਮੰਤਰੀ ਵੱਲੋਂ ਦੁੱਖ ਦਾ ਪ੍ਰਗਟਾਵਾ

ਜ਼ਿਕਰ ਪੰਜਾਬ

**ਰਾਏਪੁਰ :** ਛੱਤੀਸਗੜ੍ਹ ਦੀ ਰਵਾਇਤੀ ਲੋਕ ਕਲਾ 'ਪਾਂਡਵਾਨੀ' ਨੂੰ ਦੇਸ਼-ਵਿਦੇਸ਼ਾਂ ਵਿੱਚ ਬੁਲੰਦੀਆਂ 'ਤੇ ਪਹੁੰਚਾਉਣ ਵਾਲੀ ਪ੍ਰਸਿੱਧ ਲੋਕ ਗਾਇਕਾ ਤੀਜਨ ਬਾਈ ਦਾ ਐਤਵਾਰ ਨੂੰ ਲੰਮੀ ਬਿਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ। ਉਹ 70 ਸਾਲਾਂ ਦੇ ਸਨ । ਡਾਕਟਰਾਂ ਮੁਤਾਬਕ ਉਨ੍ਹਾਂ ਨੇ ਰਾਏਪੁਰ ਦੇ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਵਿੱਚ ਆਖਰੀ ਸਾਹ ਲਏ। ਏਮਜ਼ ਦੇ ਇੱਕ ਸੀਨੀਅਰ ਡਾਕਟਰ ਨੇ ਦੱਸਿਆ ਕਿ ਪਦਮ ਵਿਭੂਸ਼ਣ ਨਾਲ ਸਨਮਾਨਿਤ ਤੀਜਨ ਬਾਈ 27 ਮਈ ਤੋਂ ਹਸਪਤਾਲ ਵਿੱਚ ਜ਼ੇਰੇ-ਇਲਾਜ ਸਨ ਅਤੇ ਐਤਵਾਰ ਤੜਕੇ 3:15 ਵਜੇ ਉਨ੍ਹਾਂ ਦਾ ਦੇਹਾਂਤ ਹੋ ਗਿਆ। ਉਨ੍ਹਾਂ ਦੇ ਤੁਰ ਜਾਣ ਨਾਲ ਦੇਸ਼ ਦੇ ਸੱਭਿਆਚਾਰਕ ਅਤੇ ਲੋਕ ਕਲਾ ਦੇ ਖੇਤਰ ਵਿੱਚ ਇੱਕ ਅਜਿਹਾ ਘਾਟਾ ਪਿਆ ਹੈ, ਜਿਸ ਨੂੰ ਕਦੇ ਪੂਰਿਆ ਨਹੀਂ ਜਾ ਸਕਦਾ।



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਤੀਜਨ ਬਾਈ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨੇ ਤੀਜਨ ਬਾਈ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਛੱਤੀਸਗੜ੍ਹ ਦੀ ਲੋਕ ਕਲਾ ਨੂੰ ਵਿਸ਼ਵ ਪੱਧਰ 'ਤੇ ਇੱਕ ਵਿਲੱਖਣ ਪਛਾਣ ਦਿਵਾਈ। ਛੱਤੀਸਗੜ੍ਹ ਦੇ ਦੁਰਗ ਜ਼ਿਲ੍ਹੇ ਨਾਲ ਸਬੰਧਿਤ ਤੀਜਨ ਬਾਈ ਨੂੰ 'ਪਾਂਡਵਾਨੀ' ਕਲਾ ਦੀ ਸਭ ਤੋਂ ਮੋਹਰੀ ਹਸਤੀ ਮੰਨਿਆ • ਬਾਕੀ ਸਫ਼ਾ 2 'ਤੇ

## ਹੁਸ਼ਿਆਰਪੁਰ ਨਗਰ ਨਿਗਮ ਚੋਣਾਂ : 35 'ਚ 'ਆਪ' ਤੇ 9 ਵਾਰਡਾਂ 'ਚ ਕਾਂਗਰਸ ਜੇਤੂ

### 3-3 ਵਾਰਡਾਂ 'ਚ ਭਾਰਤੀ ਜਨਤਾ ਪਾਰਟੀ ਦੇ ਅਤੇ ਆਜ਼ਾਦ ਉਮੀਦਵਾਰ ਰਹੇ ਜੇਤੂ

ਜ਼ਿਕਰ ਪੰਜਾਬ

**ਹੁਸ਼ਿਆਰਪੁਰ :** ਸਥਾਨਕ ਨਗਰ ਨਿਗਮ ਦੇ 50 ਵਾਰਡਾਂ ਲਈ ਅੱਜ ਪਈਆਂ ਵੋਟਾਂ ਦੀ ਗਿਣਤੀ ਉਪਰੰਤ 35 ਵਾਰਡਾਂ ਵਿਚ ਆਮ ਆਦਮੀ ਪਾਰਟੀ, 9 ਵਾਰਡਾਂ ਵਿਚ ਕਾਂਗਰਸ ਪਾਰਟੀ ਦੇ ਉਮੀਦਵਾਰ, 3 ਵਾਰਡਾਂ ਵਿਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ 3 ਵਾਰਡਾਂ ਵਿਚ ਆਜ਼ਾਦ ਉਮੀਦਵਾਰ ਜੇਤੂ ਰਹੇ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਮੁੱਚੀ ਚੋਣ ਪ੍ਰਕਿਰਿਆ ਪੂਰੇ ਸ਼ਾਂਤਮਈ ਅਤੇ ਨਿਰਪੱਖ ਢੰਗ ਨਾਲ ਨੇਪਰੇ ਚੜ੍ਹੀ। ਉਨ੍ਹਾਂ ਦੱਸਿਆ ਕਿ ਸਵੇਰੇ 8:00 ਵਜੇ ਤੋਂ ਸ਼ੁਰੂ ਹੋਈ ਵੋਟਿੰਗ ਸ਼ਾਮ 4:00 ਵਜੇ ਤੱਕ ਜਾਰੀ ਰਹਿਣ ਪਿੱਛੋਂ ਵੋਟਾਂ ਦੀ ਗਿਣਤੀ ਕਰਵਾਈ ਗਈ। ਨਤੀਜਿਆਂ ਅਨੁਸਾਰ ਵਾਰਡ ਨੰਬਰ 1 ਤੋਂ ਆਜ਼ਾਦ ਉਮੀਦਵਾਰ ਰਜਨੀ ਬਾਲਾ ਕੁੱਲ 887 ਵੋਟ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 2 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਰਮੇਸ਼ ਕੁਮਾਰ 765 ਵੋਟਾਂ, ਵਾਰਡ ਨੰਬਰ 3 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਰਜਨੀ ਕੌਰ 774 ਵੋਟਾਂ, ਵਾਰਡ ਨੰਬਰ 4 ਤੋਂ ਭਾਜਪਾ ਦੇ ਉਮੀਦਵਾਰ ਜਤਿੰਦਰ ਸਿੰਘ ਸੈਣੀ 815 ਵੋਟਾਂ, ਵਾਰਡ ਨੰਬਰ 5 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਪ੍ਰਵੀਨ ਸੈਣੀ 1354 ਵੋਟਾਂ, ਵਾਰਡ ਨੰਬਰ 6 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਅਸ਼ੋਕ ਕੁਮਾਰ 994 ਵੋਟਾਂ, ਵਾਰਡ ਨੰਬਰ 7 ਤੋਂ ਆਮ ਆਦਮੀ ਪਾਰਟੀ ਦੇ ਉਮਦੀਵਾਰ ਨਰਿੰਦਰ ਕੌਰ 725 ਵੋਟਾਂ, 8 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਮੁਖੀ ਰਾਮ ਰੱਲ 1141 ਵੋਟਾਂ, 9 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਬਖ਼ਸ਼ ਕੌਰ ਰੱਲ 514 ਵੋਟਾਂ, 10 ਤੋਂ ਆਮ ਆਦਮੀ ਪਾਰਟੀ ਦੇ ਉਮਦੀਵਾਰ ਜਸਪਾਲ ਚੇਚੀ 983 ਵੋਟਾਂ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 11 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਰਿੰਪੀ ਚੌਹਾਨ 707 ਵੋਟਾਂ, ਵਾਰਡ ਨੰਬਰ 12 ਤੋਂ ਆਮ ਆਦਮੀ ਪਾਰਟੀ ਸੰਦੀਪ ਚੇਚੀ 1106 ਵੋਟਾਂ, ਵਾਰਡ ਨੰਬਰ 13 ਤੋਂ ਆਮ ਆਦਮੀ ਪਾਰਟੀ ਜਤਿੰਦਰ ਕੌਰ 902 ਵੋਟਾਂ, ਵਾਰਡ ਨੰਬਰ 14 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਬਲਵਿੰਦਰ ਕੁਮਾਰ 1279 ਵੋਟਾਂ, ਵਾਰਡ ਨੰਬਰ 15 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਚੰਦਰਾਵਤੀ 1188 ਵੋਟਾਂ, ਵਾਰਡ ਨੰਬਰ 16 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਮਲਜੀਤ ਸਿੰਘ 885 ਵੋਟਾਂ , ਵਾਰਡ ਨੰਬਰ 17 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਮਨਪ੍ਰੀਤ ਕੌਰ 1050 ਵੋਟਾਂ, ਵਾਰਡ ਨੰਬਰ 18 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਰਿੰਦਰ ਕੁਮਾਰ ਸ਼ਿੰਦਾ 968 ਵੋਟਾਂ, ਵਾਰਡ ਨੰਬਰ 19 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਮਨਮੀਤ ਕੌਰ 923 ਵੋਟਾਂ, ਵਾਰਡ ਨੰਬਰ 20 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਸਵੰਤ ਰਾਏ 717 ਵੋਟਾਂ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 21 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਰਾਜ ਰਾਣੀ ਬੈਂਸ 822 ਵੋਟਾਂ, ਵਾਰਡ ਨੰਬਰ 22 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਿੰਦਰ ਸਿੰਘ 470 ਵੋਟਾਂ, ਵਾਰਡ ਨੰਬਰ 23 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਬਲਜੀਤ ਕੌਰ 907 ਵੋਟਾਂ, ਵਾਰਡ ਨੰਬਰ 24 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਬਲਵਿੰਦਰ ਕੌਰ 816 ਵੋਟਾਂ, ਵਾਰਡ ਨੰਬਰ 25 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਬਲਜੀਤ ਕੌਰ 795 ਵੋਟਾਂ, ਵਾਰਡ ਨੰਬਰ 26 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਜੇ ਕੁਮਾਰ 979 ਵੋਟਾਂ, ਵਾਰਡ ਨੰਬਰ 27 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਮਨਜੋਤ ਕੌਰ 627 ਵੋਟਾਂ, ਵਾਰਡ ਨੰਬਰ 28 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੁਲਵਿੰਦਰ ਸਿੰਘ 991 ਵੋਟਾਂ, ਵਾਰਡ ਨੰਬਰ 29 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਨੀਰਜ ਰਾਣੀ 895 ਵੋਟਾਂ, ਵਾਰਡ ਨੰਬਰ 30 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਬਲਵਿੰਦਰ ਕੁਮਾਰ 896 ਵੋਟਾਂ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 31 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਨਵਜੋਤ ਕਟੋਚ 560 ਵੋਟਾਂ, ਵਾਰਡ ਨੰਬਰ 32 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਅਲਕਾ 487 ਵੋਟਾਂ, ਵਾਰਡ ਨੰਬਰ 33 ਤੋਂ ਆਜ਼ਾਦ ਉਮੀਦਵਾਰ ਰਣਜੀਤ ਚੌਧਰੀ 637 ਵੋਟਾਂ, ਵਾਰਡ ਨੰਬਰ 34 ਤੋਂ ਆਮ ਆਦਮੀ ਪਾਰਟੀ ਦੇ ਉਮੀਵਾਰ ਰਾਜੇਸ਼ਵਰ ਦਿਆਲ ਬੱਬੀ 921 ਵੋਟਾਂ, ਵਾਰਡ ਨੰਬਰ 35 ਤੋਂ ਆਮ ਆਦਮੀ ਪਾਰਟੀ ਦੀ ਉਮੀਦਾਰ ਹਰਪ੍ਰੀਤ ਕੌਰ 949 ਵੋਟਾਂ, ਵਾਰਡ ਨੰਬਰ 36 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਮੀਨਾ ਕੁਮਾਰੀ 765 ਵੋਟਾਂ, ਵਾਰਡ ਨੰਬਰ 37 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਪਰਮਜੀਤ ਕੌਰ 676 ਵੋਟਾਂ, ਵਾਰਡ ਨੰਬਰ 38 ਤੋਂ ਆਮ ਆਦਮੀ ਪਾਰਟੀ ਪਾਰਟੀ ਦੇ ਉਮੀਦਵਾਰ ਦਰਿਪਨ ਸੈਣੀ 709 ਵੋਟਾਂ, ਵਾਰਡ ਨੰਬਰ 39 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਅੰਜਨਾ ਬਗ਼ਮੀ 598 ਵੋਟਾਂ , ਵਾਰਡ ਨੰਬਰ 40 ਤੋਂ ਆਜ਼ਾਦ ਜਗਵਿੰਦਰ ਸਿੰਘ • ਬਾਕੀ ਸਫ਼ਾ 2 'ਤੇ



## ਜਲਾਲਾਬਾਦ ਤੇ ਮਮਦੋਟ 'ਚ 'ਆਪ' ਅਤੇ ਗੁਰੂਹਰਸਹਾਏ 'ਚ ਕਾਂਗਰਸ ਦਾ ਕਬਜ਼ਾ

ਜ਼ਿਕਰ ਪੰਜਾਬ

**ਫ਼ਿਰੋਜ਼ਪੁਰ :** ਫਿਰੋਜ਼ਪੁਰ ਜ਼ਿਲ੍ਹੇ ਵਿੱਚ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਦੇ ਅੱਜ ਐਲਾਨੇ ਗਏ ਨਤੀਜਿਆਂ ਨੇ ਵੱਖ-ਵੱਖ ਸਿਆਸੀ ਉਲਟ-ਫੇਰ ਦਿਖਾਏ ਹਨ। ਜਿੱਥੇ ਸੱਤਾਧਾਰੀ ਆਮ ਆਦਮੀ ਪਾਰਟੀ ਜਲਾਲਾਬਾਦ ਵਿੱਚ ਆਪਣਾ ਦਬਦਬਾ ਕਾਇਮ ਰੱਖਣ ਵਿੱਚ ਕਾਮਯਾਬ ਰਹੀ, ਉੱਥੇ ਹੀ ਗੁਰੂਹਰਸਹਾਏ ਵਿੱਚ ਕਾਂਗਰਸ ਨੇ ਹੂੰਝਾਫੇਰ ਜਿੱਤ ਦਰਜ ਕੀਤੀ ਹੈ। ਦੂਜੇ ਪਾਸੇ, ਮਮਦੋਟ ਨਗਰ ਪੰਚਾਇਤ ਵਿੱਚ 'ਆਪ' ਅਤੇ ਅਕਾਲੀ ਦਲ ਦਰਮਿਆਨ ਮੁਕਾਬਲਾ ਦੇਖਣ ਨੂੰ ਮਿਲਿਆ। ਇਸ ਪੂਰੀ ਚੋਣ ਪ੍ਰਕਿਰਿਆ ਦੌਰਾਨ ਭਾਰਤੀ ਜਨਤਾ ਪਾਰਟੀ ਨੂੰ ਵੱਡਾ ਝਟਕਾ ਲੱਗਾ। ਭਾਜਪਾ ਇੱਕ ਵੀ ਸੀਟ ਜਿੱਤਣ ਵਿੱਚ ਨਾਕਾਮ ਰਹੀ। ਜਲਾਲਾਬਾਦ ਨਗਰ ਕੌਂਸਲ ਵਿੱਚ ਸੱਤਾਧਾਰੀ 'ਆਪ' ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕੁੱਲ 17 ਵਾਰਡਾਂ ਵਿੱਚੋਂ 12 'ਤੇ ਸ਼ਾਨਦਾਰ ਜਿੱਤ ਦਰਜ ਕੀਤੀ ਹੈ। ਇੱਥੇ ਮੁੱਖ ਵਿਰੋਧੀ ਪਾਰਟੀ ਕਾਂਗਰਸ ਨੂੰ 4 ਵਾਰਡਾਂ ਵਿੱਚ ਸਫ਼ਲਤਾ ਮਿਲੀ, ਜਦੋਂ ਕਿ ਅਕਾਲੀ ਦਲ ਮਹਿਜ਼ 1 ਸੀਟ 'ਤੇ ਸਿਮਟ ਕੇ ਰਹਿ ਗਿਆ। ਭਾਜਪਾ ਇੱਥੇ ਆਪਣਾ ਖ਼ਾਤਾ ਵੀ ਨਹੀਂ ਖੋਲ੍ਹ ਸਕੀ। ਇਹ ਨਤੀਜਾ ਇਸ ਖੇਤਰ ਵਿੱਚ ਸੱਤਾਧਾਰੀ ਧਿਰ ਦੇ ਹੌਸਲੇ ਬੁਲੰਦ ਕਰਨ ਵਾਲਾ ਹੈ।

> **ਮਮਦੋਟ ਨਗਰ ਪੰਚਾਇਤ ਵਿੱਚ 'ਆਪ' ਬਣੀ ਸਭ ਤੋਂ ਵੱਡੀ ਪਾਰਟੀ; ਅਕਾਲੀ ਦਲ ਨੇ 4 ਸੀਟਾਂ 'ਤੇ ਮਾਰੀ ਬਾਜ਼ੀ**

ਗੁਰੂਹਰਸਹਾਏ ਨਗਰ ਕੌਂਸਲ ਚੋਣਾਂ ਵਿੱਚ ਵੱਡਾ ਉਲਟਫੇਰ ਦੇਖਣ ਨੂੰ ਮਿਲਿਆ, ਜਿੱਥੇ ਕਾਂਗਰਸ ਨੇ ਵਿਰੋਧੀਆਂ ਦਾ ਸਫ਼ਾਇਆ ਕਰਦੇ ਹੋਏ 15 ਵਿੱਚੋਂ 13 ਵਾਰਡਾਂ 'ਤੇ ਹੂੰਝਾਫੇਰ ਜਿੱਤ ਹਾਸਲ ਕੀਤੀ। ਬਾਕੀ ਬਚੀਆਂ 2 ਸੀਟਾਂ ਸ਼੍ਰੋਮਣੀ ਅਕਾਲੀ ਦਲ ਦੇ ਖ਼ਾਤੇ ਵਿੱਚ ਗਈਆਂ। ਹਲਕੇ ਦੇ ਕਈ ਵੱਡੇ ਆਗੂਆਂ ਦੀ ਮੌਜੂਦਗੀ ਦੇ ਬਾਵਜੂਦ ਇੱਥੇ 'ਆਪ' ਅਤੇ ਭਾਜਪਾ ਦੋਵੇਂ ਹੀ ਸਿਫ਼ਰ 'ਤੇ ਰਹੀਆਂ, ਜਿਸ ਕਾਰਨ ਕਾਂਗਰਸ ਦੀ ਇਸ ਜਿੱਤ ਨੂੰ ਜ਼ਿਲ੍ਹੇ ਦੇ ਸਭ ਤੋਂ ਫੈਸਲਾਕੁੰਨ ਨਤੀਜਿਆਂ ਵਿੱਚੋਂ ਇੱਕ ਮੰਨਿਆ ਜਾ ਰਿਹਾ ਹੈ। 13 ਮੈਂਬਰੀ ਮਮਦੋਟ ਨਗਰ ਪੰਚਾਇਤ ਵਿੱਚ ਆਮ ਆਦਮੀ ਪਾਰਟੀ 9 ਸੀਟਾਂ ਜਿੱਤ ਕੇ ਸਭ ਤੋਂ ਵੱਡੀ ਪਾਰਟੀ ਵਜੋਂ ਉੱਭਰੀ ਹੈ। ਜ਼ਿਕਰਯੋਗ ਹੈ ਕਿ ਚੋਣਾਂ ਤੋਂ ਪਹਿਲਾਂ ਹੀ 'ਆਪ' ਦੇ 9 ਉਮੀਦਵਾਰ ਅਤੇ ਅਕਾਲੀ ਦਲ ਦੇ 2 ਉਮੀਦਵਾਰ ਬਿਨਾਂ ਮੁਕਾਬਲਾ ਜੇਤੂ ਐਲਾਨੇ ਜਾ ਚੁੱਕੇ ਸਨ। ਬਾਕੀ ਬਚੇ 2 ਵਾਰਡਾਂ ਲਈ ਅੱਜ ਐਤਵਾਰ ਨੂੰ ਹੋਈ ਵੋਟਿੰਗ ਦੌਰਾਨ ਦੋਵਾਂ ਸੀਟਾਂ 'ਤੇ ਅਕਾਲੀ ਦਲ ਦੇ ਉਮੀਦਵਾਰਾਂ ਨੇ ਜਿੱਤ ਦਰਜ ਕੀਤੀ, ਜਿਸ ਨਾਲ 13 ਮੈਂਬਰੀ ਕੌਂਸਲ ਵਿੱਚ ਅਕਾਲੀ ਦਲ ਦੇ ਮੈਂਬਰਾਂ ਦੀ ਗਿਣਤੀ ਵੱਧ ਕੇ 4 ਹੋ ਗਈ ਹੈ। ਨਾਮਜ਼ਦਗੀ ਪ੍ਰਕਿਰਿਆ ਦੌਰਾਨ ਹੋਈ ਹਿੰਸਾ ਦੇ ਮੱਦੇਨਜ਼ਰ ਅੱਜ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ, ਜਿਸ ਸਦਕਾ ਵੋਟਿੰਗ ਪੂਰੀ ਤਰ੍ਹਾਂ ਸ਼ਾਂਤੀਪੂਰਵਕ ਨੇਪਰੇ ਚੜ੍ਹੀ।

## ਚਲਦੀ ਬੱਸ ਦੇ ਅੰਦਰ ਚੱਟਾਨ ਆ ਵੜੀ, 1 ਮੌਤ 5 ਜ਼ਖ਼ਮੀ

ਜ਼ਿਕਰ ਪੰਜਾਬ

**ਚੰਬਾ** : ਹਿਮਾਚਲ ਪ੍ਰਦੇਸ਼ ਵਿੱਚ ਚੰਬਾ-ਭਰਮੌਰ ਕੌਮੀ ਸ਼ਾਹਰਾਹ 154 ਏ 'ਤੇ ਇੱਕ ਚਲਦੀ ਬੱਸ ਦੇ ਅੰਦਰ ਚੱਟਾਨ ਆ ਵੜੀ । ਪਹਾੜੀ ਤੋਂ ਡਿੱਗੇ ਇੱਕ ਭਾਰੀ-ਭਰਕਮ ਪੱਥਰ ਦੀ ਲਪੇਟ ਵਿੱਚ ਆਉਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ, ਜਦੋਂ ਕਿ ਪੰਜ ਹੋਰ ਜ਼ਖ਼ਮੀ ਹਨ। ਗੈਹਰਾ ਦੇ ਨੇੜੇ ਐਤਵਾਰ ਸਵੇਰੇ ਇਹ ਦਰਦਨਾਕ ਘਟਨਾ ਵਾਪਰੀ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਲੋਕ ਭਰਮੌਰ ਸਥਿਤ ਸ਼ਿਵ ਮੰਦਰ ਚੌਰਾਸੀ ਵਿੱਚ 'ਸ਼ਿਵ ਨੁਆਲਾ' ਕਰਵਾਉਣ ਤੋਂ ਬਾਅਦ ਪਰਤ ਰਹੇ ਸਨ, ਜਿਸ ਦੌਰਾਨ ਇਹ ਹਾਦਸਾ ਹੋ ਗਿਆ। ਜਿਵੇਂ ਹੀ ਸ਼ਰਧਾਲੂਆਂ ਨਾਲ ਭਰੀ ਬੱਸ 'ਬੱਤੀ ਕੀ ਹੱਟੀ' ਦੇ ਨੇੜੇ ਪਹੁੰਚੀ ਤਾਂ ਅਚਾਨਕ ਪਹਾੜੀ ਤੋਂ ਪੱਥਰ ਡਿੱਗਣ ਕਾਰਨ ਬੱਸ ਦਾ ਪਿਛਲਾ ਹਿੱਸਾ ਉਸ ਦੀ ਲਪੇਟ ਵਿੱਚ ਆ ਗਿਆ। ਪੱਥਰ ਬੱਸ ਦਾ ਸ਼ੀਸ਼ਾ ਤੋੜ ਕੇ ਅੰਦਰ ਜਾ ਵੜੇ, ਜਿਸ ਦੀ ਲਪੇਟ ਵਿੱਚ ਆਉਣ ਨਾਲ 6 ਯਾਤਰੀ ਜ਼ਖ਼ਮੀ ਹੋ ਗਏ। ਇਸ ਦੌਰਾਨ ਬੱਸ ਵਿੱਚ ਮੌਜੂਦ ਸਾਰੇ ਸ਼ਰਧਾਲੂਆਂ ਵਿੱਚ ਅਫ਼ਰਾ-ਤਫ਼ਰੀ ਮਚ ਗਈ ਅਤੇ ਚੀਕ-ਚਿਹਾੜਾ ਪੈ ਗਿਆ। ਜ਼ਖ਼ਮੀਆਂ ਨੂੰ ਤੁਰੰਤ ਦੂਜੀ ਗੱਡੀ ਰਾਹੀਂ ਇਲਾਜ ਲਈ ਮੈਡੀਕਲ ਕਾਲਜ ਚੰਬਾ ਭੇਜਿਆ ਗਿਆ, ਪਰ ਇੱਕ ਸ਼ਰਧਾਲੂ ਦੀ ਰਸਤੇ ਵਿੱਚ ਹੀ ਮੌਤ ਹੋ ਗਈ।

# ਡੀ.ਸੀ. ਦਫਤਰਾਂ ਦੇ ਕਰਮਚਾਰੀਆਂ ਵੱਲੋਂ 9 ਜੁਲਾਈ ਤੋਂ ਕਲਮਛੋੜ/ਕੰਪਿਊਟਰ ਬੰਦ ਹੜਤਾਲ ਦਾ ਐਲਾਨ

### ਕਾਮਿਆਂ ਨੇ ਮੰਗਾਂ ਪੂਰੀਆਂ ਨਾਂ ਹੋਣ ਤੇ ਫੜਿਆ ਸੰਘਰਸ਼ ਦਾ ਰਸਤਾ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਡੀ.ਸੀ. ਦਫਤਰ ਕਰਮਚਾਰੀ ਯੂਨੀਅਨ ਦੀ ਇੱਕ ਸੂਬਾ ਪੱਧਰੀ ਮੀਟਿੰਗ ਅੱਜ ਮੋਗਾ ਵਿਖੇ ਸੂਬਾ ਪ੍ਰਧਾਨ ਤੇਜਿੰਦਰ ਸਿੰਘ ਨੰਗਲ ਅਤੇ ਸੂਬਾ ਸਕੱਤਰ ਨਰਿੰਦਰ ਸਿੰਘ ਚੀਮਾ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਪੰਜਾਬ ਭਰ ਦੇ ਸੂਬਾ ਆਗੂਆਂ ਦੇ ਨਾਲ-ਨਾਲ ਜ਼ਿਲ੍ਹਾ ਪ੍ਰਧਾਨਾਂ ਅਤੇ ਜਨਰਲ ਸਕੱਤਰਾਂ ਨੇ ਭਾਗ ਲਿਆ। ਇਸ ਮੌਕੇ ਸੂਬਾ ਪ੍ਰਧਾਨ ਅਤੇ ਸੂਬਾ ਸਕੱਤਰ ਨੇ ਦੱਸਿਆ ਕਿ ਡੀ.ਸੀ. ਦਫਤਰਾਂ ਵਿੱਚ ਸੀਨੀਅਰ ਸਹਾਇਕ ਦਾ ਪ੍ਰਮੋਸ਼ਨ ਕੋਟਾ 100% ਕਰਨਾ ਅਤੇ ਖਾਲੀ ਪਈਆਂ ਅਸਾਮੀਆਂ ਨੂੰ ਪ੍ਰਮੋਸ਼ਨ ਰਾਹੀਂ ਭਰਨਾ, ਸੁਪਰਡੈਂਟ ਗ੍ਰੇਡ-2 (ਮਾਲ ਤੇ ਰਿਕਾਰਡ) ਤੋਂ ਤਹਿਸੀਲਦਾਰ ਤਰੱਕੀ ਲਈ ਤਜਰਬਾ ਘਟਾ ਕੇ 2 ਸਾਲ ਕਰਨਾ, ਸੀਨੀਅਰ ਸਹਾਇਕ ਤੋਂ ਨਾਇਬ ਤਹਿਸੀਲਦਾਰ ਪ੍ਰਮੋਸ਼ਨ ਲਈ ਕੋਟਾ ਵਧਾ ਕੇ 25 ਪ੍ਰਤੀਸ਼ਤ ਕਰਨਾ, ਸੁਪਰਡੈਂਟ ਗ੍ਰੇਡ-2 (ਮਾਲ ਤੇ ਰਿਕਾਰਡ) ਤੋਂ ਤਹਿਸੀਲਦਾਰ ਤਰੱਕੀ ਲਈ ਪਹੁੰਚੇ ਪੈਨਲ ਅਨੁਸਾਰ ਤਰੱਕੀਆਂ ਕਰਨਾ, ਤਹਿਸੀਲਾਂ ਵਿੱਚ ਸੁਪਰਡੈਂਟ (ਮਾਲ ਤੇ ਰਿਕਾਰਡ) ਅਸਾਮੀ ਦੀ ਰਚਨਾ ਕਰਨਾ, ਜ਼ਿਲ੍ਹਾ ਮਾਲ ਅਫਸਰਾਂ ਦੀਆਂ ਅਦਾਲਤਾਂ ਵਿੱਚ ਰੀਡਰ ਦੀ ਪੋਸਟ ਸੀਨੀਅਰ ਸਹਾਇਕ ਦੀ ਕਰਨਾ ਅਤੇ ਨਾਲ ਇੱਕ ਅਹਿਲਮਦ (ਕਲਰਕ) ਦੀ ਅਸਾਮੀ ਦੀ ਰਚਨਾ



ਕਰਨਾ, ਡੀ.ਸੀ. ਦਫਤਰਾਂ ਦੇ ਸੁਪਰਡੈਂਟ ਗ੍ਰੇਡ-1 ਦੀ ਅਗਲੀ ਪ੍ਰਮੋਸ਼ਨ ਡਵੀਜ਼ਨ ਪੱਧਰ ਤੇ ਅਧੀਨ ਸਕੱਤਰ ਵਜੋਂ ਕਰਨਾ, ਨਾਰਮਜ਼ ਅਨੁਸਾਰ ਡੀ.ਸੀ. ਦਫਤਰਾਂ, ਐਸ.ਡੀ.ਐਮ., ਤਹਿਸੀਲ ਅਤੇ ਸਬ ਤਹਿਸੀਲ ਦਫਤਰਾਂ ਵਿੱਚ ਅਸਾਮੀਆਂ ਦੀ ਰਚਨਾ ਕਰਨਾ, ਅੰਤਰ ਜ਼ਿਲ੍ਹਾ ਬਦਲੀਆਂ ਸਬੰਧੀ ਦੋਨਾਂ ਜ਼ਿਲਿਆਂ ਪਾਸੋਂ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਹੋਣ ਵਾਲੇ ਕਰਮਚਾਰੀਆਂ ਦੀਆਂ ਬਦਲੀਆਂ ਸਬੰਧੀ ਹੁਕਮ ਜਾਰੀ ਕਰਨ, ਰਜਿਸਟਰੀ ਕਲਰਕ ਦੇ ਪੇਪਰ ਪਾਸ ਸਮੂਹ ਕਰਮਚਾਰੀਆਂ ਨੂੰ ਹੀ ਰਜਿਸਟਰੀ ਕਲਰਕ ਤਾਇਨਾਤ ਕਰਨ, ਡੀ.ਸੀ. ਦਫਤਰਾਂ, ਐਸ.ਡੀ.ਐਮ., ਤਹਿਸੀਲ ਅਤੇ ਸਬ ਤਹਿਸੀਲ ਦਫਤਰਾਂ ਦੇ ਕਰਮਚਾਰੀਆਂ ਨੂੰ 5% ਪ੍ਰਸ਼ਾਸ਼ਕੀ ਭੱਤਾ ਦੇਣ ਬਾਰੇ, ਸੁਪਰਡੈਂਟ ਗ੍ਰੇਡ-1 ਦੀਆਂ ਖਾਲੀ ਪਈਆਂ ਅਸਾਮੀਆਂ ਤੇ ਪ੍ਰਮੋਸ਼ਨਾ ਕਰਨਾ, ਆਊਟਸੋਰਸ ਅਤੇ ਠੇਕੇ ਤੇ ਕੰਮ ਕਰਦੇ ਕਰਮਚਾਰੀਆਂ ਦੀ ਤਨਖਾਹ ਵਿੱਚ ਵਾਧਾ ਕਰਨ ਅਤੇ ਪੱਕੇ ਕਰਨਾ, ਮਿਤੀ 17-07-2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਪਹਿਲੇ ਕਰਮਚਾਰੀਆਂ ਦੀ ਤਰ੍ਹਾਂ ਬਣਦੀ ਮੁੱਢਲੀ ਤਨਖਾਹ ਦੇਣਾ, ਪੁਰਾਣੀ ਪੈਨਸ਼ਨ, ਏ.ਸੀ.ਪੀ. ਸਕੀਮ ਬਹਾਲ ਕਰਨ ਅਤੇ 18% ਡੀ.ਏ. ਦੀਆਂ ਕਿਸ਼ਤਾਂ ਜਾਰੀ ਕਰਨਾ, ਜੱਥੇਬੰਦੀ ਦੇ ਸੂਬਾ ਪ੍ਰਧਾਨ ਤੇਜਿੰਦਰ ਸਿੰਘ ਨੰਗਲ ਤੇ ਥਾਣਾ ਜੰਡਿਆਲਾ ਗੁਰੂ, ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪੁਲਿਸ ਪਾਰਟੀ ਵੱਲੋਂ ਅਣਮਨੁੱਖੀ ਵਤੀਰਾ ਕਰਕੇ ਤਸ਼ੱਦਦ ਕਰਨ ਵਾਲੇ ਸਬੰਧਤ ਪੁਲਿਸ ਕਰਮੀਆਂ ਤੇ ਕਾਰਵਾਈ ਕਰਨਾ ਆਦਿਕ ਮੰਗਾਂ ਸਰਕਾਰ ਵੱਲ ਲੰਬੇ ਸਮੇਂ ਤੋਂ ਲੰਬਿਤ ਪਈਆਂ ਹਨ। ਵਿੱਤੀ ਕਮਿਸ਼ਨਰ (ਮਾਲ) ਨਾਲ ਮਿਤੀ 07-05-2026 ਅਤੇ ਫਿਰ ਮਾਲ ਮੰਤਰੀ ਪੰਜਾਬ ਨਾਲ ਮਿਤੀ 30-06-2026 ਨੂੰ ਹੋਈਆਂ ਮੀਟਿੰਗਾਂ ਵਿੱਚ ਕਿਸੇ ਮੰਗ ਦੀ ਪੂਰਤੀ ਨਹੀਂ ਹੋਈ ਜਿਸ ਦੇ ਰੋਸ ਵਜੋਂ ਮੋਗਾ ਵਿਖੇ ਸੂਬਾ ਪੱਧਰੀ ਮੀਟਿੰਗ ਵਿੱਚ ਸਾਰੇ ਆਗੂਆਂ ਦੇ ਆਏ ਵਿਚਾਰਾਂ ਦੇ ਮੱਦੇਨਜ਼ਰ ਫੈਸਲਾ ਲੈਂਦੇ ਹੋਏ ਸਰਕਾਰ ਨੂੰ ਨੋਟਿਸ ਭੇਜਦੇ ਹੋਏ ਮਿਤੀ 09-07-2026 ਤੋਂ 12-07-2026 ਤੱਕ ਕਲਮਛੋੜ/ ਕੰਪਿਊਟਰ ਬੰਦ ਹੜਤਾਲ ਤੇ ਜਾਣ ਦਾ ਐਲਾਨ ਕੀਤਾ ਗਿਆ ਅਤੇ ਸਰਕਾਰ ਨੂੰ ਚਿਤਵਾਨੀ ਦਿੱਤੀ ਗਈ ਕਿ ਜੇਕਰ ਇਸ ਦੌਰਾਨ ਵੀ ਉਨਾਂ ਦੀਆਂ ਮੰਗਾਂ ਦੀ ਪੂਰਤੀ ਨਾ ਕੀਤੀ ਗਈ ਤਾਂ ਮਿਤੀ 12-07-2026 ਨੂੰ ਆਨਲਾਈਨ ਮੀਟਿੰਗ ਕਰਕੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਸਖਤ ਫੈਸਲੇ ਲਏ ਜਾਣਗੇ।

# ਰੰਧਾਵਾ ਨੇ ਗੈਰ-ਕਾਨੂੰਨੀ ਮਾਈਨਿੰਗ 'ਤੇ ਮਾਰਿਆ ਛਾਪਾ

ਜ਼ਿਕਰ ਪੰਜਾਬ

**ਡੇਰਾ ਬਾਬਾ ਨਾਨਕ** : ਗੁਰਦਾਸਪੁਰ ਦੇ ਗਹਿਲੀ ਵਿੱਚ ਧੁੱਸੀ ਬੰਨ੍ਹ ਦੇ ਟੁੱਟਣ ਦੇ ਮੱਚੇ ਹੰਗਾਮੇ ਦੇ ਵਿਚਕਾਰ ਲੋਕ ਸਭਾ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਇੱਕ ਬਹੁਤ ਵੱਡੀ ਅਤੇ ਸਖ਼ਤ ਕਾਰਵਾਈ ਕੀਤੀ ਹੈ। ਸੰਸਦ ਮੈਂਬਰ ਰੰਧਾਵਾ ਨੇ ਖੁਦ ਡੇਰਾ ਬਾਬਾ ਨਾਨਕ ਦੇ ਵਿਧਾਨ ਸਭਾ ਹਲਕੇ ਅਧੀਨ ਆਉਂਦੇ ਗੁਰਚੱਕ ਅਤੇ ਘਾੜੀ ਕੇ ਬੇਟ ਖੇਤਰਾਂ ਵਿੱਚ ਚੱਲ ਰਹੇ ਗੈਰ-ਕਾਨੂੰਨੀ ਮਾਈਨਿੰਗ ਕੇਂਦਰਾਂ 'ਤੇ ਅਚਾਨਕ ਛਾਪੇਮਾਰੀ ਕੀਤੀ। ਸੰਸਦ ਮੈਂਬਰ ਰੰਧਾਵਾ ਨੇ ਗਰਾਊਂਡ ਜ਼ੀਰੋ ਤੋਂ ਇੱਕ ਵੀਡੀਓ ਜਾਰੀ ਕੀਤੀ। ਸੰਸਦ ਮੈਂਬਰ ਵੱਲੋਂ ਕੀਤੇ ਗਏ ਇਸ ਅਚਾਨਕ ਛਾਪੇਮਾਰੀ ਨੇ ਮਾਈਨਿੰਗ ਮਾਫੀਆ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ। ਸੰਸਦ ਮੈਂਬਰ ਰੰਧਾਵਾ ਨੇ ਮੌਕੇ ਤੋਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਬੁਲਾਇਆ। ਰਿਪੋਰਟਾਂ ਅਨੁਸਾਰ, ਜਿਵੇਂ ਹੀ ਸਾਂਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਭਾਰੀ ਪੁਲਿਸ ਫੋਰਸ ਅਤੇ ਕਾਫਲੇ ਨਾਲ ਮੌਕੇ 'ਤੇ ਪਹੁੰਚੇ, ਗੈਰ-ਕਾਨੂੰਨੀ ਮਾਈਨਿੰਗ ਕਰਨ ਵਾਲਿਆਂ ਵਿੱਚ ਦਹਿਸ਼ਤ ਫੈਲ ਗਈ। ਕਈ ਟਰੱਕ ਡਰਾਈਵਰ ਅਤੇ ਪੋਕਲੇਨ/ਜੇਸੀਬੀ ਮਸ਼ੀਨ ਆਪਰੇਟਰ ਆਪਣੇ ਵਾਹਨ ਅਤੇ ਮਸ਼ੀਨਾਂ ਛੱਡ ਕੇ ਖੇਤਾਂ ਵਿੱਚ ਭੱਜ ਗਏ। ਹਾਲਾਂਕਿ, ਤੁਰੰਤ ਕਾਰਵਾਈ ਨਾਲ ਪੁਲਿਸ ਅਤੇ ਟੀਮ ਨੇ ਮੌਕੇ 'ਤੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ। ਪੁਲਿਸ ਨੇ ਮਾਫੀਆ ਨਾਲ ਸਬੰਧਤ ਕਈ ਟਿੱਪਰ ਟਰੱਕ ਅਤੇ ਭਾਰੀ ਮਸ਼ੀਨਰੀ ਜ਼ਬਤ ਕਰ ਲਈ ਹੈ। ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਚੇਤਾਵਨੀ ਦਿੱਤੀ ਕਿ ਭਾਰੀ ਬਾਰਿਸ਼ ਕਾਰਨ ਇਨ੍ਹਾਂ ਸਮਿਆਂ ਦੌਰਾਨ ਪੰਜਾਬ ਵਿੱਚ ਹੜ੍ਹ ਆਉਂਦੇ ਹਨ। ਮਾਫੀਆ ਨੇ ਇੰਨੀ ਅੰਨ੍ਹੇਵਾਹ ਮਾਈਨਿੰਗ ਕੀਤੀ ਹੈ ਕਿ ਦਰਿਆ ਦੀ ਪੂਰੀ ਦਿਸ਼ਾ ਬਦਲ ਦਿੱਤੀ ਗਈ ਹੈ। ਜਿਸ ਕਾਰਨ ਪਾਣੀ ਸਿੱਧਾ ਪਿੰਡਾਂ ਵਿੱਚ ਵਹਿ ਜਾਵੇਗਾ। ਜਿਸ ਨਾਲ ਲੋਕਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸਰਕਾਰ ਨੇ ਹੜ੍ਹਾਂ ਦੌਰਾਨ ਢਹਿ ਗਏ ਧੁੱਸੀ ਬੰਨ੍ਹ ਦੀ ਪੂਰੀ ਤਰ੍ਹਾਂ ਮੁਰੰਮਤ ਨਹੀਂ ਕੀਤੀ ਹੈ ਅਤੇ ਦੂਜੇ ਪਾਸੇ, ਉਨ੍ਹਾਂ ਨੇ ਬੰਨ੍ਹ ਦੇ ਬਿਲਕੁਲ ਨਾਲ ਰੇਤ ਦੀ ਖੁਦਾਈ ਦੁਬਾਰਾ ਸ਼ੁਰੂ ਕਰ ਦਿੱਤੀ ਹੈ। ਮਾਫੀਆ ਦੇ ਓਵਰਲੋਡ ਟਰੱਕਾਂ ਨੇ ਉੱਥੇ ਬਣੇ ਨਵੇਂ ਪੁਲ ਨੂੰ ਵੀ ਨੁਕਸਾਨ ਪਹੁੰਚਾਇਆ ਹੈ। ਜਿਸ ਕਾਰਨ ਸਲੈਬ ਡਿੱਗ ਗਈਆਂ ਹਨ। ਸੰਸਦ ਮੈਂਬਰ ਰੰਧਾਵਾ ਧੁੱਸੀ ਡੈਮ ਟੁੱਟਣ ਤੋਂ ਤੁਰੰਤ



ਬਾਅਦ ਕੀਤੀ ਗਈ ਇਸ ਕਾਰਵਾਈ 'ਤੇ ਬਹੁਤ ਗੁੱਸੇ ਵਿੱਚ ਸਨ। ਉਨ੍ਹਾਂ ਨੇ ਮੌਕੇ 'ਤੇ ਮੌਜੂਦ ਪ੍ਰਸ਼ਾਸਨਿਕ ਅਤੇ ਮਾਈਨਿੰਗ ਵਿਭਾਗ ਦੇ ਅਧਿਕਾਰੀਆਂ ਨੂੰ ਝਿੜਕਿਆ ਅਤੇ ਗੈਰ-ਕਾਨੂੰਨੀ ਮਾਈਨਿੰਗ ਬਾਰੇ ਤਿੱਖੇ ਸਵਾਲ ਪੁੱਛੇ। ਪਰ ਮੌਕੇ 'ਤੇ ਮੌਜੂਦ ਕੋਈ ਵੀ ਅਧਿਕਾਰੀ ਇਸ ਗੱਲ ਦਾ ਤਸੱਲੀਬਖਸ਼ ਜਵਾਬ ਨਹੀਂ ਦੇ ਸਕਿਆ ਕਿ ਬੰਨ੍ਹ ਟੁੱਟਣ ਤੋਂ ਬਾਅਦ ਵੀ ਇੰਨੀ ਸੰਵੇਦਨਸ਼ੀਲਤਾ ਦੇ ਵਿਚਕਾਰ ਗੈਰ-ਕਾਨੂੰਨੀ ਮਾਈਨਿੰਗ ਕਿਵੇਂ ਜ਼ੋਰਦਾਰ ਢੰਗ ਨਾਲ ਚੱਲ ਰਹੀ ਸੀ।

# ਜੰਗ-ਏ-ਅਜਾਦੀ ਦੇ ਪਹਿਲੇ ਸਹੀਦਬਾਬਾ ਮਹਾਰਜ ਸਿੰਘ ਦਾ 170 ਵਾਂ ਸਹੀਦੀ ਦਿਹਾੜਾ ਮਨਾਇਆ

### ■ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਪਿੰਡ ਰੱਬੋਂ ਉੱਚੀ ਵਿਖੇ ਬਾਬਾ ਮਹਾਰਾਜ ਸਿੰਘ ਜੀ ਨੂੰ ਕੀਤੀ ਸ਼ਰਧਾਂਜਲੀ ਭੇਟ

ਜ਼ਿਕਰ ਪੰਜਾਬ

**ਲੁਧਿਆਣਾ** : ਮਹਾਨ ਸਿੱਖ ਕ੍ਰਾਂਤੀਕਾਰੀ ਅਤੇ ਆਜ਼ਾਦੀ ਘੁਲਾਟੀਏ ਬਾਬਾ ਮਹਾਰਾਜ ਸਿੰਘ ਜੀ ਦੀ 170ਵੀਂ ਬਰਸੀ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ, ਪਿੰਡ ਰੱਬੋ ਉੱਚੀ ਵਿਖੇ ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ ਵਾਲਿਆਂ ਦੀ ਦੇਖ ਰੇਖ ਹੇਠ ਮਨਾਈ ਗਈ ਅਤੇ ਇਸ ਸਮਾਗਮ ਮੌਕੇ ਸ਼ਰਧਾ ਅਤੇ ਸਤਿਕਾਰ ਭੇਂਟ ਕਰਨ ਲਈ ਵਿਸ਼ੇਸ਼ ਤੌਰ ਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨਾਲ ਹਲਕਾ ਪਾਇਲ ਦੇ ਵਿਧਾਇਕ ਸ. ਮਨਵਿੰਦਰ ਸਿੰਘ ਗਿਆਸਪੁਰਾ, ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ, ਸੰਤ ਬਾਬਾ ਭੁਪਿੰਦਰ ਸਿੰਘ ਰਾੜਾ ਸਾਹਿਬ ਜਰਗ, ਸੰਤ ਬਾਬਾ ਹਰਨੇਕ ਸਿੰਘ ਲੰਗਰਾਂ ਵਾਲੇ ਤੋਂ ਇਲਾਵਾ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਉਨਾ ਕਿਹਾ ਕਿ ਉਹੀ ਕੌਮਾਂ ਜਿਉਂਦੀਆਂ ਹਨ ਜਿਹੜੀਆ ਆਪਣੇ ਇਤਿਹਾਸ ਨੂੰ ਯਾਦ ਰੱਖਦੀਆਂ ਹਨ। ਬਾਬਾ ਮਹਾਰਾਜ ਸਿੰਘ ਇੱਕ ਨਾਮ ਰਸੀਏ ਅਤੇ ਗੁਰੀਲਾ ਯੁੱਧ ਦੇ ਮਾਹਿਰ ਸਨ । ਜਿਨਾਂ ਤੋਂ ਉਸ ਸਮੇਂ ਦੀਆਂ ਸਰਕਾਰਾਂ ਖੌਫ ਖਾਦੀਆਂ ਸਨ। ਸਿੰਘਾ ਪੁਰ ਦੀ ਜੇਲ ਵਿੱਚ ਕੈਦ ਅਤੇ ਅਨੇਕਾ ਤਸੀਹੇ ਸਹਿ ਕਿ ਵੀ ਉਹਨਾ ਸਿੱਖੀ ਦੀ ਖੁਸਬੂ ਨੂੰ ਮੱਠੀ ਨਹੀਂ ਪੈਣ ਦਿਤਾ । ਪ੍ਰਬੰਧਕਾ ਕੀਤੀ ਲਾਇਬਰੇਰੀ ਦੀ ਮੰਗ ਨੂੰ ਪੂਰੀ ਕਰਨ ਲਈਉਹਨਾ ਹਲਕਾ ਵਿਧਾਇਕ ਦੀ ਜਿੰਮੇਵਾਰੀ ਲਾਈ। ਅਖੀਰ ਵਿੱਚ ਸਪੀਕਰ ਸੰਧਵਾ ਨੇ ਕਿਹਾ ਕਿ ਦੁਨਿਆਵੀ ਮਾਨਤਾ ਰੱਦ ਹੁੰਦੀ ਹੈ ਹੋ ਜਾਵੇ ਪਰ ਰੂਹਾਨੀ ਤਖਤ ਅੱਗੇ ਅਸੀ ਸਿਰ ਝਕਾ ਕਿਪੇਸ ਹੋਏ ਹਾਂ ਅਤੇ ਸਾਡਾ ਸੀਸ ਹਮੇਸਾ ਅਕਾਲ ਤਖਤ ਅੱਗੇ ਝੁਕਦਾ ਰਹੇਗਾ। ਇਸ ਸਮੇਂ ਹਲਕਾ ਵਿਧਾਇਕ ਇੰਜ:ਮਨਵਿੰਦਰ ਸਿੰਘ ਗਿਆਸਪੁਰਾਨੇ ਬਾਬਾ ਮਹਾਰਾਜ ਸਿੰਘ ਦੇ ਜੀਵਨ ਸਬੰਧੀ ਵਿਚਾਰ ਸਾਝੇ ਕੀਤੇ। ਪੁਨਰ ਸੁਰਜੀਤੀ ਅਕਾਲੀ ਦਲ ਦੇ ਜਥੇਦਾਰ ਸੰਤਾ ਸਿੰਘ ਉਮੈਦਪੁਰ ਨੇ



ਕਿਹਾ ਕਿ ਸਹੀਦ ਸਾਡੇ ਪ੍ਰੇਰਨਾ ਸ੍ਰੋਤ ਹਨ। ਸੰਤ ਬਾਬਾ ਭੁਪਿੰਦਰ ਸਿੰਘ ਜਰਗ ਵਾਲਿਆਂ ਨੇ ਕਿਹਾ ਕਿ ਜਦੋਂ ਕਿਸੇ ਨੂੰ ਰਾਜ ਸਤਾ ਮਿਲ ਜਾਂਦੀ ਹੈ, ਉਹ ਹੰਕਾਰ ਪੈਦਾ ਕਰ ਦਿੰਦੀ ਹੈ। ਪਰ ਖਾਲਸੇ ਦੇ ਰਾਜ ਵਿੱਚ ਹਰ ਵਰਗ ਦਾ ਸਤਿਕਾਰ ਕੀਤਾ ਜਾਦਾ ਸੀ। ਉਹਨਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਜਿਸ ਨੇ ਵੀ ਅਕਾਲਤਖਤ ਨਾਲ ਟੱਕਰ ਲਈ ਹੈ ਉਸ ਨੂੰ ਹਮੇਸਾ ਖੁਆਰ ਹੋਣਾ ਪਿਆ । ਸ. ਗਿਆਸਪੁਰਾ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਦਾ ਪਿੰਡ ਰੱਬੋ ਉੱਚੀ ਵਿਖੇ ਬਾਬਾ ਮਹਾਰਾਜ ਸਿੰਘ ਜੀ ਦੇ ਸਹੀਦੀ ਦਿਹਾੜੇ ਮੌਕੇ ਪਹੁੰਚਣ ਲਈ ਵਿਸੇਸ ਤੌਰ ਤੇ ਧੰਨਵਾਦ ਵੀ ਕੀਤਾ। ਇਸ ਉਪਰੰਤ ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ ਵਾਲਿਆਂ ਅਤੇ ਪ੍ਰਬੰਧਕ ਕਮੇਟੀ ਨੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ, ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਅਤੇ ਹੋਰ ਪੁੱਜੀਆਂ ਸ਼ਖ਼ਸ਼ੀਅਤਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ। ਇਸ ਮੌਕੇ ਬਾਬਾ ਹਰਨੇਕ ਸਿੰਘ ਲੰਗਰਾਂ ਵਾਲੇ, ਬਾਬਾ ਸਤਨਾਮ ਸਿੰਘ ਭੀਖੀ, ਬੀਬੀ ਕੁਲਵੰਤ ਕੌਰ ਰਾਏਪੁਰ, ਸੰਤ ਰਜ਼ਨੀਸ਼ ਸਿੰਘ ਨੱਥੂਮਾਜਰਾ, ਭਾਈ ਸੰਦੀਪ ਸਿੰਘ ਰੁਪਾਲੋਂ, ਨਗਰ ਪੰਚਾਇਤ ਮਲੌਦ ਦੇ ਪ੍ਰਧਾਨ ਸ੍ਰੀਮਤੀ ਸੋਨੀਆ ਗੋਇਲ, ਚੇਅਰਮੈਨ ਕਰਨ ਸਿਹੌੜਾ, ਨਗਰ ਕੌਂਸਲ ਦੋਰਾਹਾ ਦੇ ਸਾਬਕਾ ਪ੍ਰਧਾਨ ਸੁਦਰਸਨ ਸਰਮਾ ਪੱਪੂ, ਅਭੈ ਸਿੰਘ ਬੈਂਸ, ਕਮੇਟੀ ਪ੍ਰਧਾਨ ਪਿਆਰਾ ਸਿੰਘ, ਮੀਤ ਪ੍ਰਧਾਨ ਛਿੰਦਰ ਪਾਲ ਸਿੰਘ, ਖਜਾਨਚੀ ਭਾਈ ਦਰਸ਼ਨ ਸਿੰਘ, ਖਜਾਨਚੀ ਪਰਮਿੰਦਰ ਸਿੰਘ, ਸਕੱਤਰ ਦਰਸਨ ਸਿੰਘ, ਸਰਪੰਚ ਸਕਿੰਦਰ ਸਿੰਘ ਲਸਾੜਾ, ਸਰਪੰਚ ਲਖਵੀਰ ਸਿੰਘ ਨਿਜ਼ਾਮਪੁਰ, ਸ਼ੀਰਾ ਗਿੱਲ ਜੰਡਾਲੀ, ਕਰਮਜੀਤ ਸਿੰਘ, ਗੁਰਵਿੰਦਰ ਸਿੰਘ, ਸੁਖਵਿੰਦਰ ਸਿੰਘ, ਤਰਸੇਮ ਸਿੰਘ, ਬਾਬਾ ਸਿੰਘ, ਜਸਪਾਲ ਸਿੰਘ, ਸੁਰਾਜ ਖਾਨ, ਜਸਵਿੰਦਰ ਸਿੰਘ, ਅਮਰੀਕ ਸਿੰਘ, ਚਮਕੌਰ ਸਿੰਘ, ਸਿਕੰਦਰ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸਮੂਲੀਅਤ ਕੀਤੀ।

●----- ਸਫ਼ਾ 1 ਦਾ ਬਾਕੀ -----●

### ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਪੇਸ਼ ਕੀਤੇ ਗੁਰਮਤੇ...

ਜੋ ਜਿਸ ਨੇ ਵੀ ਆਪਣੀ ਹਉਮੈ ਛੱਡ ਕੇ ਇਸ ਤਖ਼ਤ 'ਤੇ ਆਪਣੇ ਨੂੰ ਸਮਰਪਣ ਕੀਤਾ ਹੈ, ਉਹ ਹਮੇਸ਼ਾ ਨਿਰਮਲ ਹੋ ਕੇ ਗਿਆ ਹੈ। ਐਡਵੋਕੇਟ ਧਾਮੀ ਨੇ ਸ਼?ਰੋਮਣੀ ਕਮੇਟੀ ਦੇ ਸੱਦੇ 'ਤੇ ਪੁੱਜੀਆਂ ਸਮੂਹ ਸਿੱਖ ਜਥੇਬੰਦੀਆਂ, ਸੰਪ੍ਰਦਾਵਾਂ ਤੇ ਸੰਗਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ। ਸ਼?ਰੋਮਣੀ ਕਮੇਟੀ ਪ੍ਰਧਾਨ ਵੱਲੋਂ ਸਮੂਹ ਜਥੇਬੰਦੀਆਂ ਦੀ ਸਹਿਮਤੀ ਨਾਲ ਇਕ ਮਤਾ ਵੀ ਪੇਸ਼ ਕੀਤਾ ਗਿਆ, ਜਿਸ ਨੂੰ ਸਮੂਹ ਜਥੇਬੰਦੀਆਂ ਅਤੇ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ। ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਗੁਰੂ ਦਾ ਸਦੀਵੀ ਤਖ਼ਤ ਹੈ। ਸਮੇਂ ਦੀਆਂ ਹਕੂਮਤਾਂ ਵੱਲੋਂ ਕਈ ਵਾਰ ਇਸ ਤਖ਼ਤ 'ਤੇ ਹਮਲੇ ਹੋਏ, ਜਿਸ ਦਾ ਖ਼ਾਲਸੇ ਨੇ ਹਮੇਸ਼ਾ ਡੱਟ ਕੇ ਮੁਕਾਬਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਤਾਕਤਾਂ ਭਰਮ ਪਾਲ ਬੈਠੀਆਂ ਹਨ, ਉਨ੍ਹਾਂ ਨੂੰ ਇਤਿਹਾਸ ਨਹੀਂ ਭੁੱਲਣਾ ਚਾਹੀਦਾ ਕਿ ਵੱਡਿਆਂ-ਵੱਡਿਆਂ ਨੂੰ ਵੀ ਅਖ਼ੀਰ ਇਸ ਤਖ਼ਤ 'ਤੇ ਝੁਕਣਾ ਪਿਆ ਸੀ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਸੰਸਥਾਵਾਂ ਖ਼ਿਲਾਫ਼ ਕੀਤੇ ਜਾ ਰਹੇ ਭੰਡੀ ਪ੍ਰਚਾਰ ਦਾ ਸਖ਼ਤ ਨੋਟਿਸ ਲੈਂਦਿਆਂ ਸਰਕਾਰ ਨੂੰ ਤਾੜਨਾ ਕੀਤੀ ਕਿ ਚੰਡੀਗੜ੍ਹ ਤੇ ਮੋਹਾਲੀ ਵਿਚ ਬਾਹਰੋਂ ਆ ਕੇ ਜੋ ਲੋਕ ਸ਼ੋਸ਼ਲ ਮੀਡੀਆ 'ਤੇ ਅਜਿਹੀਆਂ ਹਰਕਤਾਂ ਕਰ ਰਹੇ ਹਨ, ਉਨ੍ਹਾਂ ਨੂੰ 10 ਦਿਨਾਂ ਦੇ ਅੰਦਰ-ਅੰਦਰ ਬੰਦ ਕੀਤਾ ਜਾਵੇ। ਇਹ ਵਰਤਾਰਾ ਬੰਦ ਨਾ ਹੋਇਆ ਤਾਂ ਖ਼ਾਲਸਾ ਪੰਥ ਆਪ ਐਕਸ਼ਨ ਲੈਣ ਲਈ ਮਜ਼ਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਨੌਜੁਆਨੀ ਅਤੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਮੀਰੀ ਪੀਰੀ ਦਿਵਸ ਮੌਕੇ 24 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੱਕ ਖ਼ਾਲਸਾ ਵਹੀਰ ਚਲਾਈ ਜਾਵੇਗੀ, ਜਿਸ ਦਾ ਮਕਸਦ ਧਰਮ ਦੇ ਪ੍ਰਚਾਰ ਪ੍ਰਸਾਰ ਨਾਲ-ਨਾਲ ਲੋਕਾਂ ਨੂੰ ਜਾਗਰੂਕ ਕਰਨਾ ਹੋਵੇਗਾ। ਉਨ੍ਹਾਂ ਸ਼?ਰੋਮਣੀ ਕਮੇਟੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਹਰ ਸਾਲ ਪੰਥਕ ਜਥੇਬੰਦੀਆਂ ਨੂੰ ਨਾਲ ਲੈ ਕੇ ਵੱਡੇ ਪੱਧਰ 'ਤੇ ਮਨਾਉਣ ਲਈ ਵੀ ਆਖਿਆ। ਇਸੇ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਕਿਹਾ ਕਿ ਸਰਕਾਰਾਂ ਆਪ ਹੁਦਰੇਪਣ ਨਾਲ ਕਾਨੂੰਨ ਬਣਾ ਕੇ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਦਾ ਯਤਨ ਕਰ ਰਹੀਆਂ ਹਨ। ਖ਼ਾਲਸਾ ਪੰਥ ਨੂੰ ਏਜੰਸੀਆਂ ਵੱਲੋਂ ਚਲਾਏ ਜਾ ਰਹੇ ਅਜਿਹੇ ਏਜੰਡਿਆਂ ਤੋਂ ਸੁਚੇਤ ਹੋ ਕੇ ਇਕਜੁਟਤਾ ਨਾਲ ਟਾਕਰਾ ਕਰਨ ਦੀ ਲੋੜ ਹੈ। ਨਿਹੰਗ ਸਿੰਘ ਦਲਾਂ ਵੱਲੋਂ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਤੇ ਬਾਬਾ ਮੇਜਰ ਸਿੰਘ ਸੋਢੀ ਨੇ ਸੰਬੋਧਨ ਹੁੰਦਿਆਂ ਕਿਹਾ ਕਿ ਸਮੂਹ ਨਿਹੰਗ ਸਿੰਘ ਦਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਤ ਹਨ ਅਤੇ ਹਰ ਆਦੇਸ਼ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣਗੇ। ਇਸੇ ਦੌਰਾਨ ਬਾਬਾ ਹਰਨਾਮ ਸਿੰਘ ਖ਼ਾਲਸਾ ਦਮਦਮੀ ਟਕਸਾਲ ਵੱਲੋਂ ਬਾਬਾ ਸੁਖਦੇਵ ਸਿੰਘ, ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲੇ, ਐਡਵੋਕੇਟ ਪੂਰਨ ਸਿੰਘ ਹੁੰਦਲ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਬਾਬਾ ਪ੍ਰੀਤਮ ਸਿੰਘ ਡੁਮੇਲੀ ਵਾਲੇ, ਬਾਬਾ ਤੇਜਾ ਸਿੰਘ ਖੁੱਡੇ ਵਾਲੇ, ਕਿਸਾਨ ਆਗੂ ਸ. ਹਰਿੰਦਰ ਸਿੰਘ ਲੱਖੋਵਾਲ, ਸ. ਬਲਬੀਰ ਸਿੰਘ ਰਾਜੇਵਾਲ, ਬਾਬਾ ਹਾਕਮ ਸਿੰਘ ਨਿਰਮਲੇ ਸੰਪ੍ਰਦਾ, ਸ. ਅਮਰੀਕ ਸਿੰਘ ਬੱਲੋਵਾਲ, ਕਥਾਵਾਚਕ ਭਾਈ ਜਸਵੰਤ ਸਿੰਘ, ਬਾਬਾ ਪ੍ਰੀਤਮ ਸਿੰਘ ਡੁਮੇਲੀਵਾਲੇ, ਬਾਬਾ ਗੁਰਨਾਮ ਸਿੰਘ ਡਰੌਲੀ ਭਾਈ ਨੇ ਵੀ ਸੰਬੋਧਨ ਕੀਤਾ। ਸਮਾਗਮ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਗਿਆਨੀ ਬਲਜੀਤ ਸਿੰਘ, ਗਿਆਨੀ ਰਾਜਦੀਪ ਸਿੰਘ, ਗਿਆਨੀ ਕੇਵਲ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਗਿਆਨੀ ਨਿਸ਼ਾਨ ਸਿੰਘ, ਸ਼?ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਰਨਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਭਿੱਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਅਜਮੇਰ ਸਿੰਘ ਖੇੜਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਗੁਰਮੀਤ ਸਿੰਘ ਬੂਹ, ਸ. ਅਵਤਾਰ ਸਿੰਘ ਰਿਆ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਗੁਰਨਾਮ ਸਿੰਘ ਜੱਸਲ, ਸ. ਕੇਵਲ ਸਿੰਘ ਬਾਦਲ, ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਭਾਈ ਮਨਜੀਤ ਸਿੰਘ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਜਸਮੇਰ ਸਿੰਘ ਲਾਛੜੂ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਨਤਵੇਜ ਸਿੰਘ ਕਾਉਣੀ, ਸ. ਪ੍ਰੀਤਮ ਸਿੰਘ ਮਲਸੀਹਾਂ, ਸ. ਪ੍ਰਿਤਪਾਲ ਸਿੰਘ ਪਾਲੀ, ਬੀਬੀ ਗੁਰਪ੍ਰੀਤ ਕੌਰ, ਬੀਬੀ ਪਰਮਜੀਤ ਕੌਰ ਲਾਂਡਰਾਂ, ਬੀਬੀ ਰਜਿੰਦਰ ਕੌਰ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਅਵਤਾਰ ਸਿੰਘ ਵਣਵਾਲਾ, ਬੀਬੀ ਦਵਿੰਦਰ ਕੌਰ ਕਾਲਰਾ, ਸ. ਰਾਮ ਸਿੰਘ ਮੁੰਬਈ, ਸੀਨੀਅਰ ਅਕਾਲੀ ਆਗੂ ਜਥੇਦਾਰ ਸੁੱਚਾ ਸਿੰਘ ਲੰਗਾਹ, ਸ਼?ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਸ. ਜਸਵਿੰਦਰ ਸਿੰਘ ਜੱਸੀ, ਸ. ਬਿਜੈ ਸਿੰਘ, ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਸੁਖਬੀਰ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਸਨਤਾਮ ਸਿੰਘ ਰਿਆੜ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਸ. ਕੰਵਲਜੀਤ ਸਿੰਘ ਕਾਕੀ, ਸ. ਨਰਿੰਦਰ ਸਿੰਘ ਵਾੜਾ, ਸ. ਪਰਮਵੀਰ ਸਿੰਘ ਲਾਡੀ, ਜ਼ਿਲ੍ਹਾ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਸ. ਸੁਰਜੀਤ ਸਿੰਘ ਭਲਵਾਨ, ਬਾਬਾ ਘਾਲਾ ਸਿੰਘ ਨਾਨਕਸਰ ਕਲੇਰਾਂ ਵਾਲਿਆਂ ਵੱਲੋਂ ਬਾਬਾ ਨਿਰਮਲ ਸਿੰਘ, ਬਾਬਾ ਜਗਤਾਰ ਸਿੰਘ ਕਾਰਸੇਵਾ ਤਰਨ ਤਾਰਨ ਵਾਲੇ, ਬਾਬਾ ਬਚਨ ਸਿੰਘ ਦਿੱਲੀ ਵਾਲੇ, ਬਾਬਾ ਸੁਖਵਿੰਦਰ ਸਿੰਘ ਕਾਰਸੇਵਾ ਭੂਰੀ ਵਾਲੇ, ਸੰਪ੍ਰਦਾ ਦਲ ਬਾਬਾ ਬਿੰਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਵੱਲੋਂ ਬਾਬਾ ਨਾਹਰ ਸਿੰਘ ਸਾਧ ਜੀ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਗੁਰਪ੍ਰੀਤ ਸਿੰਘ ਕਾਰਸੇਵਾ ਖਡੂਰ ਸਾਹਿਬ, ਬਾਬਾ ਪ੍ਰੀਤਮ ਸਿੰਘ ਡੁੰਮੇਲੀ ਵਾਲੇ, ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦਲ, ਸੁਆਮੀ ਜੀ ਹੁਸ਼ਿਆਰਪੁਰ ਵਾਲੇ, ਬਾਬਾ ਸਤਨਾਮ ਸਿੰਘ ਆਦਮਪੁਰ, ਬਾਬਾ ਗਿਆਨ ਸਿੰਘ ਮਨਿਹਾਲੇ ਵਾਲੇ, ਬਾਬਾ ਪਰਮੇਸ਼ਰ ਸਿੰਘ ਜੰਡਿਆਲੇ ਵਾਲੇ, ਬਾਬਾ ਅਮੀਰ ਸਿੰਘ ਰਾੜਾ ਸਾਹਿਬ, ਬਾਬਾ ਗੁਰਮੁੱਖ ਸਿੰਘ ਆਲੋਵਾਲ, ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਸੁਖਪਾਲ ਸਿੰਘ ਮਾਲਵਾ ਤਰਨਾ ਦਲ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਸੁੱਚਾ ਸਿੰਘ ਮਲੋਟ, ਬਾਬਾ ਹਰਜਿੰਦਰ ਸਿੰਘ ਮੁਕਤਸਰ ਸਾਹਿਬ, ਬਾਬਾ ਬਲਦੇਵ ਸਿੰਘ ਮੁਸਤਾਬਾਦ, ਬਾਬਾ ਬਲਬੀਰ ਸਿੰਘ ਖਾਪੜਖੇੜੀ, ਬਾਬਾ ਸ਼ਮਸ਼ੇਰ ਸਿੰਘ ਬਾਲੇਵਾਲ, ਬਾਬਾ ਦਿਲਬਾਗ ਸਿੰਘ ਬਾਲੇਵਾਲ, ਬਾਬਾ ਕਸ਼ਮੀਰ ਸਿੰਘ ਧਰਮਕੋਟ, ਬਾਬਾ ਰਸ਼ਪਾਲ ਸਿੰਘ ਮੁਕਤਸਰ ਸਾਹਿਬ, ਬਾਬਾ ਸਤਨਾਮ ਸਿੰਘ ਲੁਧਿਆਣਾ, ਬਾਬਾ ਖੜਕ ਸਿੰਘ, ਬਾਬਾ ਸ਼ਮਸ਼ੇਰ ਸਿੰਘ ਪੱਟੀ, ਬਾਬਾ ਮਾਨ ਸਿੰਘ, ਬਾਬਾ ਰਵੇਲ ਸਿੰਘ, ਬਾਬਾ ਦਲਬੀਰ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਗੁਰਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਤਰਲੋਕ ਸਿੰਘ ਖਿਆਲੇ ਵਾਲੇ, ਬਾਬਾ ਨਰੈਣ ਸਿੰਘ, ਬਾਬਾ ਅਮਨਦੀਪ ਸਿੰਘ ਟਕਸਾਲ ਸ਼ਹੀਦ ਭਾਈ ਮਨੀ ਸਿੰਘ, ਬਾਬਾ ਪਰਮਾਨੰਦ ਜੀ ਉਦਾਸੀ, ਡਾ. ਦਵਿੰਦਰ ਸਿੰਘ ਬੜੂ ਸਾਹਿਬ, ਬਾਬਾ ਬਲਰਾਜ ਸਿੰਘ, ਬਾਬਾ ਸਰਵਨ ਸਿੰਘ ਜੱਸੜ, ਬੀਬੀ ਜਸਪ੍ਰੀਤ ਕੌਰ ਮਾਹਿਲਪੁਰ, ਬਾਬਾ ਜਸਵੀਰ ਸਿੰਘ ਭੁੰਚੋ ਮੰਡੀ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਵਾਲਿਆਂ ਵੱਲੋਂ ਪ੍ਰਧਾਨ ਕਸ਼ਮੀਰ ਸਿੰਘ, ਬਾਬਾ ਸੁਰਿੰਦਰ ਸਿੰਘ ਦਿੱਲੀ ਵਾਲੇ, ਬਾਬਾ ਅਮਰਜੀਤ ਸਿੰਘ ਹਰਖੋਵਾਲ, ਬਾਬਾ ਚਰਨ ਸਿੰਘ ਗੁਰੂ ਕੇ ਬਾਗ, ਬਾਬਾ ਸੁੱਖਾ ਸਿੰਘ ਖ਼ਿਆਲੇ ਵਾਲੇ, ਗਿਆਨੀ ਅਮੀਰ ਸਿੰਘ ਜਵੱਦੀ ਵੱਲੋਂ ਬਾਬਾ ਰਣਜੀਤ ਸਿੰਘ, ਬਾਬਾ ਅਮਰਾਓ ਸਿੰਘ ਸੰਪ੍ਰਦਾਏ ਮਸਤੂਆਣਾ ਸਾਹਿਬ, ਬਾਬਾ ਜਗਰੂਪ ਸਿੰਘ ਨਿਰਮਲੇ, ਬਾਬਾ ਨਾਥ ਸਿੰਘ ਹਮੀਦੀ, ਬਬਾ ਅਜੀਤ ਸਿੰਘ ਕਾਰਸੇਵਾ ਠੱਠਾ, ਬਾਬਾ ਅਨੂਪ ਸਿੰਘ, ਸ. ਸ਼ਮਸ਼ੇਰ ਸਿੰਘ ਚੀਮਾਂ, ਬਾਬਾ ਤੇਜਾ ਸਿੰਘ ਖੁਡੇ ਵਾਲੇ, ਬਾਬਾ ਦਿਲਬਾਗ ਸਿੰਘ, ਬਾਬਾ ਸੰਤੋਖ ਸਿੰਘ ਬੀੜ ਸਾਹਿਬ, ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਗੁਰਨਾਮ ਸਿੰਘ ਡਰੌਲੀ ਭਾਈ, ਬਾਬਾ ਅਮਰੀਕ ਸਿੰਘ ਕਾਰ ਸੇਵਾ, ਬਾਬਾ ਗੁਰਦੇਵ ਸਿੰਘ ਵਾੜਾ, ਬਾਬਾ ਗੁਰਚਰਨ ਸਿੰਘ ਪੰਡਵਾਂ, ਭਾਈ ਸਰਬਜੀਤ ਸਿੰਘ ਠੱਕਰਵਾਲ, ਬਾਬਾ ਕਰਮਜੀਤ ਸਿੰਘ ਹੁਸ਼ਿਆਰਪੁਰ, ਬਾਬਾ ਸੁਰਜਨ ਸਿੰਘ, ਗਿਆਨੀ ਨਤਵੇਜ ਸਿੰਘ, ਭਾਈ ਜਸਵੰਤ ਸਿੰਘ, ਬਾਬਾ ਸੁਖਦੀਪ ਸਿੰਘ ਨਿਹੰਗ ਸਿੰਘ ਦਸ਼ਮੇਸ਼ ਤਰਨਾ ਦਲ, ਸੰਪ੍ਰਦਾਇ ਸ਼ਹੀਦ ਬਾਬਾ ਬੀਰ ਸਿੰਘ ਨੌਰੰਗਾਬਾਦ ਵੱਲੋਂ ਬਾਬਾ ਕੁਲਦੀਪ ਸਿੰਘ ਨੌਰੰਗਾਬਾਦੀ, ਬਾਬਾ ਇੰਦਰਜੀਤ ਸਿੰਘ, ਬਾਬਾ ਸਵਰਨ ਸਿੰਘ ਨਿਰਮਲੇ ਪੰਜਗਰਾਂਈ ਕਲਾ, ਬਾਬਾ ਨਿਰਵੈਰ ਸਿੰਘ, ਬਾਬਾ ਬਲਜਿੰਦਰ ਸਿੰਘ ਕਾਉਂਕੇ ਕਲਾ, ਬਾਬਾ ਚਮਕੌਰ ਸਿੰਘ ਪੰਜਗਰਾਂਈ, ਸ. ਗੁਰਵਿੰਦਰ ਸਿੰਘ ਦੇਵੀਦਾਸਪੁਰਾ, ਸ. ਯੁਵਰਾਜ ਸਿੰਘ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਸਰਬਜੀਤ ਸਿੰਘ ਢੋਟੀਆਂ ਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

### ਇਰਾਨ ਦੇ ਮਰਹੂਮ ਸੁਪਰੀਮ ਲੀਡਰ ਖ਼ਾਮੇਨੇਈ....

ਨੂੰ ਇਰਾਨ ਜੰਗ ਦੇ ਸ਼ੁਰੂਆਤੀ ਦੌਰ ਵਿੱਚ ਹੋਏ ਇੱਕ ਹਵਾਈ ਹਮਲੇ (ਏਅਰਸਟ?ਰਾਈਕ) ਦੌਰਾਨ ਮਾਰੇ ਗਏ ਸਨ। ਜੰਗ ਦੇ ਚਲਦਿਆਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਾਫ਼ੀ ਦੇਰੀ ਨਾਲ ਕੀਤਾ ਜਾ ਰਿਹਾ ਹੈ। ਮਾਹਰਾਂ ਮੁਤਾਬਕ ਇਸ ਵੱਡੇ ਇਕੱਠ ਰਾਹੀਂ ਇਰਾਨ ਦੀ ਧਾਰਮਿਕ ਲੀਡਰਸ਼ਿਪ ਅਤੇ ਦੇਸ਼ ਦੇ ਨਵੇਂ ਬਣੇ ਸੁਪਰੀਮ ਲੀਡਰ, ਖ਼ਮੇਨੇਈ ਦੇ ਪੁੱਤਰ ਆਇਤੁੱਲਾ ਮੋਜਤਬਾ ਖ਼ਮੇਨੇਈ ਨੂੰ ਆਪਣੀ ਸਿਆਸੀ ਤੇ ਧਾਰਮਿਕ ਪਕੜ ਮਜ਼ਬੂਤ ਕਰਨ ਵਿੱਚ ਮਦਦ ਮਿਲ ਸਕਦੀ ਹੈ। ਇਹ ਘਟਨਾਕ੍ਰਮ ਅਜਿਹੇ ਨਾਜ਼ੁਕ ਮੋੜ 'ਤੇ ਸਾਹਮਣੇ ਆਇਆ ਹੈ ਜਦੋਂ ਇਰਾਨ ਜੰਗ ਨੂੰ ਸਥਾਈ ਤੌਰ 'ਤੇ ਖ਼ਤਮ ਕਰਨ ਲਈ ਅਮਰੀਕਾ ਨਾਲ ਗੱਲਬਾਤ ਦੀ ਮੇਜ਼ 'ਤੇ ਹੈ ਅਤੇ ਹਰਮੁਜ਼ ਜਲਡਮਰੂ 'ਤੇ ਆਪਣੇ ਕੰਟਰੋਲ ਦਾ ਫ਼ਾਇਦਾ ਉਠਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਦੂਜੇ ਪਾਸੇ, ਦੇਸ਼ ਵਿੱਚ ਇਹ ਡਰ ਵੀ ਲਗਾਤਾਰ ਬਣਿਆ ਹੋਇਆ ਹੈ ਕਿ ਇਜ਼ਰਾਈਲ ਦੁਬਾਰਾ ਹਮਲਾ ਕਰ ਸਕਦਾ ਹੈ। ਫਿਲਹਾਲ ਜੰਗ ਦੇ ਪੂਰੀ ਤਰ੍ਹਾਂ ਖ਼ਤਮ ਹੋਣ ਤੱਕ ਦੋਵਾਂ ਦੇਸ਼ਾਂ ਵਿਚਾਲੇ ਸ਼ਾਂਤੀ ਵਾਰਤਾ ਰੁਕੀ ਹੋਈ ਹੈ।

### ਪੰਜਾਬ ਦਾ ਭਵਿੱਖ ਦਿੱਲੀ ਨਹੀਂ ਪੰਜਾਬ ਦੇ ਲੋਕ...

ਸ਼ਿਆਮਾ ਪ੍ਰਸਾਦ ਮੁਖਰਜੀ ਨੇ ਨਾਅਰਾ ਦਿੱਤਾ ਸੀ, "ਇੱਕ ਦੇਸ਼ ਵਿੱਚ ਦੋ ਵਿਧਾਨ, ਦੋ ਪ੍ਰਧਾਨ ਅਤੇ ਦੋ ਨਿਸ਼ਾਨ ਨਹੀਂ ਚੱਲਣਗੇ।" ਇਹ ਸਿਰਫ਼ ਇੱਕ ਰਾਜਨੀਤਕ ਨਾਅਰਾ ਨਹੀਂ ਸੀ, ਸਗੋਂ ਭਾਰਤ ਦੀ ਆਤਮਾ ਦੀ ਆਵਾਜ਼ ਸੀ। ਉਨ੍ਹਾਂ ਜੰਮੂ-ਕਸ਼ਮੀਰ ਨੂੰ ਭਾਰਤ ਵਿੱਚ ਪੂਰੀ ਤਰ੍ਹਾਂ ਮਿਲਾਉਣ ਲਈ ਸੰਘਰਸ਼ ਕੀਤਾ ਅਤੇ ਬਿਨਾਂ ਪਰਮਿਟ ਦੇ ਇਸ ਇਲਾਕੇ ਵਿੱਚ ਆਉਣ ਦਾ ਫੈਸਲਾ ਲਿਆ । ਉਨ੍ਹਾਂ ਨੂੰ ਮਾਧੋਪੁਰ ਤੋਂ ਜੰਮੂ ਅਤੇ ਕਸ਼ਮੀਰ ਵਿੱਚ ਦਾਖਲ ਹੁੰਦੇ ਸਮੇਂ ਗ੍ਰਿਫਤਾਰ ਕੀਤਾ ਗਿਆ। ਉਸ ਸਮੇਂ ਸਾਬਕਾ ਪ੍ਰਧਾਨ ਮੰਤਰੀ ਸਵਰਗੀ ਸ੍ਰੀ ਅਟਲ ਬਿਹਾਰੀ ਵਾਜਪਾਈ ਉਨ੍ਹਾਂ ਦੇ ਨਾਲ ਸਨ । ਬਾਅਦ ਵਿੱਚ ਹਿਰਾਸਤ ਵਿੱਚ ਰਹਿੰਦੇ ਹੋਏ ਡਾ. ਮੁਖਰਜੀ ਦਾ ਦੇਹਾਂਤ ਹੋ ਗਿਆ। ਇਹ ਕੋਈ ਸਾਧਾਰਨ ਮੌਤ ਨਹੀਂ ਸੀ ਸਗੋਂ ਰਾਸ਼ਟਰ ਦੀ ਏਕਤਾ ਅਤੇ ਅਖੰਡਤਾ ਲਈ ਕੀਤਾ ਗਿਆ ਸਰਵਉੱਚ ਬਲੀਦਾਨ ਸੀ।

### ਹਰਪ੍ਰੀਤ ਕੌਰ ਇਟਲੀ 'ਚ ਬਣੀ ਪੁਲਿਸ ਅਧਿਕਾਰੀ

1995 ਵਿਚ ਜਨਮੀ ਹਰਪ੍ਰੀਤ ਕੌਰ ਨੇ 1 ਜੁਲਾਈ 2026 ਤੋਂ ਅਧਿਕਾਰਤ ਤੌਰ 'ਤੇ ਸਨਬੋਨੀਫਾਚੋ ਵਿਖੇ ਆਪਣੀ ਡਿਊਟੀ ਸੰਭਾਲ ਲਈ ਹੈ। ਉਨ੍ਹਾਂ ਦੀ ਨਿਯੁਕਤੀ ਮੌਕੇ ਸਨਬੋਨੀਫਾਚੋ ਦੇ ਮੇਅਰ ਲਿਓਨਾਰਡੋ ਫ੍ਰੀਗੋ, ਡਿਪਟੀ ਮੇਅਰ ਅਤੇ ਸੁਰੱਖਿਆ ਮੰਤਰੀ ਨਿਕੋਲਾ ਗੈਂਬਿਨ ਅਤੇ ਪੁਲਿਸ ਕਮਾਂਡਰ ਵਿਨਸੈਂਜ਼ੋ ਡੀ ਕਾਰਲੋ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਉਨ੍ਹਾਂ ਨੇ ਹਰਪ੍ਰੀਤ ਦਾ ਵਿਭਾਗ ਵਿਚ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੇ ਇਟਲੀ ਦੀ ਪ੍ਰਸਿੱਧ ਮੋਡੇਨਾ ਯੂਨੀਵਰਸਿਟੀ ਤੋਂ ਆਪਣੀ ਉੱਚ ਸਿੱਖਿਆ/ਗ੍ਰੈਜੂਏਸ਼ਨ ਪੂਰੀ ਕੀਤੀ ਹੈ । ਉਸ ਨੇ ਕਾਨੂੰਨ ਖੇਤਰ ਵਿਚ ਲਾਅ ਦੀ ਡਿਗਰੀ ਹਾਸਿਲ ਕੀਤੀ ਹੈ ਤੇ ਉਹ ਇਟਾਲੀਅਨ ਮਿਲਟਰੀ ਵਿਚ ਵੀ ਆਪਣੀਆਂ ਸੇਵਾਵਾਂ ਪ੍ਰਦਾਨ ਕਰ ਚੁਕੀ ਹੈ। ਇਟਲੀ ਪੁਲਿਸ ਵਿਚ ਹਰਪ੍ਰੀਤ ਕੌਰ ਦੀ ਭਰਤੀ ਸਾਲ 2022 ਵਿਚ ਹੋਈ ਸੀ । ਸਨਬੋਨੀਫਾਚੋ ਵਿਚ ਆਉਣ ਤੋਂ ਪਹਿਲਾਂ ਵੀ ਉਨ੍ਹਾਂ ਕੋਲ ਇਟਲੀ ਦੇ ਪੁਲਿਸ ਵਿਭਾਗ ਵਿਚ ਕੰਮ ਕਰਨ ਦਾ ਵਧੀਆ ਤਜਰਬਾ ਹੈ । ਉਹ ਪਹਿਲਾਂ 'ਫਿਓਰਾਨੋ ਮੋਡੇਨੇਸ' ਅਤੇ 'ਯੂਨੀਓਨ ਬਾਸਾ ਰੇਜੀਆਨਾ' ਦੇ ਪੁਲਿਸ ਵਿਭਾਗਾਂ ਵਿਚ ਸੇਵਾਵਾਂ ਨਿਭਾ ਚੁੱਕੇ ਹੈ । ਹਰਪ੍ਰੀਤ ਕੌਰ ਅੱਜ ਕੱਲ ਆਪਣੇ ਪਤੀ ਅਮ੍ਰਿਤਪਾਲ ਸਿੰਘ ਸੰਧੂ ਦੇ ਨਾਲ ਵਿਚੈਂਸਾ ਨੇੜਲੇ ਸ਼ਹਿਰ ਆਰਜੀਨਿਆਨੋ ਵਿਖੇ ਰਹਿੰਦੀ ਹੈ।

### ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ...

ਵਿਧਵਾ ਜਾਂ ਦਿਵਿਆਂਗ ਔਰਤਾਂ ਜੋ ਪਹਿਲਾਂ ਹੀ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਕੋਈ ਪੈਨਸ਼ਨ ਲੈ ਰਹੀਆਂ ਹਨ, ਉਨ੍ਹਾਂ ਦੀ ਉਹ ਪੈਨਸ਼ਨ ਬੰਦ ਨਹੀਂ ਹੋਵੇਗੀ। ਉਨ੍ਹਾਂ ਨੂੰ ਉਸ ਪੈਨਸ਼ਨ ਦੇ ਨਾਲ-ਨਾਲ ਇਸ ਨਵੀਂ ਯੋਜਨਾ ਦਾ ਲਾਭ ਵੀ ਮਿਲਦਾ ਰਹੇਗਾ, ਜਿਸ ਨਾਲ ਉਨ੍ਹਾਂ ਨੂੰ ਦੋਹਰੀ ਆਰਥਿਕ ਮਦਦ ਮਿਲੇਗੀ। ਸਰਕਾਰੀ ਦਾਅਵੇ ਮੁਤਾਬਕ ਇਸ ਯੋਜਨਾ ਦੇ ਮਾਪਦੰਡ ਅਜਿਹੇ ਰੱਖੇ ਗਏ ਹਨ ਕਿ ਪੰਜਾਬ ਦੀ ਲਗਭਗ 97% ਮਹਿਲਾ ਆਬਾਦੀ ਇਸ ਦੇ ਘੇਰੇ ਵਿੱਚ ਆ ਜਾਵੇਗੀ। ਇਸ ਇਤਿਹਾਸਕ ਅਤੇ ਮੈਗਾ-ਪ੍ਰੋਜੈਕਟ ਨੂੰ ਬਿਨਾਂ ਕਿਸੇ ਰੁਕਾਵਟ ਦੇ ਸਫ਼ਲਤਾਪੂਰਵਕ ਚਲਾਉਣ ਲਈ ਪੰਜਾਬ ਦੀ ਮੌਜੂਦਾ ਸਰਕਾਰ ਨੇ ਵਿੱਤੀ ਸਾਲ ਦੇ ਬਜਟ ਵਿੱਚ 9,300 ਕਰੋੜ ਰੁਪਏ ਦੇ ਵਿਸ਼ੇਸ਼ ਫੰਡ ਰਾਖਵੇਂ ਰੱਖੇ ਹਨ। ਵਿੱਤ ਮੰਤਰਾਲੇ ਅਨੁਸਾਰ ਯੋਜਨਾ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤਾਂ ਜੋ ਸੂਬੇ ਦੀਆਂ ਮਾਵਾਂ-ਧੀਆਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਇਆ ਜਾ ਸਕੇ।

### ਪਦਮ ਵਿਭੂਸ਼ਣ ਪਾਂਡਵਾਨੀ ਗਾਇਕਾ ਤੀਜਨ...

ਜਾਂਦਾ ਸੀ। ਪਾਂਡਵਾਨੀ ਛੱਤੀਸਗੜ੍ਹ ਦੀ ਇੱਕ ਅਜਿਹੀ ਰਵਾਇਤੀ ਨਾਟਕੀ ਲੋਕ ਕਲਾ ਹੈ, ਜਿਸ ਵਿੱਚ ਸੰਗੀਤ ਅਤੇ ਸ਼ਾਨਦਾਰ ਗਾਇਕੀ ਦੇ ਸੁਮੇਲ ਰਾਹੀਂ ਮਹਾਭਾਰਤ ਦੇ ਪ੍ਰਸੰਗਾਂ ਅਤੇ ਪਾਂਡਵਾਂ ਦੀ ਕਥਾ ਨੂੰ ਸੁਣਾਇਆ ਜਾਂਦਾ ਹੈ। ਆਪਣੀ ਦਮਦਾਰ ਆਵਾਜ਼, ਸਟੇਜ 'ਤੇ ਪੇਸ਼ਕਾਰੀ ਦੇ ਅਨੋਖੇ ਅੰਦਾਜ਼ ਅਤੇ ਹਾਵ-ਭਾਵਾਂ ਲਈ ਮਸ਼ਹੂਰ ਤੀਜਨ ਬਾਈ ਨੇ ਇਸ ਖੇਤਰੀ ਲੋਕ ਪਰੰਪਰਾ ਨੂੰ ਕੌਮਾਂਤਰੀ ਪੱਧਰ 'ਤੇ ਮਾਨਤਾ ਦਿਵਾਈ ।

### ਹੁਸ਼ਿਆਰਪੁਰ ਨਗਰ ਨਿਗਮ ਚੋਣਾਂ : 35 'ਚ...

331 ਵੋਟਾਂ, ਵਾਰਡ ਨੰਬਰ 41 ਤੋਂ ਭਾਜਪਾ ਦੀ ਉਮੀਦਵਾਰ ਗਿਤਿਕਾ ਅਰੋੜਾ 765 ਵੋਟਾਂ , ਵਾਰਡ ਨੰਬਰ 42 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਜਸਵਿੰਦਰ ਕੌਰ 654 ਵੋਟਾਂ, ਵਾਰਡ ਨੰਬਰ 43 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਨੀਲਮ ਰਾਣੀ 765 ਵੋਟਾਂ, ਵਾਰਡ ਨੰਬਰ 44 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਪ੍ਰਦੀਪ ਕੁਮਾਰ 710 ਵੋਟਾਂ, ਵਾਰਡ ਨੰਬਰ 45 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਤਨੀਸ਼ਾ ਸ਼ਰਮਾ 780 ਵੋਟਾਂ, ਵਾਰਡ ਨੰਬਰ 46 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਜੇ ਕੁਮਾਰ ਵਰਮਾ 920 ਵੋਟਾਂ, ਵਾਰਡ ਨੰਬਰ 47 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਕਮਲੇਸ਼ ਰਾਣੀ 788 ਵੋਟਾਂ, ਵਾਰਡ ਨੰਬਰ 48 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਤੀਰਥ ਰਾਮ 632 ਵੋਟਾਂ, ਵਾਰਡ ਨੰਬਰ 49 ਤੋਂ ਭਾਜਪਾ ਦੇ ਉਮੀਦਵਾਰ ਕਮਲਜੀਤ 482 ਵੋਟਾਂ, ਵਾਰਡ ਨੰਬਰ 50 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਸੁਖਵਿੰਦਰ ਕੌਰ 579 ਵੋਟਾਂ ਲੈ ਕੇ ਜੇਤੂ ਰਹੇ।

## ਬ੍ਰਿਕਸ ਦੇਸ਼ਾਂ ਦੇ ਡਰੱਗ ਕੰਟਰੋਲ ਮੁਖੀਆਂ ਦੀ ਮੇਜ਼ਬਾਨੀ ਕਰੇਗਾ ਭਾਰਤ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਬ੍ਰਿਕਸ ਦੇਸ਼ਾਂ ਦੀ ਨਸ਼ੀਲੇ ਪਦਾਰਥ ਵਿਰੋਧੀ ਏਜੰਸੀਆਂ (ਐਂਟੀ ਡਰੱਗ ਏਜੰਸੀਆਂ) ਦੇ ਮੁਖੀਆਂ ਦੀ ਭਾਰਤ ਦੀ ਪ੍ਰਧਾਨਗੀ 'ਚ 6 ਅਤੇ 7 ਜੁਲਾਈ ਨੂੰ ਗੁਹਾਟੀ ਦੇ ਆਸਾਮ 'ਚ ਬੈਠਕ ਹੋਵੇਗੀ। ਜਿਸ 'ਚ ਨਸ਼ੀਲੇ ਪਦਾਰਥ ਤਸਕਰੀ ਅਤੇ ਨਸ਼ੀਲੇ ਪਦਾਰਥਾਂ ਦੀ ਗਲਤ ਵਰਤੋਂ ਦੀਆਂ ਚੁਣੌਤੀਆਂ 'ਤੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ 'ਤੇ ਚਰਚਾ ਕੀਤੀ ਜਾਵੇਗੀ। ਗ੍ਰਹਿ ਮੰਤਰਾਲਾ ਨੇ ਐਤਵਾਰ ਨੂੰ ਦੱਸਿਆ ਕਿ ਬੈਠਕ ਦਾ ਮਕਸਦ ਦੇਸ਼ਾਂ ਵਿਚਾਲੇ ਸੰਸਥਾਗਤ ਨਿਰੰਤਰਤਾ ਨੂੰ ਮਜ਼ਬੂਤ ਕਰਨਾ ਅਤੇ ਨਸ਼ੀਲੇ ਪਦਾਰਥ ਰੋਕਥਾਮ ਏਜੰਸੀਆਂ ਵਿਚਾਲੇ ਸੰਚਾਲਨ ਪੱਧਰ 'ਤੇ ਸਹਿਯੋਗ ਨੂੰ ਹੋਰ ਉਤਸ਼ਾਹ ਦੇਣਾ ਹੈ। ਗਲੋਬਲ ਨਸ਼ੀਲੇ ਪਦਾਰਥ ਤਸਕਰੀ ਦਾ ਦ੍ਰਿਸ਼ ਪਿਛਲੇ ਕੁਝ ਸਾਲਾਂ 'ਚ ਤੇਜ਼ੀ ਨਾਲ ਬਦਲਿਆ ਹੈ। ਸਿੰਥੈਟਿਕ ਡਰੱਗਜ਼, ਨਿਊ ਸਾਈਕੋਐਕਟਿਵ ਸਬਸਟੈਂਸ, ਡਾਰਕਨੇਟ ਦੇ ਮਾਧਿਅਮ ਨਾਲ ਹੋਣ ਵਾਲੀ ਤਸਕਰੀ ਅਤੇ ਕ੍ਰਿਪਟੋਕਰੰਸੀ ਆਧਾਰਤ ਵਿੱਤੀ ਲੈਣ-ਦੇਣ ਵਰਗੇ ਰੁਝਾਨਾਂ ਨੇ ਜਟਿਲ ਅੰਤਰਰਾਸ਼ਟਰੀ ਚੁਣੌਤੀਆਂ ਪੈਦਾ ਕੀਤੀਆਂ ਹਨ । ਉੱਥੇ ਹੀ ਦੂਜੇ ਪਾਸੇ, ਡਾਟਾ ਐਨਾਲਿਟਿਕਸ ਅਤੇ ਵਿੱਤੀ ਖੁਫੀਆ ਜਾਣਕਾਰੀ 'ਚ ਹੋਈ ਤਰੱਕੀ ਨੇ ਅੰਤਰਰਾਸ਼ਟਰੀ ਸਹਿਯੋਗ ਅਤੇ ਤਾਲਮੇਲ ਪਰਿਵਰਤਨ ਕਾਰਵਾਈ ਦੇ ਨਵੇਂ ਮੌਕੇ ਵੀ ਪ੍ਰਦਾਨ ਕੀਤੇ ਹਨ।

ਭਾਰਤ ਬ੍ਰਿਕਸ ਦੇਸ਼ਾਂ ਦੀ ਇਸ ਬੈਠਕ ਨੂੰ ਗੱਲਬਾਤ-ਕੇਂਦਰਿਤ ਪਲੇਟਫਾਰਮ ਤੋਂ ਅੱਗੇ ਵਧਾ ਕੇ ਇਕ ਨਤੀਜਾ-ਮੁਖੀ ਸਹਿਯੋਗੀ ਵਿਵਸਥਾ

**ਗੁਹਾਟੀ 'ਚ ਅੱਜ ਤੋਂ ਹੋਵੇਗੀ ਦੋ ਦਿਨਾਂ ਬੈਠਕ**

'ਚ ਬਦਲਣ ਵੱਲ ਇਕ ਮਹੱਤਵਪੂਰਨ ਕਦਮ ਵਜੋਂ ਦੇਖਦਾ ਹੈ। ਇਸ 'ਚ ਆਪਰੇਸ਼ਨਲ ਤਾਲਮੇਲ, ਖੁਫੀਆ ਜਾਣਕਾਰੀ ਦੇ ਆਦਾਨ-ਪ੍ਰਦਾਨ, ਸਮਰੱਥਾ ਨਿਰਮਾਣ ਅਤੇ ਉਭਰਦੇ ਨਸ਼ੀਲੇ ਪਦਾਰਥ ਸੰਬੰਧੀ ਖਤਰਿਆਂ ਵਿਰੁੱਧ ਸਮੂਹਿਕ ਕਾਰਵਾਈ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਜ਼ੋਰ ਰਹੇਗਾ। ਨਾਰਕੋਟਿਕਸ ਕੰਟਰੋਲ ਬਿਊਰੋ ਵਲੋਂ ਆਯੋਜਿਤ ਇਸ ਬੈਠਕ 'ਚ ਤਿੰਨ ਮੁੱਖ ਤਰਜੀਹਾਂ ਸਿੰਥੈਟਿਕ ਡਰੱਗ, ਰਸਾਇਣਾਂ ਦੀ ਗਲਤ ਵਰਤੋਂ ਅਤੇ ਡਾਇਵਰਜਨ 'ਤੇ ਮੁੱਖ ਰੂਪ ਨਾਲ ਵਿਚਾਰ ਕੀਤਾ ਜਾਵੇਗਾ। ਬੈਠਕ ਦਾ ਸਮਾਪਨ ਸੰਯੁਕਤ ਘੋਸ਼ਣਾ ਪੱਤਰ ਨਾਲ ਹੋਵੇਗਾ।

ਸੰਪਾਦਕੀ

# ਬੀਬੀਆਂ ਦੀਆਂ ਮੌਜਾਂ, ਪਰ ਜ਼ਰਾ ਬਚ ਕੇ

ਪੰਜਾਬ ਸਰਕਾਰ ਦੀ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਪੰਜਾਬ ਸਰਕਾਰ ਨੇ ਔਰਤਾਂ ਨੂੰ ਵਿੱਤੀ ਤੌਰ 'ਤੇ ਆਤਮਨਿਰਭਰ ਬਣਾਉਣ ਲਈ ਇੱਕ ਵੱਡੀ ਸਕੀਮ ਸ਼ੁਰੂ ਕੀਤੀ ਹੈ। ਇਸਦੇ ਤਹਿਤ ਬੀਬੀਆਂ ਦੇ ਖਾਤਿਆਂ ਵਿੱਚ ਪੈਸੇ ਆਉਣੇ ਸ਼ੁਰੂ ਹੋ ਗਏ ਹਨ।




ਪਰ ਫ਼ਰਜ਼ੀ ਲਿੰਕਸ ਤੇ ਕਲਿੱਕ ਕਰਨ ਨਾਲ ਕਈਆਂ ਦੇ ਖਾਤਿਆਂ ਵਿਚੋਂ ਪੈਸੇ ਨਿਕਲਣ ਦੀਆਂ ਖਬਰਾਂ ਵੀ ਸੋਸ਼ਲ ਮੀਡੀਆ ਉਪਰ ਆਈਆਂ ਹਨ, ਜਿਨ੍ਹਾਂ ਦੀ ਪ੍ਰਮਾਣਿਕਤਾ ਬਾਰੇ ਕੋਈ ਦਾਅਵਾ ਨਹੀਂ ਕੀਤਾ ਜਾ ਸਕਦਾ। ਮਾਵਾਂ-ਧੀਆਂ ਸਤਿਕਾਰ ਯੋਜਨਾ ਪੰਜਾਬ ਸਰਕਾਰ ਦੀ ਸਿੱਧੀ ਵਿੱਤੀ ਸਹਾਇਤਾ ਸਕੀਮ ਹੈ ਜਿਸ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਹਰ ਮਹੀਨੇ ਪੈਸੇ ਦਿੱਤੇ ਜਾਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿਛਲੇ ਹਫਤੇ ਪਹਿਲੀ ਜੁਲਾਈ ਨੂੰ ਧੂਰੀ ਤੋਂ ਇਸਦਾ ਉਦਘਾਟਨ ਕੀਤਾ। ਸਕੀਮ ਦੀ ਸ਼ੁਰੂਆਤ ਹੁੰਦਿਆਂ ਹੀ ਪਹਿਲੀ ਜੁਲਾਈ ਨੂੰ ਪਹਿਲੀ ਕਿਸ਼ਤ ਵਜੋਂ 3 ਮਹੀਨੇ ਦੀ ਰਕਮ ਇਕੱਠੀ ਦਿੱਤੀ ਗਈ ਹੈ। ਜਨਰਲ ਕੈਟਾਗਰੀ ਨੂੰ 3,000 ਰੁਪਏ ਅਤੇ ਐਸ.ਸੀ. ਸ਼੍ਰੇਣੀ ਦੀਆਂ ਬੀਬੀਆਂ ਨੂੰ 4,500 ਰੁਪਿਆ ਸਿੱਧਾ ਬੈਂਕ ਖਾਤੇ 'ਚ ਟਰਾਂਸਫਰ ਹੋਇਆ ਹੈ। ਸਰਕਾਰ ਦਾ ਕਹਿਣਾ ਹੈ ਕਿ ਪੰਜਾਬ ਦੀਆਂ ਲਗਭਗ 97% ਔਰਤਾਂ ਇਸਦਾ ਲਾਭ ਲੈਣਗੀਆਂ ਜਿਹੜੀਆਂ ਔਰਤਾਂ ਪਹਿਲਾਂ ਹੀ ਬੁਢਾਪਾ, ਵਿਧਵਾ ਜਾਂ ਅਪੰਗਤਾ ਪੈਨਸ਼ਨ ਲੈ ਰਹੀਆਂ ਹਨ, ਉਹ ਵੀ ਇਸ ਸਕੀਮ ਲਈ ਯੋਗ ਹਨ। ਲੇਕਿਨ ਸਰਕਾਰੀ ਮੁਲਾਜ਼ਮ, ਸਾਬਕਾ/ਮੌਜੂਦਾ ਐਮਪੀ/ਐਮਐਲਏ, ਇਨਕਮ ਟੈਕਸ ਭਰਨ ਵਾਲੀਆਂ ਔਰਤਾਂ ਇਸ ਸਕੀਮ ਤੋਂ ਬਾਹਰ ਹਨ। ਰਜਿਸਟ੍ਰੇਸ਼ਨ ਆਂਗਣਵਾੜੀ ਕੇਂਦਰਾਂ, ਸੇਵਾ ਕੇਂਦਰਾਂ ਅਤੇ ਨਿਸ਼ਚਿਤ ਥਾਵਾਂ 'ਤੇ ਹੋ ਰਹੀ ਹੈ। ਮੁੱਖ ਮੰਤਰੀ ਦਾ ਕਹਿਣਾ ਹੈ ਕਿ ਭਾਵੇਂ ਇਹ ਰਕਮ ਨਾਲ ਔਰਤਾਂ ਅਮੀਰ ਨਹੀਂ ਬਣਨਗੀਆਂ, ਪਰ ਇਸ ਨਾਲ ਉਨ੍ਹਾਂ ਨੂੰ ਇੱਜ਼ਤ, ਸਵੈ-ਮਾਣ ਅਤੇ ਵਿੱਤੀ ਆਜ਼ਾਦੀ ਮਿਲੇਗੀ। ਸਰਕਾਰ ਨੇ ਇਸ ਲਈ ਬਜਟ 'ਚ 9,300 ਕਰੋੜ ਰੱਖੇ ਹਨ। ਇਹ ਆਮ ਆਦਮੀ ਪਾਰਟੀ ਦੀ 2022 ਦੀਆਂ ਚੋਣਾਂ ਦੀ ਵੱਡੀ ਗਾਰੰਟੀ ਸੀ ਜਿਸਨੂੰ ਹੁਣ ਪੂਰਾ ਕੀਤਾ ਗਿਆ ਹੈ। ਸਕੀਮ ਦੇ ਨਾਂ 'ਤੇ ਸੋਸ਼ਲ ਮੀਡੀਆ 'ਤੇ ਫਰਜ਼ੀ ਲਿੰਕਾਂ ਤੋਂ ਸਾਵਧਾਨ ਰਹਿਣ ਦੀ ਲੋੜ ਹੈ। ਇਹਨਾਂ ਫ਼ਰਜ਼ੀ ਲਿੰਕਾਂ ਰਾਹੀਂ ਕਈ ਔਰਤਾਂ ਦੇ ਬੈਂਕ ਖਾਤੇ ਸਾਫ ਹੋਣ ਦੇ ਫਰਾਡ ਦੀਆਂ ਕੁਝ ਖਬਰਾਂ ਵੀ ਸੋਸ਼ਲ ਮੀਡੀਆ ਉਪਰ ਵਾਇਰਲ ਹੋ ਰਹੀਆਂ ਹਨ। ਹਾਲਾਂਕਿ ਇਸ ਦੀ ਕੋਈ ਪੁਖਤਾ ਜਾਨਕਾਰੀ ਨਹੀਂ ਹੈ। ਇਸ ਲਈ ਔਰਤਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਸਕੀਮ ਬਾਰੇ ਜਾਣਕਾਰੀ ਲਈ ਸਿਰਫ ਸੇਵਾ ਕੇਂਦਰ ਜਾਂ ਸਰਕਾਰੀ ਪੋਰਟਲ ਦੀ ਵਰਤੋਂ ਕਰਨੀ ਚਾਹੀਦੀ ਹੈ।

**- ਅਸ਼ਵਨੀ ਜੇਤਲੀ**

# ਭਾਰਤ ਦੀ ਏਕਤਾ ਅਤੇ ਤਰੱਕੀ ਨੂੰ ਸਮਰਪਿਤ ਜੀਵਨ

ਜ਼ਿਕਰ ਪੰਜਾਬ

ਅੱਜ, 6 ਜੁਲਾਈ ਦਾ ਦਿਨ ਰਾਸ਼ਟਰਵਾਦ ਅਤੇ ਨਿਰਸਵਾਰਥ ਸੇਵਾ ਦੇ ਆਦਰਸ਼ਾਂ ਨੂੰ ਮੰਨਣ ਵਾਲੇ ਅਣਗਿਣਤ ਲੋਕਾਂ ਲਈ ਖ਼ਾਸ ਦਿਨ ਹੈ ਅਸੀਂ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 125ਵੀਂ ਜਨਮ ਵਰ੍ਹੇਗੰਢ ਮਨਾ ਰਹੇ ਹਾਂ, ਜਿਨ੍ਹਾਂ ਦਾ ਜੀਵਨ ਮਾਂ ਭਾਰਤੀ ਪ੍ਰਤੀ ਹੌਸਲੇ ਅਤੇ ਅਟੁੱਟ ਵਚਨਬੱਧਤਾ ਦੀ ਸਦੀਵੀ ਮਿਸਾਲ ਹੈ ਆਧੁਨਿਕ ਭਾਰਤ ਵਿੱਚ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਵਰਗੇ ਬਹੁਤ ਘੱਟ ਨੇਤਾ ਹੋਏ ਹਨ, ਜਿਨ੍ਹਾਂ ਦੇ ਜੀਵਨ ਵਿੱਚ ਬੁੱਧੀ, ਲੋਕ ਸੇਵਾ ਅਤੇ ਨੈਤਿਕ ਵਿਸ਼ਵਾਸ ਦਾ ਅਜਿਹਾ ਸ਼ਾਨਦਾਰ ਸੁਮੇਲ ਦੇਖਣ ਨੂੰ ਮਿਲਦਾ ਹੈ ਨੌਜਵਾਨ ਸ਼ਿਆਮਾ ਪ੍ਰਸਾਦ ਦਾ ਜਨਮ ਅਜਿਹੇ ਹਾਲਾਤ ਵਿੱਚ ਹੋਇਆ ਸੀ, ਜੋ ਉਨ੍ਹਾਂ ਨੂੰ ਆਸਾਨੀ ਨਾਲ ਸੁਰੱਖਿਅਤ ਅਤੇ ਆਰਾਮਦਾਇਕ ਜੀਵਨ ਦੇ ਸਕਦੇ ਸਨ ਉਨ੍ਹਾਂ ਦੇ ਪਿਤਾ, ਸਰ ਆਸ਼ੂਤੋਸ਼ ਮੁਖਰਜੀ, ਆਪਣੇ ਵੇਲੇ ਦੇ ਉੱਘੇ ਸਿੱਖਿਆ ਸ਼ਾਸਤਰੀਆਂ ਅਤੇ ਬੁੱਧੀਜੀਵੀਆਂ ਵਿੱਚੋਂ ਇੱਕ ਸਨ ਕਿਸਮਤ ਨੇ ਉਨ੍ਹਾਂ ਅੱਗੇ ਸੁੱਖ-ਸਹੂਲਤਾਂ ਵਾਲਾ ਰਸਤਾ ਰੱਖਿਆ ਸੀ, ਪਰ ਉਨ੍ਹਾਂ ਦੀ ਜ਼ਮੀਰ ਨੇ ਉਨ੍ਹਾਂ ਨੂੰ ਕੁਰਬਾਨੀ ਅਤੇ ਦੇਸ਼ ਦੀ ਸੇਵਾ ਦੇ ਰਾਹ ਵੱਲ ਤੋਰਿਆ ਉਨ੍ਹਾਂ ਦਾ ਪੱਕਾ ਵਿਸ਼ਵਾਸ ਸੀ ਕਿ ਉਹ ਆਪਣੇ ਸਮੇਂ ਦੀਆਂ ਉੱਥਲ-ਪੁਥਲ ਭਰੀਆਂ ਘਟਨਾਵਾਂ ਦੇ ਮੂਕ ਦਰਸ਼ਕ ਨਹੀਂ ਬਣ ਸਕਦੇ, ਭਾਵੇਂ ਉਹ ਬਸਤੀਵਾਦ, ਫਿਰਕੂਵਾਦ ਜਾਂ ਮਾਨਵਤਾਵਾਦੀ ਚੁਣੌਤੀਆਂ ਖ਼ਿਲਾਫ਼ ਲੜਾਈ ਹੀ ਕਿਉਂ ਨਾ ਹੋਵੇ ਇਸ ਸਫ਼ਰ ਦੌਰਾਨ, ਉਨ੍ਹਾਂ ਨੇ ਬਹੁਤ ਡੂੰਘੇ ਨਿੱਜੀ ਦੁੱਖ ਵੀ ਝੱਲੇ, ਜਿਨ੍ਹਾਂ ਵਿੱਚ ਉਨ੍ਹਾਂ ਦੇ ਛੋਟੇ ਬੱਚੇ ਅਤੇ ਬਾਅਦ ਵਿੱਚ ਉਨ੍ਹਾਂ ਦੀ ਪਤਨੀ ਦੀ ਮੌਤ ਸ਼ਾਮਲ ਸੀ ਪਰ, ਇਨ੍ਹਾਂ ਦੁੱਖਾਂ ਨੇ ਉਨ੍ਹਾਂ ਦਾ ਇਰਾਦਾ ਹੋਰ ਪੱਕਾ ਕੀਤਾ ਅਤੇ ਸੇਵਾ ਕਰਨ ਦੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਹੋਰ ਮਜ਼ਬੂਤ ਕੀਤੀ ਜੇ ਕੋਈ ਅਜਿਹਾ ਆਦਰਸ਼ ਸੀ, ਜਿਸ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਜਨਤਕ ਜੀਵਨ ਨੂੰ ਸਭ ਤੋਂ ਵੱਧ ਪ੍ਰਭਾਸ਼ਿਤ ਕੀਤਾ, ਤਾਂ ਉਹ ਭਾਰਤ ਦੀ ਅਖੰਡਤਾ ਸੀ ਦੇਸ਼ ਦੀ ਵੰਡ ਦੀ ਉੱਥਲ-ਪੁਥਲ ਦੌਰਾਨ ਉਹ ਇਸ ਗੱਲ ਨੂੰ ਯਕੀਨੀ ਬਣਾਉਣ ਲਈ ਡਟੇ ਰਹੇ ਕਿ ਪੱਛਮੀ ਬੰਗਾਲ ਭਾਰਤ ਦਾ ਅਨਿੱਖੜਵਾਂ ਅੰਗ ਬਣਿਆ ਰਹੇ ਕੁਝ ਸਾਲਾਂ ਬਾਅਦ, ਇਹੀ ਵਿਸ਼ਵਾਸ ਉਨ੍ਹਾਂ ਨੂੰ ਜੰਮੂ-ਕਸ਼ਮੀਰ ਲੈ ਗਿਆ ਜੇਲ੍ਹ ਵੀ ਉਨ੍ਹਾਂ ਨੂੰ ਰੋਕ ਨਹੀਂ ਸਕੀ ਅਤੇ ਇਕਾਂਤਵਾਸ ਵੀ ਉਨ੍ਹਾਂ ਦਾ ਇਰਾਦਾ ਕਮਜ਼ੋਰ ਨਹੀਂ ਕਰ ਸਕਿਆ ਨਜ਼ਰਬੰਦੀ ਦੌਰਾਨ ਉਨ੍ਹਾਂ ਦਾ ਜੀਵਨ ਅਚਾਨਕ ਖਤਮ ਹੋ ਗਿਆ; ਉਹ ਵੀ ਉਨ੍ਹਾਂ ਅਣਗਿਣਤ ਲੋਕਾਂ ਤੋਂ ਬਹੁਤ ਦੂਰ, ਜਿਨ੍ਹਾਂ ਦੇ ਹੱਕਾਂ ਦੀ ਲੜਾਈ ਨੂੰ ਉਨ੍ਹਾਂ ਨੇ ਆਪਣੀ ਲੜਾਈ ਬਣਾ ਲਿਆ ਸੀ ਇਤਿਹਾਸ ਵਿੱਚ ਅਜਿਹੇ ਪਲ ਆਉਂਦੇ ਹਨ, ਜਦੋਂ ਕਿਸੇ ਵਿਅਕਤੀ ਦੀ ਆਖਰੀ ਕੁਰਬਾਨੀ ਰਾਜਨੀਤੀ ਤੋਂ ਉੱਪਰ ਉੱਠ ਕੇ ਰਾਸ਼ਟਰੀ ਯਾਦ ਦਾ ਹਿੱਸਾ ਬਣ ਜਾਂਦੀ ਹੈ ਡਾ. ਮੁਖਰਜੀ ਦੀ ਆਖਰੀ ਯਾਤਰਾ ਅਜਿਹਾ ਹੀ ਪਲ ਹੈ ਅਚਾਰੀਆ ਵਿਨੋਬਾ ਭਾਵੇ ਨੇ ਕਿਹਾ ਸੀ ਕਿ ਡਾ. ਮੁਖਰਜੀ ਨੇ ਉਸ ਉਦੇਸ਼ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ, ਜਿਸ ਵਿੱਚ ਉਨ੍ਹਾਂ ਦਾ ਅਥਾਹ ਵਿਸ਼ਵਾਸ ਸੀ ਸਾਲਾਂ ਬਾਅਦ, 2019 ਵਿੱਚ ਧਾਰਾ 370 ਅਤੇ 35(ਏ) ਨੂੰ ਹਟਾਉਣਾ ਉਨ੍ਹਾਂ ਦੀ ਸ਼ਹਾਦਤ ਨੂੰ ਸੱਚੀ ਸ਼ਰਧਾਂਜਲੀ ਸੀ ਡਾ. ਮੁਖਰਜੀ ਨੇ ਭਾਰਤ ਅਤੇ ਭਾਰਤੀ ਕਦਰਾਂ-ਕੀਮਤਾਂ ਨੂੰ ਪਹਿਲ ਦਿੱਤੀ ਉਨ੍ਹਾਂ ਨੇ ਇਹ ਕੰਮ ਅਜਿਹੀਆਂ ਸੰਸਥਾਵਾਂ ਦੀ ਉਸਾਰੀ ਕਰਕੇ ਅਤੇ ਅਜਿਹੇ ਸਿਸਟਮ ਤਿਆਰ ਕਰਕੇ ਕੀਤਾ, ਜਿਨ੍ਹਾਂ ਨੇ ਉਸ ਸਮੇਂ ਦੀ ਰਵਾਇਤੀ ਸੋਚ ਨੂੰ ਬਦਲ ਕੇ ਰੱਖ ਦਿੱਤਾ ਉਹ ਕਲਕੱਤਾ ਯੂਨੀਵਰਸਿਟੀ ਦੇ ਸਭ ਤੋਂ ਘੱਟ ਉਮਰ ਦੇ ਵਾਈਸ ਚਾਂਸਲਰ ਬਣੇ ਆਪਣੇ ਵਿਲੱਖਣ ਅੰਦਾਜ਼ ਵਿੱਚ ਉਨ੍ਹਾਂ ਨੇ ਅਜਿਹੇ ਸਕਾਰਾਤਮਕ ਬਦਲਾਅ ਲਿਆਂਦੇ ਜੋ ਦੇਸ਼ ਭਗਤੀ ਨਾਲ ਭਰੇ ਅਤੇ ਭਵਿੱਖਮੁਖੀ ਸਨ ਸਿੱਖਿਆ ਮਾਹਰਾਂ ਦੀ ਇੱਕ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡਾ. ਮੁਖਰਜੀ ਨੇ ਬਹੁਤ ਹੀ ਸ਼ਾਨਦਾਰ ਢੰਗ ਨਾਲ ਕਿਹਾ ਸੀ, ਵਿੱਦਿਅਕ ਅਦਾਰਿਆਂ ਨੂੰ ਕਲਰਕ ਅਤੇ ਘੱਟ ਤਨਖ਼ਾਹ ਵਾਲਾ ਸਟਾਫ ਪੈਦਾ ਕਰਨ ਵਾਲੀਆਂ ਫੈਕਟਰੀਆਂ ਵਜੋਂ ਦੇਖਣਾ ਗਲਤ ਹੈ ਸਾਨੂੰ ਅਜਿਹੇ ਵਿਦਿਆਰਥੀ ਤਿਆਰ ਕਰਨੇ ਪੈਣਗੇ, ਜੋ ਨਗਰ ਨਿਗਮਾਂ, ਸੂਬਾਈ ਅਤੇ ਕੇਂਦਰੀ ਵਿਧਾਨ ਸਭਾਵਾਂ ਵਰਗੀਆਂ ਸਾਡੀਆਂ ਸਵੈ-ਸ਼ਾਸਨ ਵਾਲੀਆਂ ਸੰਸਥਾਵਾਂ ਨੂੰ ਅਗਵਾਈ ਦੇਣ ਦੇ ਸਮਰੱਥ ਹੋਣ ਤੇ ਨਾਲ ਹੀ ਜੀਵਨ ਦੇ ਵੱਖ-ਵੱਖ ਖੇਤਰਾਂ ਜਿਵੇਂ ਕਿ ਵਿੱਤੀ, ਵਪਾਰਕ ਅਤੇ ਉਦਯੋਗਿਕ ਮਾਮਲਿਆਂ ਦਾ ਸੰਚਾਲਨ ਕਰ ਸਕਣ ਉਨ੍ਹਾਂ ਦੀ ਅਗਵਾਈ ਹੇਠ ਕਲਕੱਤਾ ਯੂਨੀਵਰਸਿਟੀ ਨੇ ਲਾਇਬ੍ਰੇਰੀ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ, ਵਿਗਿਆਨ ਦੇ ਖੇਤਰ ਵਿੱਚ ਖੋਜ ਨੂੰ ਹੁਲਾਰਾ ਦੇਣ, ਪੁਰਾਤਨ ਵਸਤਾਂ ਦੇ ਅਧਿਐਨ ਨੂੰ ਉਤਸ਼ਾਹਿਤ ਕਰਨ ਅਤੇ ਖੇਤੀਬਾੜੀ ਦੇ ਕੋਰਸ ਸ਼ੁਰੂ ਕਰਨ ਵਰਗੇ ਕਈ ਵਿਲੱਖਣ ਉਪਰਾਲੇ ਕੀਤੇ ਉਨ੍ਹਾਂ ਨੇ ਖੇਡਾਂ, ਅਧਿਆਪਕਾਂ ਦੀ ਸਿਖਲਾਈ ਅਤੇ ਵਿਦਿਆਰਥੀਆਂ ਦੀ ਭਲਾਈ ਵਰਗੇ ਖੇਤਰਾਂ ਵੱਲ ਵੀ ਧਿਆਨ ਖਿੱਚਿਆ ਵਿਦਿਆਰਥੀਆਂ ਅਤੇ ਸਾਬਕਾ ਵਿਦਿਆਰਥੀਆਂ ਵਿੱਚ ਮਾਣ ਦੀ ਭਾਵਨਾ ਪੈਦਾ ਕਰਨ ਲਈ ਉਨ੍ਹਾਂ ਨੇ 24 ਜਨਵਰੀ ਨੂੰ ਯੂਨੀਵਰਸਿਟੀ ਦੇ ਸਥਾਪਨਾ ਦਿਵਸ ਵਜੋਂ ਮਨਾਉਣ ਦੀ ਸ਼ੁਰੂਆਤ ਕੀਤੀ ਉਨ੍ਹਾਂ ਨੇ ਗੁਰੂਦੇਵ ਟੈਗੋਰ ਨੂੰ ਯੂਨੀਵਰਸਿਟੀ ਲਈ ਗੀਤ ਲਿਖਣ ਦੀ ਬੇਨਤੀ ਵੀ ਕੀਤੀ ਇਸ ਜਜ਼ਬੇ ਦੀ ਇੱਕ ਹੋਰ ਮਿਸਾਲ ਉਨ੍ਹਾਂ ਦੇ ਜੀਵਨ ਦੇ ਅਗਲੇ ਪੜਾਅ ਵਿੱਚ ਦੇਖਣ ਨੂੰ ਮਿਲਦੀ ਹੈ, ਜਦੋਂ ਉਨ੍ਹਾਂ ਨੇ ਭਾਰਤੀ ਜਨ ਸੰਘ ਬਣਾਉਣ ਦਾ ਫੈਸਲਾ ਕੀਤਾ ਅਜਿਹੇ ਸਮੇਂ ਜਦੋਂ ਕਾਂਗਰਸ ਪਾਰਟੀ ਦਾ ਹਰ ਪਾਸੇ ਬੋਲਬਾਲਾ ਸੀ, ਉਨ੍ਹਾਂ ਨੇ ਮਹਿਸੂਸ ਕੀਤਾ ਕਿ ਸਾਡੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੁੜੇ ਰਹਿੰਦਿਆਂ ਭਾਰਤ ਦੀ ਤਰੱਕੀ ਦੀ ਗੱਲ ਕਰਨ ਲਈ ਬਦਲਵੀਂ ਆਵਾਜ਼ ਦਾ ਹੋਣਾ ਬਹੁਤ ਜ਼ਰੂਰੀ ਹੈ ਪਾਰਟੀ ਦਾ ਚੋਣ ਨਿਸ਼ਾਨ 'ਦੀਵਾ', ਭਾਵ ਮਿੱਟੀ ਦਾ ਦੀਵਾ ਸ਼ਾਇਦ ਬਿਲਕੁਲ ਢੁਕਵਾਂ ਸੀ ਇਕੱਲਾ ਦੀਵਾ ਭਾਵੇਂ ਛੋਟਾ ਲੱਗਦਾ ਹੋਵੇ, ਪਰ ਉਸ ਵਿੱਚ ਆਪਣੇ ਆਲੇ-ਦੁਆਲੇ ਤੋਂ ਕਿਤੇ ਦੂਰ ਤੱਕ ਹਨੇਰਾ ਦੂਰ ਕਰਨ ਦੀ ਤਾਕਤ ਹੁੰਦੀ ਹੈ ਜਨ ਸੰਘ ਨੇ ਆਪਣੇ ਸਰਗਰਮ ਸਾਲਾਂ ਦੌਰਾਨ ਅਤੇ ਉਸ ਤੋਂ ਬਾਅਦ ਵੀ ਬਿਲਕੁਲ ਇਹੀ ਕੰਮ ਕੀਤਾ ਭਾਰਤ ਦੇ



ਪਹਿਲੇ ਉਦਯੋਗ ਅਤੇ ਸਪਲਾਈ ਮੰਤਰੀ ਵਜੋਂ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦਾ ਕਾਰਜਕਾਲ ਅਜਿਹੇ ਨੇਤਾ ਨੂੰ ਦਰਸਾਉਂਦਾ ਹੈ, ਜਿਨ੍ਹਾਂ ਦੀ ਵਿਕਾਸ ਦੀ ਸੋਚ ਬਹੁਤ ਹੀ ਵਿਆਪਕ ਅਤੇ ਮਨੁੱਖਤਾਵਾਦੀ ਸੀ ਉਹ ਉਦਯੋਗ ਨੂੰ ਨਵੇਂ ਆਜ਼ਾਦ ਹੋਏ ਦੇਸ਼ ਲਈ ਸਵੈ-ਮਾਣ, ਮੌਕੇ ਅਤੇ ਵਿਸ਼ਵਾਸ ਬਹਾਲ ਕਰਨ ਦੇ ਸਾਧਨ ਵਜੋਂ ਦੇਖਦੇ ਸਨ ਉਨ੍ਹਾਂ ਨੇ ਦੌਲਤ ਦੀ ਸਿਰਜਣਾ ਅਤੇ ਉਤਪਾਦਾਂ ਦੇ ਮੁੱਲ ਵਾਧੇ (ਵੈਲਿਊ ਅਡੀਸ਼ਨ) ਦਾ ਸਤਿਕਾਰ ਕੀਤਾ ਦਾਮੋਦਰ ਵੈਲੀ ਕਾਰਪੋਰੇਸ਼ਨ, ਸਿੰਦਰੀ ਖਾਦ ਪਲਾਂਟ ਅਤੇ ਮਜ਼ਬੂਤ ਉਦਯੋਗਿਕ ਨੀਤੀ ਵਰਗੀਆਂ ਸ਼ਾਨਦਾਰ ਪਹਿਲਕਦਮੀਆਂ ਰਾਹੀਂ ਆਧੁਨਿਕ ਉਦਯੋਗਿਕ ਭਾਰਤ ਦੀ ਨੀਂਹ ਰੱਖਣ ਦੇ ਨਾਲ-ਨਾਲ ਉਨ੍ਹਾਂ ਨੇ ਇਹ ਵੀ ਯਕੀਨੀ ਬਣਾਇਆ ਕਿ ਭਾਰਤ ਦੀਆਂ ਰਵਾਇਤੀ ਤਾਕਤਾਂ ਨੂੰ ਅਣਗੌਲਿਆ ਨਾ ਕੀਤਾ ਜਾਵੇ ਹੱਥ-ਖੱਡੀਆਂ, ਘਰੇਲੂ ਉਦਯੋਗਾਂ, ਕਾਰੀਗਰਾਂ ਅਤੇ ਟੈਕਸਟਾਈਲ ਵਰਕਰਾਂ ਨੂੰ ਉਨ੍ਹਾਂ ਵਿੱਚ ਬਰਾਬਰ ਦਾ ਵਚਨਬੱਧ ਹਮਾਇਤੀ ਮਿਲਿਆ ਇੱਥੇ, ਮੈਂ ਇੱਕ ਨਿੱਜੀ ਤਜਰਬਾ ਸਾਂਝਾ ਕਰਨਾ ਚਾਹਾਂਗਾ ਸਿੰਦਰੀ ਪਲਾਂਟ, ਜਿਸ ਨੂੰ ਡਾ. ਮੁਖਰਜੀ ਨੇ ਆਤਮ-ਨਿਰਭਰਤਾ ਦੀ ਸਪਸ਼ਟ ਸੋਚ ਨਾਲ ਸਥਾਪਤ ਕਰਨ ਲਈ ਕੰਮ ਕੀਤਾ ਸੀ, ਨੂੰ ਕਈ ਦਹਾਕਿਆਂ ਤੱਕ ਦੇਸ਼ ਚਲਾਉਣ ਵਾਲਿਆਂ ਵੱਲੋਂ ਅਣਗੌਲਿਆ ਕੀਤਾ ਗਿਆ ਮੈਨੂੰ ਇਸ ਗੱਲ ਦਾ ਮਾਣ ਹੈ ਕਿ ਸਾਡੀ ਸਰਕਾਰ ਨੂੰ ਇਸ ਦੀ ਮੁੜ ਸੁਰਜੀਤੀ ਵਿੱਚ ਯੋਗਦਾਨ ਪਾਉਣ ਦਾ ਮੌਕਾ ਮਿਲਿਆ ਉਸ ਪ੍ਰੋਗਰਾਮ ਵਿੱਚ ਸ਼ਾਮਲ ਹੋਣਾ ਵਾਕਈ ਸਭ ਤੋਂ ਖ਼ਾਸ ਪਲਾਂ ਵਿੱਚੋਂ ਇੱਕ ਸੀ ਭਾਰਤ ਦੀ ਸੱਭਿਅਕ ਪਰੰਪਰਾ ਵਿੱਚ ਹਮੇਸ਼ਾ ਸੰਵਾਦ ਅਤੇ ਵਿਚਾਰ-ਵਟਾਂਦਰੇ ਦਾ ਸਤਿਕਾਰ ਕੀਤਾ ਗਿਆ ਹੈ ਡਾ. ਮੁਖਰਜੀ ਨੇ ਇਹ ਲੋਕਤੰਤਰੀ ਭਾਵਨਾ ਅਪਣਾਈ ਉਹ ਪੰਡਿਤ ਨਹਿਰੂ ਦੀ ਕੈਬਨਿਟ ਵਿੱਚ ਇਹ ਮੰਨਦਿਆਂ ਸ਼ਾਮਲ ਹੋਏ ਕਿ ਸ਼ੁਰੂਆਤੀ ਸਾਲਾਂ ਵਿੱਚ ਰਾਸ਼ਟਰ ਨਿਰਮਾਣ ਦਾ ਕੰਮ ਰਾਜਨੀਤਿਕ ਮੱਤਭੇਦਾਂ ਤੋਂ ਉੱਪਰ ਹੈ ਉਨ੍ਹਾਂ ਨੇ ਪੂਰੀ ਇਮਾਨਦਾਰੀ ਅਤੇ ਉਸਾਰੂ ਭਾਵਨਾ ਨਾਲ ਸੇਵਾ ਕੀਤੀ ਪਰ ਜਦੋਂ ਉਨ੍ਹਾਂ ਨੇ ਮਹਿਸੂਸ ਕੀਤਾ ਕਿ ਰਾਸ਼ਟਰੀ ਮਹੱਤਵ ਦੇ ਮੁੱਦਿਆਂ ਲਈ ਵੱਖਰੇ ਰਸਤੇ ਦੀ ਲੋੜ ਹੈ, ਤਾਂ ਉਨ੍ਹਾਂ ਨੇ ਪੂਰੇ ਮਾਣ-ਸਤਿਕਾਰ ਨਾਲ ਆਪਣਾ ਅਹੁਦਾ ਛੱਡ ਦਿੱਤਾ ਅਤੇ ਆਪਣੇ ਆਪ ਨੂੰ ਪੂਰੇ ਦਿਲ ਨਾਲ ਉਸ ਰਾਜਨੀਤਿਕ ਕੰਮ ਲਈ ਸਮਰਪਿਤ ਕਰ ਦਿੱਤਾ, ਜਿਸ ਦੀ ਉਨ੍ਹਾਂ ਮੁਤਾਬਕ ਦੇਸ਼ ਨੂੰ ਲੋੜ ਸੀ 75 ਸਾਲ ਪਹਿਲਾਂ, ਪੰਡਿਤ ਨਹਿਰੂ ਪਹਿਲੀ ਸੋਧ ਲੈ ਕੇ ਆਏ, ਜੋ ਪ੍ਰਗਟਾਵੇ ਦੀ ਆਜ਼ਾਦੀ 'ਤੇ ਸਿੱਧਾ ਹਮਲਾ ਸੀ ਡਾ. ਮੁਖਰਜੀ ਇਸ ਦੇ ਸਭ ਤੋਂ ਵੱਡੇ ਆਲੋਚਕਾਂ ਵਿੱਚੋਂ ਇੱਕ ਸਨ ਉਹ ਪੂਰੀ ਤਰ੍ਹਾਂ ਸਮਝਦੇ ਸਨ ਕਿ ਕਾਂਗਰਸ ਕੀ ਕੁਝ ਕਰ ਸਕਦੀ ਹੈ ਅਤੇ ਉਨ੍ਹਾਂ ਦੀ ਗੱਲ ਸੱਚ ਸਾਬਤ ਹੋਈ ਜਿਨ੍ਹਾਂ ਨੇ 75 ਸਾਲ ਪਹਿਲਾਂ ਪਹਿਲੀ ਸੋਧ ਲਿਆਂਦੀ ਸੀ, ਉਨ੍ਹਾਂ ਨੇ ਹੀ 1975 ਵਿੱਚ ਐਮਰਜੈਂਸੀ ਲਾਈ ਅਤੇ 50 ਸਾਲ ਪਹਿਲਾਂ 42ਵਾਂ ਸੋਧ ਐਕਟ ਲਿਆਂਦਾ, ਜਿਸ ਨੇ ਮੁੜ ਉਦਾਰਵਾਦੀ ਲੋਕਤੰਤਰੀ ਕਦਰਾਂ-ਕੀਮਤਾਂ ਦੀ ਬੁਨਿਆਦ 'ਤੇ ਸੱਟ ਮਾਰੀ ਡਾ. ਮੁਖਰਜੀ ਆਪਣੇ ਮਨੁੱਖਤਾਵਾਦੀ ਯਤਨਾਂ ਲਈ ਵੀ ਜਾਣੇ ਜਾਂਦੇ ਹਨ ਜਦੋਂ 1943 ਵਿੱਚ ਬੰਗਾਲ ਵਿੱਚ ਸਭ ਤੋਂ ਭਿਆਨਕ ਕਾਲ ਪਿਆ, ਤਾਂ ਡਾ. ਮੁਖਰਜੀ ਨੇ ਖ਼ੁਦ ਨੂੰ ਪੀੜਤਾਂ ਦੀ ਸੇਵਾ ਵਿੱਚ ਲਾ ਦਿੱਤਾ ਉਨ੍ਹਾਂ ਨੇ ਲੋਕਾਂ ਨੂੰ ਖਾਣਾ ਖੁਆਉਣ ਲਈ ਕਈ ਕੈਂਟੀਨਾਂ ਅਤੇ ਰਾਹਤ ਕੇਂਦਰ ਖੋਲ੍ਹਣੇ ਯਕੀਨੀ ਬਣਾਏ ਇੱਕ ਪਾਸੇ, ਉਹ ਆਪਣੇ ਲੋਕਾਂ ਦੀ ਦੁਰਦਸ਼ਾ ਦੇਖ ਕੇ ਡੂੰਘੇ ਸਦਮੇ ਵਿੱਚ ਸਨ, ਜਦੋਂ ਕਿ ਦੂਜੇ ਪਾਸੇ, ਉਹ ਬਸਤੀਵਾਦੀ ਹਾਕਮਾਂ ਦੀ ਬੇਰੁਖੀ ਤੋਂ ਬੇਹੱਦ ਨਾਰਾਜ਼ ਸਨ ਉਨ੍ਹਾਂ ਨੇ 'ਪੰਚਾਸ਼ੇਰ ਮਨਵੰਤਰ' ਨਾਮ ਦੀ ਕਿਤਾਬ ਵੀ ਲਿਖੀ, ਜਿਸ ਵਿੱਚ ਉਨ੍ਹਾਂ ਨੇ ਆਪਣਾ ਗੁੱਸਾ ਅਤੇ ਦੁੱਖ ਸਾਂਝਾ ਕੀਤਾ ਜਦੋਂ 1942 ਵਿੱਚ ਮੇਦਿਨੀਪੁਰ ਵਿੱਚ ਭਿਆਨਕ ਤੁਫ਼ਾਨ ਆਇਆ, ਤਾਂ ਹਾਲਾਤ ਆਮ ਵਾਂਗ ਕਰਨ ਲਈ ਉਨ੍ਹਾਂ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ ਗਈ ਕੋਲਕਾਤਾ ਦੇ ਇੱਕ ਕਾਲਜ ਵਿੱਚ ਸੰਬੋਧਨ ਕਰਦਿਆਂ ਡਾ. ਮੁਖਰਜੀ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਸੀ, ਤੁਸੀਂ ਜੋ ਵੀ ਕੰਮ ਕਰੋ, ਉਸ ਨੂੰ ਗੰਭੀਰਤਾ ਨਾਲ, ਪੂਰੀ ਲਗਨ ਅਤੇ ਵਧੀਆ ਢੰਗ ਨਾਲ ਕਰੋ; ਇਸ ਨੂੰ ਕਦੇ ਵੀ ਅੱਧ-ਵਿਚਾਲੇ ਜਾਂ ਅਧੂਰਾ ਨਾ ਛੱਡੋ, ਉਦੋਂ ਤੱਕ ਕਦੇ ਵੀ ਆਪਣੇ ਆਪ ਨੂੰ ਸੰਤੁਸ਼ਟ ਨਾ ਸਮਝੋ ਜਦੋਂ ਤੱਕ ਤੁਸੀਂ ਪੂਰੀ ਵਾਹ ਨਹੀਂ ਲਾ ਦਿੰਦੇ ਜਿਵੇਂ-ਜਿਵੇਂ ਭਾਰਤ 'ਵਿਕਸਿਤ ਭਾਰਤ' ਦੇ ਟੀਚੇ ਵੱਲ ਵੱਧ ਰਿਹਾ ਹੈ, ਉਨ੍ਹਾਂ ਨੂੰ ਸਾਡੀ ਸਭ ਤੋਂ ਵੱਡੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਹਰ ਰੋਜ਼ ਉਹ ਮਜ਼ਬੂਤ, ਇੱਕਜੁੱਟ, ਆਤਮ-ਵਿਸ਼ਵਾਸੀ ਅਤੇ ਸੰਵੇਦਨਸ਼ੀਲ ਭਾਰਤ ਉਸਾਰਨ ਦੀ ਕੋਸ਼ਿਸ਼ ਕਰੀਏ, ਜਿਸ ਵਿੱਚ ਉਨ੍ਹਾਂ ਦਾ ਅਟੁੱਟ ਵਿਸ਼ਵਾਸ ਸੀ ਅੱਜ ਦੇ ਨੌਜਵਾਨਾਂ ਨੂੰ ਦੇਖਦਿਆਂ, ਮੈਨੂੰ ਪੂਰਾ ਯਕੀਨ ਹੈ ਕਿ ਉਹ ਇਸ ਜ਼ੁੰਮੇਵਾਰੀ ਨੂੰ ਬਾਖੂਬੀ ਨਿਭਾਉਣਗੇ ਅਤੇ ਬਿਲਕੁਲ ਅਜਿਹਾ ਹੀ ਕਰਨਗੇ



ਸ਼੍ਰੀ ਨਰੇਂਦਰ ਮੋਦੀ
ਪ੍ਰਧਾਨ ਮੰਤਰੀ, ਭਾਰਤ

# ਪੰਜਾਬ ਦੇ ਗੌਰਵਮਈ ਵਿਰਸੇ ਦੀ ਝਲਕ ਹੈ - ਜੰਨਤ ਏ ਜਰਖੜ





ਕਹਿੰਦੇ ਨੇ ਜੀਹਨੇ ਲਹੌਰ ਨਹੀਂ ਦੇਖਿਆ ਉਹ ਜੰਮਿਆ ਹੀ ਨਹੀਂ ਅਤੇ ਹੁਣ ਇਹ ਵੀ ਕਹਿਣਾ ਅਤਿ ਕਥਨੀ ਨਹੀਂ ਹੋਵੇਗਾ ਕਿ ਜੀਹਨੇ ਜੰਨਤ ਏ ਜਰਖੜ ਨਹੀਂ ਦੇਖਿਆ ਉਸ ਨੇ ਵੀ ਕੁਝ ਨਹੀਂ ਦੇਖਿਆ। ਮਹਾਂ ਨਗਰ ਲੁਧਿਆਣਾ ਤੋਂ ਕਰੀਬ ਦਸ ਗਿਆਰਾਂ ਕਿਲੋਮੀਟਰ ਦੀ ਦੂਰੀ 'ਤੇ ਮਲੇਰਕੋਟਲਾ ਸੜਕ 'ਤੇ ਸਥਿਤ ਮਸ਼ਹੂਰ ਪਿੰਡ ਜਰਖੜ ਵਿਖੇ ਕੁਦਰਤ ਦੀ ਗੋਦ ਵਰਗੀ ਇਹ ਹਰੀ ਭਰੀ ਤੇ ਰਮਣੀਕ ਜਗ੍ਹਾ ਪੰਜਾਬੀ ਸਭਿਆਚਾਰ ਤੇ ਇਸਦੇ ਗੌਰਵਮਈ ਵਿਰਸੇ ਦੀ ਵਿਲੱਖਣ ਝਲਕ ਪੇਸ਼ ਕਰਦੀ ਹੈ । ਉੱਘੇ ਅੰਤਰ ਰਾਸ਼ਟਰੀ ਖੇਡ ਪ੍ਰਮੋਟਰ ਤੇ ਸੀਨੀਅਰ ਪੱਤਰਕਾਰ ਸ ਜਗਰੂਪ ਸਿੰਘ ਜਰਖੜ ਜੰਨਤ ਏ ਜਰਖੜ ਦੇ ਨਿਰਮਾਤਾ ਹਨ। ਜੰਨਤ ਏ ਜਰਖੜ ਵਿੱਚ ਪ੍ਰਵੇਸ਼ ਕਰਦਿਆਂ ਹੀ ਸਾਹਮਣੇ ਲਾਹੌਰ ਦੇ ਦਾ ਦਿਲਕਸ਼ ਨਜ਼ਾਰਾ, ਸਦਰ ਥਾਣਾ, ਸੈਂਟਰਲ ਜੇਲ੍ਹ ਤੇ ਨਿੱਕੀ ਨਿੱਕੀ ਇੱਟ ਨਾਲ ਉਸਾਰੇ ਵਿਸ਼ਾਲ ਕਿਲ੍ਹੇ ਆਦਮੀ ਨੂੰ ਕਰੀਬ ਅੱਠ ਦਹਾਕੇ ਪਹਿਲਾਂ ਦੇ ਪੰਜਾਬ ਵਿੱਚ ਲਿਆ ਖੜ੍ਹਾ ਕਰਦੇ ਹਨ। ਖੱਬੇ ਹੱਥ ਬਣੀ ਹਵੇਲੀ , ਪੁਰਾਣੀ ਅਦਾਲਤ ਤੇ ਉਸ ਵਿੱਚ ਰੱਖਿਆ ਪੁਰਾਣਾ ਸਾਜੋ ਸਮਾਨ ਚਿੱਤ ਨੂੰ ਅਜੀਬ ਜਿਹਾ ਸਕੂਨ ਦਿੰਦਾ ਹੈ। ਜੰਨਤ ਏ ਜਰਖੜ ਦੇ ਵਿਹੜੇ ਵਿੱਚ ਉਸਰਿਆ ਦਿੱਲੀ ਦਾ ਵਿਸ਼ਾਲ ਲਾਲ ਕਿਲ੍ਹਾ ਦਰਸ਼ਕਾਂ ਲਈ ਖਿੱਚ ਦਾ ਵਿਸ਼ੇਸ਼ ਕੇਂਦਰ ਬਣਿਆ ਹੋਇਆ ਹੈ। ਠੰਡੇ ਪ੍ਰਦੇਸ਼ ਵਜੋਂ ਜਾਣੇ ਜਾਂਦੇ ਹਿਮਾਚਲ ਪ੍ਰਦੇਸ਼ ਦੀਆਂ ਖੂਬਸੂਰਤ ਵਾਦੀਆਂ ਦਾ ਦ੍ਰਿਸ਼ , ਲਹਿੰਦੇ ਤੇ ਚੜ੍ਹਦੇ ਪੰਜਾਬ ਦਾ ਬਾਰਡਰ , ਮਹਾਰਾਜਾ ਰਣਜੀਤ ਸਿੰਘ ਦਾ ਦਰਬਾਰ , ਪਿੰਡ ਦਾ ਕੱਚਾ ਦਰਵਾਜ਼ਾ , ਮਿਲਖਾ ਹਾਊਸ ਆਦਿ ਪੰਜਾਬ ਦੇ ਪੁਰਾਤਨ ਤੇ ਵਿਲੱਖਣ ਯੁੱਗ ਦੀਆਂ ਮੂੰਹੋ ਬੋਲਦੀਆਂ ਤਸਵੀਰਾਂ ਪੇਸ਼ ਕਰਦੇ ਹਨ। ਪਾਣੀ ਦੇ ਪੁਰਾਤਨ ਸ੍ਰੋਤ ਟਿੰਡਾਂ ਵਾਲਾ ਖੂਹ, ਬਲਦਾਂ ਜਾਂ ਹੋਰ ਜਾਨਵਰਾਂ ਨਾਲ ਗੇੜੀ ਜਾਣ ਵਾਲੀ ਹਰਟੀ, ਚੁੱਲ੍ਹਾ ਚੌਂਕਾ, ਮਧਾਣੀਆਂ , ਸੰਦੂਕ , ਵਿਆਹ ਵਾਲੀ ਡੋਲੀ ਆਦਿ ਵਸਤਾਂ ਵੇਖਕੇ ਵੀ ਮਨ ਨੂੰ ਅਜੀਬ ਜਿਹੇ ਸਕੂਨ ਦੀ ਪ੍ਰਾਪਤੀ ਹੁੰਦੀ ਹੈ । ਇੱਥੋਂ ਦੀ



ਖੂਬਸੂਰਤੀ ਮਾਨਣ ਲਈ ਆਮ ਦਰਸ਼ਕਾਂ ਦੇ ਨਾਲ ਨਾਲ ਜਿੱਥੇ ਪੰਜਾਬ ਦੇ ਕਈ ਸਕੂਲਾਂ ਦੇ ਵਿਦਿਆਰਥੀ ਆਉਂਦੇ ਰਹਿੰਦੇ ਹਨ ਉੱਥੇ ਇਹ ਰਮਣੀਕ ਸਥਾਨ ਕਈ ਫ਼ਿਲਮਕਾਰਾਂ ਤੇ ਗਾਇਕ ਕਲਾਕਾਰਾਂ ਦੀ ਵੀ ਪਹਿਲੀ ਪਸੰਦ ਬਣਿਆ ਹੋਇਆ ਹੈ। ਬਹੁਤੇ ਲੋਕ ਇਸ ਜਗ੍ਹਾ 'ਤੇ ਤੀਆਂ ਜਿਹੇ ਤਿਉਹਾਰ, ਪ੍ਰੀ ਵੈਡਿੰਗ, ਜਾਗੋ, ਕਿੱਟੀ ਪਾਰਟੀਜ਼ , ਹੈਪੀ ਬਰਥ ਡੇਅ ਤੇ ਹੋਰ ਰੰਗਾ ਰੰਗ ਸੇਲੀਬ੍ਰੇਸ਼ਨਜ਼ ਮਨਾਉਣ ਲਈ ਢੁੱਕਵੀਂ ਜਗ?ਹਾ ਵਜੋਂ ਵੇਖਦੇ ਹਨ। ਪੰਜਾਬ ਦੀ ਗੌਰਵਮਈ ਗਾਥਾ ਦਾ ਚਿੱਤਰਣ ਕਰਦੀ ਜੱਨਤ ਏ ਜਰਖੜ ਪੰਜਾਬ ਦੀ ਨਵੀਂ ਪੀੜ੍ਹੀ ਨੂੰ ਪੰਜਾਬ ਦੇ ਸ਼ਾਨਾਮੱਤੇ ਵਿਰਸੇ ਨਾਲ ਜੋੜਣ ਲਈ ਅਹਿਮ ਭੂਮਿਕਾ ਨਿਭਾ ਰਹੀ ਹੈ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਨਿਭਾਉਂਦੀ ਰਹੇਗੀ। ਇਸਦੇ ਨਿਰਮਾਣ ਲਈ ਸ ਜਗਰੂਪ ਸਿੰਘ ਜਰਖੜ ਵਧਾਈ ਦੇ ਪਾਤਰ ਹਨ।

# ਕੀ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਖੇਤਰੀ ਪਾਰਟੀ ਵਜੋਂ ਮੁੜ ਉਭਰੇਗਾ?

ਦੇਸ਼ ਵਿੱਚ ਐਮਰਜੈਂਸੀ ਦੀ 51ਵੀਂ ਵਰ੍ਹੇ ਗੰਢ ਦੇ ਮੌਕੇ 'ਤੇ ਸਭ ਤੋਂ ਵੱਡੀ ਭੂਮਿਕਾ ਨਿਭਾਉਣ ਵਾਲੇ ਸ਼?ਰੋਮਣੀ ਅਕਾਲੀ ਦਲ ਨੇ ਪੰਜਾਬ ਵਾਸੀਆਂ ਨਾਲ ਐਮਰਜੈਂਸੀ ਸਮੇਂ ਦੌਰਾਨ ਹੋਈਆਂ ਜ਼ਿਆਦਤੀਆਂ ਨੂੰ ਸਾਂਝਾ ਨਹੀਂ ਕੀਤਾ। ਯਾਦ ਰਹੇ ਪੰਜਾਬੀਆਂ ਨੇ ਐਮਰਜੈਂਸੀ ਦੇ ਦੌਰ 'ਚ ਸਭ ਤੋਂ ਵੱਧ ਕਸ਼ਟ ਭੋਗਿਆ ਸੀ। ਦੇਸ਼ ਭਰ 'ਚ ਵਿਰੋਧੀ ਧਿਰਾਂ ਨੇ ਐਮਰਜੈਂਸੀ ਦੇ ਕਾਲੇ ਦੌਰ ਨੂੰ ਖ਼ੂਬ ਪ੍ਰਚਾਰਿਆ ਅਤੇ ਕਾਂਗਰਸ ਖ਼ਿਲਾਫ਼ ਪ੍ਰਚਾਰ ਕਰਕੇ ਸਿਆਸੀ ਲਾਹਾ ਲੈਣ ਦਾ ਯਤਨ ਕੀਤਾ। ਪਰ ਸ਼?ਰੋਮਣੀ ਅਕਾਲੀ ਦਲ ਦੇ ਮੁੱਖ ਨੇਤਾ ਸਿਰਫ਼ ਇੱਕ ਬਿਆਨ ਦੇ ਕੇ ਚੁੱਪੀ ਸਾਧੀ ਬੈਠੇ ਰਹੇ। ਆਖ਼ਿਰ ਕਿਉਂ? ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਲਗਭਗ ਇੱਕ ਸਦੀ ਪੁਰਾਣਾ ਹੈ। ਇਹ ਸਿਰਫ਼ ਇੱਕ ਸਿਆਸੀ ਪਾਰਟੀ ਨਹੀਂ, ਬਲਕਿ ਪੰਜਾਬ, ਪੰਜਾਬੀਅਤ ਅਤੇ ਸਿੱਖ ਪੰਥ ਦੇ ਹੱਕਾਂ ਦੀ ਰਾਖੀ ਲਈ ਹੋਂਦ ਵਿੱਚ ਆਈ ਇੱਕ ਅਜਿਹੀ ਲਹਿਰ ਸੀ ਜਿਸ ਨੇ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਸਮਾਜਿਕ ਅਤੇ ਸੂਬਾਈ ਹੱਕਾਂ ਦੀ ਲੜਾਈ ਵਿੱਚ ਹਮੇਸ਼ਾ ਮੋਹਰੀ ਰੋਲ ਅਦਾ ਕੀਤਾ। ਕਦੇ ਇਹ ਪੰਜਾਬ ਖੇਤਰ ਦੀ ਤਰਜ਼ਮਾਨੀ ਕਰਨ ਵਾਲੀ ਪੰਜਾਬ ਦੀ ਵੱਡੀ ਸਿਆਸੀ ਧਿਰ ਸੀ। ਪਰ ਅੱਜ ਇਹ ਪਾਰਟੀ ਵਿੱਖਰੀ ਹੋਈ ਹੈ। ਫੁਟ ਦਾ ਸ਼ਿਕਾਰ ਹੈ। ਕੀ ਇਹ ਸਵਾਰਥ ਸਿੱਧੀ ਦਾ ਨਤੀਜਾ ਨਹੀਂ ਹੈ? ਸਵਾਲ ਇਹ ਵੀ ਖੜ੍ਹਾ ਹੁੰਦਾ ਹੈ ਕਿ ਕੀ ਕੁਰਬਾਨੀਆਂ ਦੇ ਇਤਿਹਾਸ ਵਾਲੀ ਇਹ ਜਥੇਬੰਦੀ ਪੰਜਾਬ ਵਿੱਚ ਇੱਕ ਮਜ਼ਬੂਤ ਖੇਤਰੀ ਪਾਰਟੀ ਵਜੋਂ ਮੁੜ ਉਭਰ ਸਕੇਗੀ? ਪੰਜਾਬ ਦੇ ਮੌਜੂਦਾ ਹਾਲਾਤ, ਕੇਂਦਰੀ ਪਾਰਟੀਆਂ ਦੀਆਂ ਚਾਲਾਂ ਅਤੇ ਅਕਾਲੀ ਦਲ ਦੀ ਅੰਦਰੂਨੀ ਫੁੱਟ ਨੂੰ ਵੇਖਦਿਆਂ ਇਹ ਸਵਾਲ ਬਹੁਤ ਗੰਭੀਰ ਹੋ ਗਿਆ ਹੈ। ਅਕਾਲੀ ਦਲ ਦੀ ਪਛਾਣ ਹਮੇਸ਼ਾ ਜ਼ੁਲਮ ਅਤੇ ਬੇਇਨਸਾਫ਼ੀ ਖ਼ਿਲਾਫ਼ ਡਟਣ ਵਾਲੀ ਪਾਰਟੀ ਵਜੋਂ ਰਹੀ ਹੈ। ਜਦੋਂ 1975 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਦੇਸ਼ ਵਿੱਚ ਐਮਰਜੈਂਸੀ ਲਗਾਈ, ਵਿਰੋਧੀ ਧਿਰ ਦੇ ਆਗੂਆਂ ਨੂੰ ਜੇਲ੍ਹਾਂ ਵਿੱਚ ਡੱਕ ਦਿੱਤਾ ਅਤੇ ਪ੍ਰੈੱਸ 'ਤੇ ਪਾਬੰਦੀਆਂ ਲਗਾ ਦਿੱਤੀਆਂ, ਤਾਂ ਉਹ ਸ਼?ਰੋਮਣੀ ਅਕਾਲੀ ਦਲ ਹੀ ਸੀ ਜਿਸ ਨੇ ਸਭ ਤੋਂ ਵੱਡੇ ਪੱਧਰ 'ਤੇ ਇਸ ਤਾਨਾਸ਼ਾਹੀ ਦਾ ਵਿਰੋਧ ਕੀਤਾ। ਸਵਰਗਵਾਸੀ ਪ੍ਰਕਾਸ਼ ਸਿੰਘ ਬਾਦਲ ਸਮੇਤ ਕਈ ਵੱਡੇ ਅਕਾਲੀ ਆਗੂਆਂ,ਵਰਕਰਾਂ ਨੇ ਲੰਮਾ ਸਮਾਂ ਜੇਲ੍ਹਾਂ ਕੱਟੀਆਂ ਅਤੇ ਕੁਰਬਾਨੀਆਂ ਦਿੱਤੀਆਂ। ਜਾਪਦਾ ਹੈ ਇਹਨਾਂ ਕੁਰਬਾਨੀਆਂ ਨੂੰ ਨੇਤਾਵਾਂ ਪੈਰਾਂ 'ਚ ਰੋਲ ਕੇ ਰੱਖ ਦਿੱਤਾ ਹੈ! ਅਕਾਲੀ ਦਲ ਦੇ ਮੌਜੂਦਾ ਕਿਰਦਾਰ ਵੱਲ ਝਾਤ ਮਾਰਦਿਆਂ ਤਾਂ ਬੜੇ ਦੁੱਖ ਨਾਲ ਕਹਿਣਾ ਪੈਂਦਾ ਹੈ ਕਿ ਇਹ ਪਾਰਟੀ ਆਪਣੇ ਹੀ ਸ਼ਾਨਦਾਰ ਇਤਿਹਾਸ ਨੂੰ ਪੂਰੀ ਤਰ੍ਹਾਂ ਵਿਸਾਰ ਚੁੱਕੀ ਹੈ। ਇੱਥੇ ਤਿੰਨ ਅਜਿਹੀਆਂ ਵੱਡੀਆਂ ਗੱਲਾਂ ਹਨ ਜਿਨ੍ਹਾਂ 'ਤੇ ਅਕਾਲੀ ਦਲ ਦੀ ਚੁੱਪੀ ਪੰਜਾਬੀਆਂ ਦੇ ਹਿਰਦੇ ਵਲੂੰਧਰਦੀ ਹੈ: ਪਹਿਲੀ ਇਹ ਕਿ ਐਮਰਜੈਂਸੀ ਦੀਆਂ ਜ਼ਿਆਦਤੀਆਂ ਨੂੰ ਇਹ ਪਾਰਟੀ ਭੁੱਲ ਚੁੱਕੀ ਹੈ। ਜਿਸ ਤਾਨਾਸ਼ਾਹੀ ਖ਼ਿਲਾਫ਼ ਅਕਾਲੀ ਦਲ ਨੇ ਸਭ ਤੋਂ ਵੱਡਾ ਮੋਰਚਾ ਲਾਇਆ ਸੀ, ਅੱਜ ਦੀ ਲੀਡਰਸ਼ਿਪ ਐਮਰਜੈਂਸੀ ਦੌਰਾਨ ਹੋਈਆਂ ਉਨ੍ਹਾਂ ਭਿਆਨਕ ਜ਼ਿਆਦਤੀਆਂ ਅਤੇ ਆਪਣੇ ਆਗੂਆਂ ਦੇ ਸੰਘਰਸ਼ ਨੂੰ ਪੂਰੀ ਤਰ੍ਹਾਂ ਵਿਸਾਰ ਬੈਠੀ ਹੈ। ਦੂਜਾ ਇਹ ਪਾਰਟੀ ਸੂਬਿਆਂ ਦੇ ਵੱਧ ਅਧਿਕਾਰਾਂ ਅਤੇ ਅਨੰਦਪੁਰ ਮਤੇ ਤੋਂ ਕਿਨਾਰਾ ਕਰੀ ਬੈਠੀ ਹੈ। ਭਾਰਤ ਦੇ ਸੰਘੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਰਾਜਾਂ ਨੂੰ ਵੱਧ ਸਵੈ-ਖ਼ੁਦਮੁਖਤਿਆਰੀ (ਅਧਿਕਾਰ) ਦਿਵਾਉਣ ਲਈ ਅਕਾਲੀ ਦਲ ਨੇ ਇਤਿਹਾਸਕ 'ਅਨੰਦਪੁਰ ਸਾਹਿਬ ਦਾ ਮਤਾ' ਪਾਸ ਕੀਤਾ ਸੀ। ਪਰ ਅੱਜ ਅਕਾਲੀ ਦਲ ਇਸ ਮਤੇ ਨੂੰ ਅੱਗੇ ਲਿਆਉਣ ਤੋਂ ਪੂਰੀ ਤਰ੍ਹਾਂ ਪਿੱਛੇ ਹਟ ਗਿਆ ਹੈ ਅਤੇ ਕੇਂਦਰੀਕਰਨ ਦੀ ਸਿਆਸਤ ਅੱਗੇ ਗੋਡੇ ਟੇਕ ਚੁੱਕਾ ਹੈ। ਤੀਜਾ ਇਸ ਪਾਰਟੀ ਵੱਲੋਂ ਪੰਜਾਬ ਦੇ ਪਾਣੀਆਂ ਅਤੇ ਹੋਰ ਮੰਗਾਂ ਪ੍ਰਤੀ ਇਹ ਮੋਰਚਾ ਲਾਉਣ ਦੇ ਆਪਣੇ ਸੁਭਾਅ ਨੂੰ ਭੁੱਲ ਚੁੱਕੀ ਹੈ। ਪੰਜਾਬ ਦੇ ਪਾਣੀਆਂ ਦੀ ਲੁੱਟ, ਚੰਡੀਗੜ੍ਹ ਦੀ ਵਾਪਸੀ ਅਤੇ ਪੰਜਾਬੀ ਬੋਲਦੇ ਇਲਾਕਿਆਂ ਦੇ ਮਸਲੇ ਪੰਜਾਬ ਦੇ ਹੋਂਦ ਦੀ ਲੜਾਈ ਹਨ। ਅਤੀਤ ਵਿੱਚ ਇਨ੍ਹਾਂ ਮੁਦਿਆਂ 'ਤੇ ਜੇਲ੍ਹਾਂ ਭਰਨ ਵਾਲਾ ਅਕਾਲੀ ਦਲ ਅੱਜ ਇਨ੍ਹਾਂ ਗੰਭੀਰ ਮਸਲਿਆਂ 'ਤੇ ਮੁੜ ਕੋਈ ਮੋਰਚਾ ਲਾਉਣ ਜਾਂ ਸੰਘਰਸ਼ ਵਿੱਢਣ ਦੀ ਹਿੰਮਤ ਨਹੀਂ ਦਿਖਾ ਰਿਹਾ। ਯਾਦ ਰਹੇ ਇਹ ਅਕਾਲੀ ਦਲ ਹੀ ਸੀ, ਜਿਸਨੇ ਪੰਜਾਬੀ ਸੂਬੇ ਦਾ ਇਤਿਹਾਸਿਕ ਮੋਰਚਾ ਲਗਾਇਆ। ਵੱਡੀਆਂ ਕੁਰਬਾਨੀਆਂ ਕੀਤੀਆਂ। ਪੰਜਾਬ ਦੇ ਲੋਕਾਂ ਦਾ ਦਿਲ ਜਿੱਤਿਆ। ਪਰ ਅੱਜ ਅਕਾਲੀ ਦਲ ਕੀ ਪੰਜਾਬ ਦੀ ਵੱਡੀ ਸਿਆਸੀ ਧਿਰ ਵਜੋਂ ਆਪਣੀ ਹੋਂਦ ਗੁਆ ਰਹੀ ਹੈ? ਅਕਾਲੀ ਦਲ ਦੇ ਪਤਨ ਅਤੇ ਮੌਜੂਦਾ ਸੰਕਟ ਦਾ ਇੱਕ ਵੱਡਾ ਕਾਰਨ ਧਾਰਮਿਕ ਸੰਸਥਾਵਾਂ ਦੀ ਸਿਆਸੀ ਹਿੱਤਾਂ ਲਈ ਵਰਤੋਂ ਕਰਨਾ ਮੰਨਿਆ ਜਾ ਰਿਹਾ ਹੈ। ਅੱਜ ਜਦੋਂ ਪਾਰਟੀ ਸਿਆਸੀ ਤੌਰ 'ਤੇ ਹਾਸ਼ੀਏ 'ਤੇ ਹੈ, ਤਾਂ ਇਸ 'ਤੇ ਲਗਾਤਾਰ ਇਹ ਦੋਸ਼ ਲੱਗ ਰਹੇ ਹਨ ਕਿ ਇਹ ਆਪਣੀ ਡੁੱਬਦੀ ਬੇੜੀ ਨੂੰ ਬਚਾਉਣ ਲਈ ਮੁੜ ਸਿੱਖ ਜਜ਼ਬਾਤ ਅਤੇ ਧਾਰਮਿਕ ਮੰਚਾਂ ਦਾ ਸਹਾਰਾ ਲੈ ਰਹੀ ਹੈ। ਹੁਣੇ ਜਿਹੇ, ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ 'ਪੰਥ ਦੋਖੀ' ਕਰਾਰ ਦਿੱਤੇ ਜਾਣ ਦਾ ਜੋ ਹੁਕਮਨਾਮਾ ਸਾਹਮਣੇ ਆਇਆ ਹੈ, ਉਸ ਪਿੱਛੇ ਵੀ ਅਕਾਲੀ ਦਲ ਦੀ ਬੈਕ ਸਟੇਜ ਸਿਆਸਤ ਹੋਣ ਦੇ ਗੰਭੀਰ ਦੋਸ਼ ਲੱਗ ਰਹੇ ਹਨ। ਪੰਜਾਬ ਦੀ ਸਿਆਸੀ ਕਚਹਿਰੀ ਵਿੱਚ ਇਹ ਚਰਚਾ ਆਮ ਹੈ ਕਿ ਅਕਾਲੀ ਦਲ ਇਸ ਹੁਕਮਨਾਮੇ ਦੀ ਖੁੱਲ੍ਹ ਕੇ ਪਿੱਠ ਪੂਰ ਰਿਹਾ ਹੈ ਤਾਂ ਜੋ ਮੌਜੂਦਾ 'ਆਪ' ਸਰਕਾਰ ਦੇ ਖ਼ਿਲਾਫ਼ ਪੰਥਕ ਸਫ਼ਾਂ ਵਿੱਚ ਗੁੱਸਾ ਪੈਦਾ ਕੀਤਾ ਜਾ ਸਕੇ। ਪਰ ਸਵਾਲ ਇਹ ਉੱਠਦਾ ਹੈ ਕਿ ਕੀ ਅਜਿਹੀ ਧਾਰਮਿਕ ਪੈਂਤਰੇਬਾਜ਼ੀ ਅਕਾਲੀ ਦਲ ਨੂੰ ਮੁੜ ਸੁਰਜੀਤ ਕਰ ਸਕੇਗੀ? ਇਤਿਹਾਸ ਗਵਾਹ ਹੈ ਕਿ ਜਦੋਂ ਵੀ ਸਿਆਸੀ ਪਾਰਟੀਆਂ ਨੇ ਸਰਵਉੱਚ ਧਾਰਮਿਕ ਸੰਸਥਾਵਾਂ ਨੂੰ ਆਪਣੇ ਨਿੱਜੀ ਜਾਂ ਜੱਥੇਬੰਦਕ ਲਾਹੇ ਲਈ ਵਰਤਣ ਦੀ ਕੋਸ਼ਿਸ਼ ਕੀਤੀ ਹੈ, ਉਸ ਨਾਲ ਸੰਸਥਾਵਾਂ ਦੀ ਮਰਿਆਦਾ ਨੂੰ ਵੀ ਢਾਹ ਲੱਗੀ ਹੈ ਅਤੇ ਲੋਕਾਂ ਵਿੱਚ ਉਸ ਪਾਰਟੀ ਦਾ ਅਕਸ ਹੋਰ ਖ਼ਰਾਬ ਹੋਇਆ ਹੈ। ਅੱਜ ਦੀ ਰਾਜਨੀਤੀ ਦਾ ਸਭ ਤੋਂ ਦੁਖਦਾਈ ਪਹਿਲੂ ਇਹ ਹੈ ਕਿ ਨੇਤਾ ਲੋਕ ਆਪਣੀ ਨੈਤਿਕਤਾ ਪੂਰੀ ਤਰ੍ਹਾਂ ਗੁਆ ਚੁੱਕੇ ਹਨ। ਅਸਲ ਮਾਇਨਿਆਂ ਵਿੱਚ ਕਿਸੇ ਸਿਆਸੀ ਪਾਰਟੀ ਦਾ ਮੈਂਬਰ ਹੋਣਾ ਉਸ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਪ੍ਰਤੀ ਵਫ਼ਾਦਾਰੀ ਦਾ ਪ੍ਰਤੀਕ ਹੁੰਦਾ ਹੈ। ਇੱਕ ਸੁਚੱਜੇ ਲੋਕਤੰਤਰ ਵਿੱਚ ਪਾਰਟੀਆਂ ਦੀਆਂ ਨੀਤੀਆਂ ਬੜੀਆਂ ਸਪਸ਼ਟ ਹੁੰਦੀਆਂ ਨੇ ਅਤੇ ਜਿਹੜੇ ਵਰਕਰ ਜਾਂ ਆਗੂ ਇਸ ਦੇ ਮੈਂਬਰ ਬਣਦੇ ਨੇ, ਉਹ ਉਨ੍ਹਾਂ ਨੀਤੀਆਂ ਦੀ ਪਹਿਰੇਦਾਰੀ ਲਈ ਆਪਣਾ ਜੀਵਨ ਲਗਾ ਦਿੰਦੇ ਹਨ। ਪਰ ਹੁਣ ਸਮਾਂ ਬਿਲਕੁਲ ਬਦਲ ਚੁੱਕਾ ਹੈ। ਅੱਜ ਸਿਧਾਂਤ ਅਤੇ ਵਫ਼ਾਦਾਰੀ ਮਹਿਜ਼ ਕਿਤਾਬੀ ਗੱਲਾਂ ਰਹਿ ਗਈਆਂ ਹਨ। ਅਕਾਲੀ ਦਲ ਵੀ ਇਸ ਦੁਖਾਂਤ ਦਾ ਸ਼ਿਕਾਰ ਹੈ! ਜਿੱਥੇ ਵੀ ਕਿਸੇ ਨੇਤਾ ਨੂੰ ਸੱਤਾ ਜਾਂ ਕੁਰਸੀ ਦੀ ਚਮਕ ਦਿਸਦੀ ਹੈ, ਉਹ ਉਸੇ ਹਿਸਾਬ ਦੇ ਨਾਲ ਬਿਨਾਂ ਕਿਸੇ ਸ਼ਰਮ ਦੇ ਆਪਣੀ ਪਾਰਟੀ ਬਦਲ ਲੈਂਦਾ ਹੈ। ਪੰਜਾਬ ਵਿੱਚ ਅੱਜ 'ਆਇਆ ਰਾਮ, ਗਿਆ ਰਾਮ' ਦੀ ਇਹ ਸਿਆਸਤ ਸਿਖਰਾਂ 'ਤੇ ਹੈ। ਨੇਤਾ ਇੱਕ ਪਾਰਟੀ ਛੱਡ ਕੇ ਦੂਜੀ ਵਿੱਚ ਛਾਲਾਂ ਮਾਰ ਰਹੇ ਹਨ। ਇਸ ਮੌਕਾਪ੍ਰਸਤੀ ਨੇ ਆਮ ਜਨਤਾ ਦਾ ਸਿਆਸੀ ਜਮਾਤ ਤੋਂ ਭਰੋਸਾ ਹੀ ਉਠਾ ਦਿੱਤਾ ਹੈ, ਅਤੇ ਅਕਾਲੀ ਦਲ ਵੀ ਇਸ ਅੰਦਰੂਨੀ ਟੁੱਟ-ਭੱਜ ਅਤੇ ਮੌਕਾਪ੍ਰਸਤੀ ਤੋਂ ਅਛੂਤਾ ਨਹੀਂ ਰਿਹਾ। ਇਸ ਸਿਆਸੀ ਖਿੱਚੋਤਾਣ ਦੇ ਦਰਮਿਆਨ ਪੰਜਾਬ ਦੇ ਅਸਲ ਬੁਨਿਆਦੀ ਮਸਲੇ ਹਾਸ਼ੀਏ 'ਤੇ ਚਲੇ ਗਏ ਹਨ। ਅੱਜ ਪੰਜਾਬ ਵਿੱਚ ਬੇਰੋਜ਼ਗਾਰੀ ਬਹੁਤ ਜ਼ਿਆਦਾ ਵੱਧ ਚੁੱਕੀ ਹੈ, ਜਿਸ ਕਾਰਨ ਸਾਡੀ ਸਭ ਤੋਂ ਵੱਡੀ ਤਾਕਤ-ਸਾਡੀ ਨੌਜਵਾਨੀ-ਭਵਿੱਖ ਦੇ ਧੁੰਦਲੇਪਣ ਤੋਂ ਡਰਦੀ ਹੋਈ ਧੜਾਧੜ ਵਿਦੇਸ਼ਾਂ ਨੂੰ ਭੱਜ ਰਹੀ ਹੈ। ਪੰਜਾਬ ਦੇ ਘਰ ਖਾਲੀ ਹੋ ਰਹੇ ਹਨ ਅਤੇ ਬਜ਼ੁਰਗ ਇਕੱਲੇ ਰਹਿ ਗਏ ਹਨ। ਦੂਜੇ ਪਾਸੇ, ਜਿਹੜੀ ਨੌਜਵਾਨੀ ਇੱਥੇ ਰਹਿ ਗਈ ਹੈ, ਉਸ ਨੂੰ ਨਸ਼ਿਆਂ ਦਾ ਪ੍ਰਕੋਪ ਲਗਾਤਾਰ ਆਪਣੀ ਗ੍ਰਿਫ਼ਤ ਵਿੱਚ ਲੈ ਰਿਹਾ ਹੈ। ਨਸ਼ਿਆਂ ਦਾ ਇਹ ਕੋਹੜ ਪੰਜਾਬ ਦੀਆਂ ਜੜ੍ਹਾਂ ਨੂੰ ਰੋਜ਼ਾਨਾ ਖੋਖਲਾ ਕਰ ਰਿਹਾ ਹੈ। ਆਮ ਪੰਜਾਬੀ ਅੱਜ ਇਹ ਸਵਾਲ ਪੁੱਛ ਰਿਹਾ ਹੈ ਕਿ ਕੀ ਅਕਾਲੀ ਦਲ ਕੋਲ ਇਨ੍ਹਾਂ ਭਖਦੇ ਮਸਲਿਆਂ ਲਈ ਕੋਈ ਠੋਸ ਅਤੇ ਸਪਸ਼ਟ ਏਜੰਡਾ ਹੈ, ਜਾਂ ਫਿਰ ਉਹ ਸਿਰਫ਼ ਧਾਰਮਿਕ ਫ਼ਤਵਿਆਂ ਦੇ ਓਹਲੇ ਆਪਣੀ ਸਿਆਸੀ ਹੋਂਦ ਬਚਾਉਣ ਦੀ ਤਾਕ ਵਿੱਚ ਹੈ? ਅਕਾਲੀ ਦਲ ਨੂੰ ਸਭ ਤੋਂ ਵੱਡਾ ਨੁਕਸਾਨ ਭਾਰਤੀ ਜਨਤਾ ਪਾਰਟੀ ਨਾਲ ਲੰਮੀ ਸਿਆਸੀ ਭਾਈਵਾਲੀ ਕਾਰਨ ਹੋਇਆ ਹੈ। ਭਾਜਪਾ ਵੱਲੋਂ ਦੇਸ਼ ਭਰ ਵਿੱਚ 'ਸਾਮ, ਦਾਮ, ਦੰਡ, ਭੇਦ' ਦੀ ਨੀਤੀ ਤਹਿਤ ਖੇਤਰੀ ਪਾਰਟੀਆਂ ਨੂੰ ਹੌਲੀ-ਹੌਲੀ ਖ਼ਤਮ ਜਾਂ ਕਮਜ਼ੋਰ ਕਰਨ ਦੀ ਖੇਡ ਖੇਡੀ ਜਾ ਰਹੀ ਹੈ ਅਤੇ ਅਕਾਲੀ ਦਲ ਵੀ ਇਸੇ ਦਾ ਸ਼ਿਕਾਰ ਹੋਇਆ ਹੈ। ਕੀ ਅਕਾਲੀ ਦਲ ਦੀ ਲੀਡਰਸ਼ਿਪ ਇਹ ਸਮਝ ਨਹੀਂ ਰਹੀ? ਕੇਂਦਰ ਵੱਲੋਂ ਸੂਬਾਈ ਤਾਕਤਾਂ ਨੂੰ ਦਬਾਉਣ ਦੀ ਇਹ ਖੇਡ ਨਵੀਂ ਨਹੀਂ ਹੈ। ਕਾਂਗਰਸ ਵੀ ਪਹਿਲਾਂ ਇਸ ਖੇਡ ਵਿੱਚ ਉਸਤਾਦ ਰਹੀ ਹੈ, ਜਿਸ ਨੇ ਸੰਵਿਧਾਨ ਦੀ ਧਾਰਾ 356 ਦਾ ਮਨਮਾਨਾ ਇਸਤੇਮਾਲ ਕਰਕੇ ਕਈ ਵਾਰ ਪੰਜਾਬ ਦੀਆਂ ਚੁਣੀਆਂ ਹੋਈਆਂ ਸਰਕਾਰਾਂ ਨੂੰ ਡੇਗਿਆ ਸੀ। ਪਰ ਦੁੱਖ ਦੀ ਗੱਲ ਇਹ ਹੈ ਕਿ ਅਕਾਲੀ ਦਲ ਨੇ ਭਾਜਪਾ ਨਾਲ ਸੱਤਾ ਵਿੱਚ ਹੁੰਦਿਆਂ ਵੀ ਪੰਜਾਬ ਦੇ ਪੱਕੇ ਮਸਲੇ ਹੱਲ ਕਰਵਾਉਣ ਦੀ ਬਜਾਏ ਆਪਣੀ ਕੁਰਸੀ ਨੂੰ ਹੀ ਤਰਜੀਹ ਦਿੱਤੀ। ਭਾਵੇਂ ਕਿ ਮਜ਼ਬੂਰਨ ਕਿਸਾਨ ਅੰਦੋਲਨ ਵੇਲੇ ਉਸ ਵੱਲੋਂ ਇਹ ਭਾਈਵਾਲੀ ਛੱਡ ਦਿੱਤੀ ਗਈ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਹੀ ਪੰਜਾਬ ਦੇ ਨਾਲ ਕੇਂਦਰ ਸਰਕਾਰਾਂ ਵੱਲੋਂ ਲਗਾਤਾਰ ਬੜੇ ਲੰਮੇ ਸਮੇਂ ਤੋਂ ਵਿਤਕਰੇ ਹੁੰਦੇ ਆ ਰਹੇ ਹਨ। ਚਾਹੇ ਉਹ ਪੰਜਾਬ ਦੇ ਪਾਣੀਆਂ ਦੀ ਬੇਇਨਸਾਫ਼ੀ ਹੋਵੇ, ਰਾਜਧਾਨੀ ਚੰਡੀਗੜ੍ਹ ਦਾ ਮਸਲਾ ਹੋਵੇ, ਜਾਂ ਫਿਰ ਪੰਜਾਬੀ ਬੋਲਦੇ ਇਲਾਕਿਆਂ ਨੂੰ ਸੂਬੇ ਤੋਂ ਬਾਹਰ ਰੱਖਣ ਦੀ ਸਾਜ਼ਿਸ਼-ਪੰਜਾਬ ਨੇ ਹਮੇਸ਼ਾ ਕੇਂਦਰੀਕਰਨ ਦੀ ਮਾਰ ਝੱਲੀ ਹੈ। ਇਨ੍ਹਾਂ ਇਤਿਹਾਸਕ ਵਿਤਕਰਿਆਂ ਨੂੰ ਦੂਰ ਕਰਨ ਲਈ ਪੰਜਾਬ ਨੂੰ ਅੱਜ ਕਿਸੇ ਦਿੱਲੀ-ਪ੍ਰੇਰਿਤ ਪਾਰਟੀ ਦੀ ਨਹੀਂ, ਬਲਕਿ ਇੱਕ ਅਜਿਹੀ ਮਜ਼ਬੂਤ ਅਤੇ ਸੱਚੀ ਖੇਤਰੀ ਪਾਰਟੀ ਦੀ ਅਤਿਅੰਤ ਲੋੜ ਹੈ ਜੋ ਬਿਨਾਂ ਕਿਸੇ ਡਰ ਦੇ 'ਪੰਜਾਬ, ਪੰਜਾਬੀ ਅਤੇ ਪੰਜਾਬੀਅਤ' ਦੀ ਅਸਲ ਰਾਖੀ ਕਰ ਸਕੇ। ਪੰਜਾਬ ਦੇ ਲੋਕ ਇੱਕ ਅਜਿਹੀ ਲੀਡਰਸ਼ਿਪ ਚਾਹੁੰਦੇ ਹਨ ਜੋ ਪੰਜਾਬ ਖੇਤਰ ਦੇ ਸਥਾਨਕ ਮਸਲਿਆਂ ਨੂੰ ਹੱਲ ਕਰਨ ਲਈ ਹਿੱਕ ਤਾਣ ਕੇ ਖੜ੍ਹੇ ਅਤੇ ਕੇਂਦਰ ਅੱਗੇ ਗੋਡੇ ਟੇਕਣ ਦੀ ਬਜਾਏ ਪੰਜਾਬ ਦੇ ਹੱਕਾਂ ਲਈ ਯਤਨ ਕਰੇ। ਅੱਜ ਜਦੋਂ ਕਿ ਚੋਣਾਂ ਦੇ ਦਿਨ ਆ ਚੁੱਕੇ ਨੇ, ਪੰਜਾਬ ਦੇ ਲੋਕਾਂ ਵਿੱਚ ਇਸ ਨਿਰਾਸ਼ਾ ਦੇ ਦੌਰ ਦਰਮਿਆਨ ਅਕਾਲੀ ਦਲ ਦਾ ਆਪਣਾ ਸਟੈਂਡ ਬਿਲਕੁਲ ਸਾਫ਼ ਨਹੀਂ ਹੈ। ਪਾਰਟੀ ਨੂੰ ਪੰਜਾਬ ਦੀ ਕਚਹਿਰੀ ਵਿੱਚ ਇਹ ਸਪੱਸ਼ਟ ਕਰਨਾ ਪਵੇਗਾ ਕਿ ਉਸ ਦਾ ਪੰਜਾਬ ਦੇ ਖੇਤਰ ਅਤੇ ਇੱਥੋਂ ਦੇ ਲੋਕਾਂ ਪ੍ਰਤੀ ਅਸਲ ਸਟੈਂਡ ਕੀ ਹੈ? ਕੀ ਉਹ ਸਿਰਫ਼ ਵੋਟਾਂ ਦੀ ਸਿਆਸਤ ਤੱਕ ਸੀਮਤ ਰਹੇਗੀ ਜਾਂ ਫਿਰ ਪੰਜਾਬ ਦੇ ਲਤਾੜੇ ਜਾ ਚੁੱਕੇ ਹੱਕਾਂ ਲਈ ਸੱਚਮੁੱਚ ਲੜਨ ਵਾਸਤੇ ਤਿਆਰ ਹੈ? ਪੰਜਾਬ ਪਿਛਲੇ ਲੰਮੇ ਸਮੇਂ ਤੋਂ ਸਿਆਸੀ ਅਤੇ ਆਰਥਿਕ ਤੌਰ 'ਤੇ ਬਹੁਤ ਬੁਰੀ ਤਰ੍ਹਾਂ ਲਤਾੜਿਆ ਜਾ ਚੁੱਕਾ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਕੀ ਸ਼?ਰੋਮਣੀ ਅਕਾਲੀ ਦਲ (ਜਾਂ ਇਸ ਦੇ ਵੱਖ-ਵੱਖ ਧੜੇ) ਚੋਣਾਂ ਦੇ ਇਸ ਨਾਜ਼ੁਕ ਮੋੜ 'ਤੇ ਪੰਜਾਬ ਨੂੰ ਮਜ਼ਬੂਤ ਅਗਵਾਈ ਦੇ ਸਕਣਗੇ? ਕੀ ਉਹ ਆਪਣੀਆਂ ਇਤਿਹਾਸਕ ਭੁੱਲਾਂ ਨੂੰ ਸੁਧਾਰ ਕੇ ਲੋਕਾਂ ਵਿੱਚ ਆਪਣਾ ਗੁਆਚਿਆ ਹੋਇਆ ਵਿਸ਼ਵਾਸ ਮੁੜ ਬਣਾ ਸਕਣਗੇ? ਸ਼੍ਰੋਮਣੀ ਅਕਾਲੀ ਦਲ ਦਾ ਮੁੜ ਉਭਾਰ ਤਾਂ ਹੀ ਸੰਭਵ ਹੈ ਜੇਕਰ ਇਹ ਨਿੱਜੀ ਹਿੱਤਾਂ, ਧੜੇਬੰਦੀਆਂ, ਮੌਕਾਪ੍ਰਸਤ ਸਿਆਸਤ ਅਤੇ ਧਾਰਮਿਕ ਸੰਸਥਾਵਾਂ ਦੀ ਸਿਆਸੀ ਵਰਤੋਂ ਦੇ ਦੋਸ਼ਾਂ ਤੋਂ ਉੱਪਰ ਉੱਠ ਕੇ, ਚੋਣਾਂ ਦੇ ਮੌਜੂਦਾ ਦੌਰ ਵਿੱਚ ਪੰਜਾਬ ਦੇ ਲੋਕਾਂ ਸਾਹਮਣੇ ਆਪਣੀ ਨੀਤੀ ਸਪੱਸ਼ਟ ਕਰੇ। ਇਸ ਨੂੰ ਮੁੜ ਤੋਂ "ਪੰਜਾਬ, ਪੰਜਾਬੀਅਤ, ਪਾਣੀਆਂ ਦੇ ਹੱਕ, ਨੌਜਵਾਨੀ ਦੇ ਰੁਜ਼ਗਾਰ ਅਤੇ ਅਨੰਦਪੁਰ ਸਾਹਿਬ ਦੇ ਮਤੇ"ਦੀ ਅਸਲ ਪਹਿਰੇਦਾਰ ਬਣ ਕੇ ਮੈਦਾਨ ਵਿੱਚ ਨਿੱਤਰਨਾ ਪਵੇਗਾ। ਜੇਕਰ ਲੀਡਰਸ਼ਿਪ ਹੁਣ ਵੀ ਨਾ ਸੰਭਲੀ, ਨੈਤਿਕਤਾ ਨੂੰ ਵਿਸਾਰ ਕੇ ਸਿਰਫ਼ ਕੁਰਸੀ ਪਿੱਛੇ ਭੱਜਦੀ ਰਹੀ ਅਤੇ ਧਾਰਮਿਕ ਆੜ ਹੇਠ ਨਕਾਰਾਤਮਕ ਸਿਆਸਤ ਕਰਦੀ ਰਹੀ, ਤਾਂ ਪੰਜਾਬੀ ਲੋਕ ਸ਼?ਰੋਮਣੀ ਅਕਾਲੀ ਦਲ ਲੀਡਰਸ਼ਿਪ ਨੂੰ ਕਦੇ ਮੁਆਫ਼ ਨਹੀਂ ਕਰਨਗੇ।



ਗੁਰਮੀਤ ਸਿੰਘ ਪਲਾਹੀ

**ਸੰਪਰਕ : 9815802070**

# ਈ-ਜਾਗ੍ਰਿਤੀ: ਡਿਜੀਟਲ ਭਾਰਤ ਵਿੱਚ ਉਪਭੋਗਤਾ ਨਿਆਂ ਲਈ ਨਵਾਂ ਸੰਕਲਪ

ਜ਼ਿਕਰ ਪੰਜਾਬ

ਨਿਆਂ ਵਿੱਚ ਦੇਰੀ, ਲੰਬੇ ਸਮੇਂ ਤੋਂ ਭਾਰਤੀ ਉਪਭੋਗਤਾਵਾਂ ਲਈ ਸਭ ਤੋਂ ਵੱਡੀ ਨਿਰਾਸ਼ਾਵਾਂ ਵਿੱਚੋਂ ਇੱਕ ਰਹੀ ਹੈ। ਭਾਵੇਂ ਉਹ ਖ਼ਰਾਬ ਉਤਪਾਦ ਹੋਵੇ, ਔਨਲਾਈਨ ਖਰੀਦੀ ਗਈ ਵਸਤੂ ਦਾ ਨਾ ਮਿਲਣਾ ਹੋਵੇ, ਜਾਂ ਗ਼ੈਰ-ਵਾਜਬ ਸੇਵਾ ਸਮਝੌਤਾ ਹੋਵੇ, ਸ਼ਿਕਾਇਤ ਦਰਜ ਕਰਨ ਤੋਂ ਲੈ ਕੇ ਰਾਹਤ ਪਾਉਣ ਤੱਕ ਦੀ ਪ੍ਰਕਿਰਿਆ ਅਕਸਰ ਸੁਸਤ, ਬੋਝਲ ਅਤੇ ਡਰਾਉਣ ਵਾਲੀ ਰਹੀ ਹੈ। ਹਾਲਾਂਕਿ, ਭਾਰਤ ਦੀ ਉਪਭੋਗਤਾ ਸੁਰੱਖਿਆ ਵਿਵਸਥਾ ਸਮੇਂ ਦੇ ਨਾਲ ਲਗਾਤਾਰ ਵਿਕਸਿਤ ਹੋਈ ਹੈ, ਪਰ ਇਸ ਨੂੰ ਸਮਰਥਨ ਦੇਣ ਵਾਲੀ ਪ੍ਰਣਾਲੀ ਤੇਜ਼ੀ ਨਾਲ ਡਿਜੀਟਲ ਹੋ ਰਹੀ ਆਰਥਿਕਤਾ ਦੀਆਂ ਹਕੀਕਤਾਂ ਦੇ ਨਾਲ ਕਦਮ ਮਿਲਾ ਕੇ ਅੱਗੇ ਨਹੀਂ ਵਧ ਸਕੀ। ਅੱਜ, ਉਪਭੋਗਤਾ ਈ-ਕਾਮਰਸ ਪਲੈਟਫਾਰਮਾਂ, ਡਿਜੀਟਲ ਭੁਗਤਾਨ ਪ੍ਰਣਾਲੀਆਂ ਅਤੇ ਔਨਲਾਈਨ ਬਾਜ਼ਾਰਾਂ ਵਿੱਚ ਵੱਡੇ ਪੱਧਰ 'ਤੇ ਲੈਣ-ਦੇਣ ਕਰਦੇ ਹਨ। ਉਪਭੋਗਤਾ ਨਿਆਂ ਦੀ ਰਵਾਇਤੀ ਵਿਵਸਥਾ—ਜੋ ਭੌਤਿਕ ਰੂਪ ਵਿੱਚ ਸ਼ਿਕਾਇਤ ਦਾਖਲ ਕਰਨ, ਵਿਅਕਤੀਗਤ ਤੌਰ 'ਤੇ ਇੱਕ-ਇੱਕ ਕਰਕੇ ਜਾਂਚ ਕਰਨ, ਵੱਖ-ਵੱਖ ਸੌਫਟਵੇਅਰ ਪਲੈਟਫਾਰਮਾਂ ਦੀ ਵਰਤੋਂ ਕਰਨ ਅਤੇ ਆਹਮੋ-ਸਾਹਮਣੇ ਸੁਣਵਾਈ ਦੇ ਇਰਦ-ਗਿਰਦ ਬਣਾਈ ਗਈ ਸੀ—ਹੌਲੀ-ਹੌਲੀ ਨਾਕਾਫ਼ੀ ਸਿੱਧ ਹੋਣ ਲੱਗੀ। ਡਿਜੀਟਲ ਯੁੱਗ ਵਿੱਚ ਉਪਭੋਗਤਾ ਅਧਿਕਾਰਾਂ ਨੂੰ ਯਕੀਨੀ ਬਣਾਉਣ ਲਈ ਸਿਰਫ਼ ਕਾਨੂੰਨੀ ਸੁਧਾਰ ਹੀ ਕਾਫ਼ੀ ਨਹੀਂ ਸਨ; ਇਸ ਦੇ ਲਈ ਨਿਆਂ ਦੇਣ ਦੇ ਤਰੀਕੇ ਵਿੱਚ ਪੂਰੀ ਤਰ੍ਹਾਂ ਬਦਲਾਵ ਕਰਨ ਦੀ ਜ਼ਰੂਰਤ ਸੀ।

ਇੱਥੇ ਹੀ 'ਈ-ਜਾਗ੍ਰਿਤੀ' ਇੱਕ ਮਹੱਤਵਪੂਰਨ ਬਦਲਾਅ ਲਿਆਉਂਦੀ ਹੈ। ਇਹ ਸਿਰਫ਼ ਇੱਕ ਤਕਨੀਕੀ ਪਲੈਟਫਾਰਮ ਨਹੀਂ ਹੈ, ਸਗੋਂ ਇਹ ਵਿਵਸਥਾ ਦੇ ਕੇਂਦਰ ਵਿੱਚ ਪਹੁੰਚ, ਪਾਰਦਰਸ਼ਤਾ ਅਤੇ ਕੁਸ਼ਲਤਾ ਨੂੰ ਰੱਖ ਕੇ ਉਪਭੋਗਤਾ ਵਿਵਾਦਾਂ ਦੇ ਹੱਲ ਦੇ ਤਰੀਕੇ ਦੀ ਨਵੇਂ ਸਿਰੇ ਤੋਂ ਕਲਪਨਾ ਕਰਨ ਦਾ ਇੱਕ ਯਤਨ ਹੈ। ਉਪਭੋਗਤਾ ਸੁਰੱਖਿਆ ਐਕਟ, 2019 ਵਿੱਚ ਇੱਕ ਆਧੁਨਿਕ ਫਰੇਮਵਰਕ ਦੀ ਕਲਪਨਾ ਕੀਤੀ ਗਈ ਸੀ, ਜੋ ਬਾਜ਼ਾਰ ਦੀਆਂ ਉੱਭਰਦੀਆਂ ਹਕੀਕਤਾਂ ਦੇ ਅਨੁਕੂਲ ਕੰਮ ਕਰਨ ਦੇ ਯੋਗ ਹੋਵੇ। ਹਾਲਾਂਕਿ, ਕਾਨੂੰਨ ਦੀ ਭਾਵਨਾ ਨੂੰ ਪ੍ਰਭਾਵਸ਼ਾਲੀ ਜਨਤਕ ਸੇਵਾ ਵਿੱਚ ਬਦਲਣ ਲਈ ਕਈ ਵੱਖ-ਵੱਖ ਪੁਰਾਣੀਆਂ ਪ੍ਰਣਾਲੀਆਂ ਨੂੰ ਹਟਾ ਕੇ ਇੱਕ ਏਕੀਕ੍ਰਿਤ ਡਿਜੀਟਲ ਈਕੋਸਿਸਟਮ ਨੂੰ ਅਪਣਾਉਣ ਦੀ ਜ਼ਰੂਰਤ ਸੀ। ਪੁਰਾਣੇ ਪਲੈਟਫਾਰਮਾਂ ਵਿੱਚ ਇੱਕਸਾਰਤਾ ਦੀ ਕਮੀ, ਪੁਰਾਣੀ ਬਣਤਰ, ਇੱਕ-ਦੂਜੇ ਨਾਲ ਜੁੜ ਕੇ ਕੰਮ ਕਰਨ ਦੀ ਸੀਮਤ ਸੁਵਿਧਾ ਅਤੇ ਭੌਤਿਕ ਪ੍ਰਕਿਰਿਆਵਾਂ 'ਤੇ ਬਹੁਤ ਜ਼ਿਆਦਾ ਨਿਰਭਰਤਾ ਵਰਗੀਆਂ ਸਮੱਸਿਆਵਾਂ ਸਨ। ਕਈ ਉਪਭੋਗਤਾਵਾਂ ਲਈ—ਵਿਸ਼ੇਸ਼ ਤੌਰ 'ਤੇ ਗ੍ਰਾਮੀਣ ਖੇਤਰਾਂ ਵਿੱਚ ਰਹਿਣ ਵਾਲੇ ਲੋਕ, ਬਜ਼ੁਰਗ ਨਾਗਰਿਕ, ਦਿਵਿਆਂਗਜਨ ਅਤੇ ਪ੍ਰਵਾਸੀ ਭਾਰਤੀ ਨਿਆਂ ਪਾਉਣ ਦੀ ਪ੍ਰਕਿਰਿਆ ਦੀ ਲਾਗਤ ਅਕਸਰ ਇੱਕ ਵੱਡੀ ਰੁਕਾਵਟ ਬਣ ਜਾਂਦੀ ਸੀ।

'ਈ-ਜਾਗ੍ਰਿਤੀ' ਉਪਭੋਗਤਾ ਸ਼ਿਕਾਇਤ ਦੀ ਪੂਰੀ ਪ੍ਰਕਿਰਿਆ ਨੂੰ ਡਿਜੀਟਲ ਬਣਾ ਕੇ ਇਨ੍ਹਾਂ ਬੁਨਿਆਦੀ ਚੁਣੌਤੀਆਂ ਦਾ ਹੱਲ ਕਰਦੀ ਹੈ। ਓਟੀਪੀ ਅਧਾਰਿਤ ਰਜਿਸਟ੍ਰੇਸ਼ਨ ਅਤੇ ਔਨਲਾਈਨ ਸ਼ਿਕਾਇਤ ਦਾਖਲ ਕਰਨ ਤੋਂ ਲੈ ਕੇ ਡਿਜੀਟਲ ਜਾਂਚ, ਇਲੈਕਟ੍ਰੌਨਿਕ ਭੁਗਤਾਨ, ਵਰਚੁਅਲ ਸੁਣਵਾਈ, ਬਹੁ-ਭਾਸ਼ਾਈ ਹੁਕਮਾਂ ਅਤੇ ਅਸਲ ਸਮੇਂ ਵਿੱਚ ਮਾਮਲੇ ਦੀ ਨਿਗਰਾਨੀ ਤੱਕ, ਇਹ ਪਲੈਟਫਾਰਮ ਨਾਗਰਿਕਾਂ ਨੂੰ ਕਿਸੇ ਵੀ ਭੂਗੋਲਿਕ ਜਾਂ ਪ੍ਰਕਿਰਿਆ ਸੰਬੰਧੀ ਗੁੰਝਲਦਾਰਤਾ ਦੀ ਰੁਕਾਵਟ ਤੋਂ ਬਿਨਾਂ ਨਿਆਂ ਪਾਉਣ ਵਿੱਚ ਮਦਦ ਕਰਦਾ ਹੈ।

ਇਸ ਤਰ੍ਹਾਂ ਦੇ ਬਦਲਾਵ ਦਾ ਮਹੱਤਵ ਸਿਰਫ਼ ਸੁਵਿਧਾ ਤੱਕ ਹੀ ਸੀਮਤ ਨਹੀਂ ਹੈ। ਇਹ ਨਾਗਰਿਕਾਂ ਅਤੇ ਜਨਤਕ ਸੰਸਥਾਵਾਂ ਵਿਚਕਾਰ ਰਿਸ਼ਤੇ ਨੂੰ ਬਨਿਆਦੀ ਤੌਰ 'ਤੇ ਬਦਲ ਦਿੰਦਾ ਹੈ। ਡਿਜੀਟਲ ਵਰਕਫਲੋ ਕਾਗਜ਼ੀ ਕੰਮ ਨੂੰ ਘਟਾਉਂਦੇ ਹਨ, ਵੱਖ-ਵੱਖ ਅਧਿਕਾਰ-ਖੇਤਰਾਂ ਵਿੱਚ ਪ੍ਰਕਿਰਿਆਵਾਂ ਨੂੰ ਇੱਕਸਾਰ ਬਣਾਉਂਦੇ ਹਨ, ਮਨਮਰਜ਼ੀ ਦੀ ਦੇਰੀ ਨੂੰ ਘੱਟ ਕਰਦੇ ਹਨ ਅਤੇ ਪਾਰਦਰਸ਼ਤਾ ਵਧਾਉਂਦੇ ਹਨ। ਮਾਮਲਿਆਂ ਦੀ ਆਟੋਮੈਟਿਕ ਲਿਸਟਿੰਗ, ਔਨਲਾਈਨ ਡੈਸ਼ਬੋਰਡ ਅਤੇ ਤੁਰੰਤ ਸੂਚਨਾ ਇਹ ਯਕੀਨੀ ਬਣਾਉਂਦੇ ਹਨ ਕਿ ਕਾਨੂੰਨੀ ਪ੍ਰਕਿਰਿਆ ਦੌਰਾਨ ਸ਼ਿਕਾਇਤਕਰਤਾ ਨੂੰ ਹਰ ਜਾਣਕਾਰੀ ਮਿਲਦੀ ਰਹੇ, ਜਿਸ ਨਾਲ ਪ੍ਰਣਾਲੀ ਵਿੱਚ ਜਨਤਾ ਦਾ ਭਰੋਸਾ ਮਜ਼ਬੂਤ ਹੁੰਦਾ ਹੈ।

ਇਸ ਪਲੈਟਫਾਰਮ ਨੇ ਨਿਆਂ ਨੂੰ ਹੋਰ ਵਧੇਰੇ ਸਮਾਵੇਸ਼ੀ ਬਣਾਉਣ ਲਈ ਉੱਭਰਦੀਆਂ ਤਕਨਾਲੋਜੀਆਂ ਨੂੰ ਵੀ ਅਪਣਾਇਆ ਹੈ। ਏਆਈ ਸਹਾਇਤਾ ਪ੍ਰਾਪਤ ਮਾਮਲਾ ਵਿਸ਼ਲੇਸ਼ਣ, ਵੌਇਸ-ਟੂ-ਟੈਕਸਟ ਕਾਰਜਪ੍ਰਣਾਲੀ, ਟੈਕਸਟ-ਟੂ-ਸਪੀਚ ਸੁਵਿਧਾ, ਬਹੁ-ਭਾਸ਼ਾਈ ਇੰਟਰਫੇਸ, ਉੱਨਤ ਖੋਜ ਸਮਰੱਥਾ ਅਤੇ ਪਹੁੰਚਯੋਗਤਾ ਦੇ ਸਾਧਨਾਂ ਵਰਗੀਆਂ ਵਿਸ਼ੇਸ਼ਤਾਵਾਂ ਰਾਹੀਂ ਸਮਾਜ ਦੇ ਵੱਖ-ਵੱਖ ਹਿੱਸਿਆਂ ਤੋਂ ਵੱਧ ਤੋਂ ਵੱਧ ਲੋਕਾਂ ਦੀ ਭਾਗੀਦਾਰੀ ਸੰਭਵ ਹੋਈ ਹੈ।

ਇਸ ਦੇ ਨਾਲ ਹੀ, ਰਾਸ਼ਟਰੀ ਉਪਭੋਗਤਾ ਵਿਵਾਦ ਨਿਵਾਰਣ ਕਮਿਸ਼ਨ ਅਤੇ ਰਾਜ ਉਪਭੋਗਤਾ ਕਮਿਸ਼ਨਾਂ ਵਿੱਚ ਹਾਈਬ੍ਰਿਡ ਵੀਡੀਓ ਕਾਨਫਰੰਸਿੰਗ ਸਹੂਲਤਾਂ ਦਾ ਦੇਸ਼ ਭਰ ਵਿੱਚ ਲਾਗੂ ਹੋਣਾ ਵੀ ਉੱਨਾ ਹੀ ਮਹੱਤਵਪੂਰਨ ਰਿਹਾ ਹੈ, ਜਿਸ ਨਾਲ ਵਰਚੁਅਲ ਸੁਣਵਾਈ ਉਪਭੋਗਤਾ ਨਿਆਂ ਦਿਵਾਉਣ ਦੀ ਪ੍ਰਕਿਰਿਆ ਦਾ ਇੱਕ ਜ਼ਰੂਰੀ ਹਿੱਸਾ ਬਣ ਗਈ ਹੈ। ਦੂਰ-ਦੁਰਾਡੇ ਦੇ ਜ਼ਿਲ੍ਹਿਆਂ ਜਾਂ ਵਿਦੇਸ਼ਾਂ ਵਿੱਚ ਰਹਿਣ ਵਾਲੇ ਨਾਗਰਿਕਾਂ ਲਈ, ਇਸ ਨਾਲ ਕਾਨੂੰਨੀ ਲੜਾਈ ਦਾ ਖ਼ਰਚਾ ਅਤੇ ਲੌਜਿਸਟਿਕਸ ਦਾ ਬੋਝ ਕਾਫ਼ੀ ਹੱਦ ਤੱਕ ਘੱਟ ਗਿਆ ਹੈ।




ਫਿਰ ਵੀ, ਇਸ ਪੱਧਰ ਦੇ ਤਕਨੀਕੀ ਬਦਲਾਵ ਵਿੱਚ ਚੁਣੌਤੀਆਂ ਹਮੇਸ਼ਾ ਮੌਜੂਦ ਰਹਿੰਦੀਆਂ ਹਨ। ਡਿਜੀਟਲ ਸੁਧਾਰ ਅਕਸਰ ਸੰਸਥਾਵਾਂ ਨੂੰ ਸਥਾਪਿਤ ਪ੍ਰਥਾਵਾਂ 'ਤੇ ਦੁਬਾਰਾ ਸੋਚਣ ਲਈ ਮਜਬੂਰ ਕਰਦੇ ਹਨ ਅਤੇ ਉਪਭੋਗਤਾਵਾਂ ਨੂੰ ਅਣਜਾਣ ਪ੍ਰਣਾਲੀ ਅਪਣਾਉਣ ਲਈ ਉਤਸ਼ਾਹਿਤ ਕਰਦੇ ਹਨ। 'ਈ-ਜਾਗ੍ਰਿਤੀ' ਦੀ ਸ਼ੁਰੂਆਤ ਦੌਰਾਨ, ਡੇਟਾ ਟ੍ਰਾਂਸਫਰ, ਪੇਮੈਂਟ ਗੇਟਵੇਅ ਦੇ ਏਕੀਕਰਨ, ਇੰਟਰਫੇਸ ਦੀ ਵਰਤੋਂ-ਯੋਗਤਾ ਅਤੇ ਲੰਬੇ ਸਮੇਂ ਤੋਂ ਚੱਲ ਰਹੀਆਂ ਕਾਗਜ਼ੀ ਪ੍ਰਕਿਰਿਆਵਾਂ ਵਿੱਚ ਬਦਲਾਅ ਨੂੰ ਲੈ ਕੇ ਚਿੰਤਾਵਾਂ ਉੱਭਰ ਕੇ ਸਾਹਮਣੇ ਆਈਆਂ। ਕਾਨੂੰਨੀ ਮਾਹਿਰਾਂ ਅਤੇ ਹੋਰ ਹਿੱਸੇਦਾਰਾਂ ਦੇ ਕੁਝ ਹਿੱਸਿਆਂ ਨੇ ਨਵੀਂ ਡਿਜੀਟਲ ਵਿਵਸਥਾ ਨੂੰ ਅਪਣਾਉਂਦੇ ਸਮੇਂ ਕੁਝ ਚਿੰਤਾਵਾਂ ਜ਼ਾਹਿਰ ਕੀਤੀਆਂ।

ਇਨ੍ਹਾਂ ਚਿੰਤਾਵਾਂ ਨੂੰ ਰੁਕਾਵਟ ਮੰਨਣ ਦੀ ਜਗ?ਹਾ, ਲਾਗੂ ਕਰਨ ਦੀ ਪ੍ਰਕਿਰਿਆ ਨੇ ਇਨ੍ਹਾਂ ਨੂੰ ਨਿਰੰਤਰ ਸੁਧਾਰ ਦੇ ਮੌਕਿਆਂ ਵਜੋਂ ਦੇਖਿਆ। ਉਪਭੋਗਤਾ ਕਮਿਸ਼ਨਾਂ, ਕਾਨੂੰਨੀ ਮਾਹਿਰਾਂ, ਤਕਨੀਕੀ ਮਾਹਿਰਾਂ ਅਤੇ ਰਾਜ ਸਰਕਾਰਾਂ ਨਾਲ ਵਿਆਪਕ ਵਿਚਾਰ-ਵਟਾਂਦਰੇ ਨੇ ਇਸ ਪਲੈਟਫਾਰਮ ਨੂੰ ਬਿਹਤਰ ਬਣਾਉਣ ਵਿੱਚ ਮਦਦ ਕੀਤੀ। ਨਿਯਮਤ ਸਮਰੱਥਾ ਨਿਰਮਾਣ ਪ੍ਰੋਗਰਾਮਾਂ, ਖੇਤਰੀ ਵਰਕਸ਼ਾਪਾਂ, ਵਰਚੁਅਲ ਸਿਖਲਾਈ ਸੈਸ਼ਨਾਂ, ਹਫ਼ਤਾਵਾਰੀ ਸ਼ਿਕਾਇਤ ਨਿਵਾਰਣ ਸੰਵਾਦਾਂ ਅਤੇ ਲਗਾਤਾਰ ਤਕਨੀਕੀ ਸਹਾਇਤਾ ਨਾਲ ਹਿੱਸੇਦਾਰਾਂ ਦਾ ਨਵੀਂ ਪ੍ਰਣਾਲੀ ਵਿੱਚ ਹੌਲੀ-ਹੌਲੀ ਭਰੋਸਾ ਵਧਿਆ। ਇਸ ਅਨੁਭਵ ਤੋਂ ਇੱਕ ਮਹੱਤਵਪੂਰਨ ਸਬਕ ਮਿਲਿਆ: ਡਿਜੀਟਲ ਪਰਿਵਰਤਨ ਸਿਰਫ਼ ਇਸ ਲਈ ਸਫ਼ਲ ਨਹੀਂ ਹੁੰਦਾ ਕਿ ਤਕਨਾਲੋਜੀ ਲਾਗੂ ਕੀਤੀ ਗਈ ਹੈ, ਸਗੋਂ ਇਸ ਲਈ ਸਫ਼ਲ ਹੁੰਦਾ ਹੈ ਕਿਉਂਕਿ ਸੰਸਥਾਵਾਂ ਉਪਭੋਗਤਾਵਾਂ ਦੀ ਪ੍ਰਤੀਕਿਰਿਆ ਪ੍ਰਤੀ ਸੰਵੇਦਨਸ਼ੀਲ ਰਹਿੰਦੀਆਂ ਹਨ ਅਤੇ ਨਿਰੰਤਰ ਸੁਧਾਰ ਲਈ ਵਚਨਬੱਧ ਹੁੰਦੀਆਂ ਹਨ।

ਸ਼ੁਰੂਆਤੀ ਨਤੀਜੇ ਉਤਸ਼ਾਹਜਨਕ ਹਨ। ਥੋੜ੍ਹੇ ਜਿਹੇ ਸਮੇਂ ਵਿੱਚ, 'ਈ-ਜਾਗ੍ਰਿਤੀ' ਨੇ ਲੱਖਾਂ ਉਪਭੋਗਤਾਵਾਂ ਨੂੰ ਇੱਕ ਸਾਂਝੇ ਡਿਜੀਟਲ ਪਲੈਟਫਾਰਮ 'ਤੇ ਲਿਆਂਦਾ ਹੈ, ਦੋ ਲੱਖ ਤੋਂ ਵੱਧ ਮਾਮਲਿਆਂ ਦੇ ਦਾਖਲੇ ਦੀ ਸਹੂਲਤ ਦਿੱਤੀ ਹੈ, ਨਿਪਟਾਰੇ ਦੀ ਉੱਚ ਦਰ ਹਾਸਲ ਕੀਤੀ ਹੈ ਅਤੇ ਸੱਠ ਤੋਂ ਵੱਧ ਦੇਸ਼ਾਂ ਦੇ ਉਪਭੋਗਤਾਵਾਂ ਨੂੰ ਭਾਰਤ ਦੀ ਉਪਭੋਗਤਾ ਵਿਵਾਦ ਨਿਵਾਰਣ ਵਿਵਸਥਾ ਤੱਕ ਪਹੁੰਚਣ ਦੇ ਯੋਗ ਬਣਾਇਆ ਹੈ। ਮਿਆਰੀ ਡਿਜੀਟਲ ਵਰਕਫਲੋ ਨੇ ਕੁਸ਼ਲਤਾ ਵਿੱਚ ਸੁਧਾਰ ਕੀਤਾ ਹੈ ਅਤੇ ਉਨ੍ਹਾਂ ਪ੍ਰਕਿਰਿਆਤਮਕ ਰੁਕਾਵਟਾਂ ਨੂੰ ਘੱਟ ਕੀਤਾ ਹੈ, ਜੋ ਪਹਿਲਾਂ ਦੀ ਪ੍ਰਣਾਲੀ ਦੀ ਮੁੱਖ ਵਿਸ਼ੇਸ਼ਤਾ ਸਨ।

ਰਾਸ਼ਟਰੀ ਈ-ਗਵਰਨੈਂਸ ਪੁਰਸਕਾਰ 2026 ਵਿੱਚ ਸਿਲਵਰ ਪੁਰਸਕਾਰ ਰਾਹੀਂ ਮਿਲੀ ਮਾਨਤਾ, ਨਾ ਸਿਰਫ਼ ਇੱਕ ਸੰਸਥਾਗਤ ਪ੍ਰਾਪਤੀ ਵਜੋਂ, ਸਗੋਂ ਸਰਕਾਰੀ ਪ੍ਰਕਿਰਿਆ ਦੇ ਸਫ਼ਲ ਪੁਨਰ-ਡਿਜ਼ਾਈਨ ਦੀ ਪ੍ਰਵਾਨਗੀ ਵਜੋਂ ਮਹੱਤਵਪੂਰਨ ਹੈ। ਇਹ ਪੁਰਸਕਾਰ ਇਸ ਗੱਲ ਨੂੰ ਮਾਨਤਾ ਦਿੰਦਾ ਹੈ ਕਿ ਸਾਰਥਕ ਡਿਜੀਟਲ ਗਵਰਨੈਂਸ ਸਿਰਫ਼ ਮੌਜੂਦਾ ਪ੍ਰਕਿਰਿਆਵਾਂ ਦਾ ਕੰਪਿਊਟਰੀਕਰਨ ਕਰਨ ਬਾਰੇ ਨਹੀਂ ਹੈ; ਇਹ ਉਨ੍ਹਾਂ ਨੂੰ ਸਰਲ, ਤੇਜ਼ ਅਤੇ ਨਾਗਰਿਕ-ਕੇਂਦ੍ਰਿਤ ਬਣਾਉਣ ਲਈ ਨਵੇਂ ਸਿਰੇ ਤੋਂ ਡਿਜ਼ਾਈਨ ਕਰਨ ਬਾਰੇ ਹੈ। ਭਾਰਤ ਦੀ ਵਿਆਪਕ 'ਡਿਜੀਟਲ ਇੰਡੀਆ' ਯਾਤਰਾ ਨੇ ਦਿਖਾਇਆ ਹੈ ਕਿ ਜਦੋਂ ਮਜ਼ਬੂਤ ਸੰਸਥਾਗਤ ਵਚਨਬੱਧਤਾ ਹੋਵੇ, ਤਾਂ ਤਕਨਾਲੋਜੀ ਜਨਤਕ ਸੇਵਾ ਪ੍ਰਦਾਨ ਕਰਨ ਦੇ ਤਰੀਕੇ ਨੂੰ ਬਦਲ ਸਕਦੀ ਹੈ। ਡਿਜੀਟਲ ਪਛਾਣ ਅਤੇ ਡਾਇਰੈਕਟ ਬੈਨੀਫਿਟ ਟ੍ਰਾਂਸਫਰ ਤੋਂ ਲੈ ਕੇ ਔਨਲਾਈਨ ਟੈਕਸੇਸ਼ਨ ਅਤੇ ਸਿਹਤ ਸੰਭਾਲ ਪਲੈਟਫਾਰਮਾਂ ਤੱਕ, ਦੇਸ਼ ਨੇ ਸ਼ਾਸਨ ਵਿੱਚ ਤਕਨਾਲੋਜੀ ਦੀ ਭੂਮਿਕਾ ਦਾ ਲਗਾਤਾਰ ਵਿਸਤਾਰ ਕੀਤਾ ਹੈ। ਹੁਣ ਉਪਭੋਗਤਾ ਨਿਆਂ ਵੀ ਉਨ੍ਹਾਂ ਖੇਤਰਾਂ ਦੀ ਸੂਚੀ ਵਿੱਚ ਸ਼ਾਮਲ ਹੋ ਗਿਆ ਹੈ, ਜਿਸ ਵਿੱਚ ਬੁਨਿਆਦੀ ਡਿਜੀਟਲ ਸੁਧਾਰ ਹੋ ਰਹੇ ਹਨ।



**ਸ਼੍ਰੀ ਪ੍ਰਹਿਲਾਦ ਜੋਸ਼ੀ**

'ਈ-ਜਾਗ੍ਰਿਤੀ' ਦੀ ਸਫ਼ਲਤਾ ਭਵਿੱਖ ਦੇ ਸ਼ਾਸਨ ਸੁਧਾਰਾਂ ਲਈ ਵੀ ਮਹੱਤਵਪੂਰਨ ਸਬਕ ਦਿੰਦੀ ਹੈ। ਡਿਜੀਟਲ ਪਲੈਟਫਾਰਮਾਂ ਨੂੰ ਸੰਸਥਾਵਾਂ ਦੀ ਜਗ?ਹਾ ਨਾਗਰਿਕਾਂ ਨੂੰ ਧਿਆਨ ਵਿੱਚ ਰੱਖ ਕੇ ਡਿਜ਼ਾਈਨ ਕੀਤਾ ਜਾਣਾ ਚਾਹੀਦਾ ਹੈ। ਪਹੁੰਚਯੋਗਤਾ ਨੂੰ ਬਾਅਦ ਵਿੱਚ ਸੋਚੀ ਜਾਣ ਵਾਲੀ ਗੱਲ ਦੀ ਜਗ?ਹਾ ਇੱਕ ਮੁੱਖ ਸਿਧਾਂਤ ਵਜੋਂ ਲਿਆ ਜਾਣਾ ਚਾਹੀਦਾ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਨਿਰਪੱਖਤਾ ਨਾਲ ਸਮਝੌਤਾ ਕੀਤੇ ਬਿਨਾਂ ਪਾਰਦਰਸ਼ਤਾ ਅਤੇ ਕੁਸ਼ਲਤਾ ਵਧਾਉਣ ਲਈ ਕੀਤੀ ਜਾਣੀ ਚਾਹੀਦੀ ਹੈ। ਸਭ ਤੋਂ ਵੱਧ, ਤਕਨਾਲੋਜੀ ਨੂੰ ਨਿਆਂ ਨੂੰ ਸਰਲ ਬਣਾਉਣਾ ਚਾਹੀਦਾ ਹੈ, ਨਾ ਕਿ ਇਸ ਵਿੱਚ ਗੁੰਝਲਦਾਰਤਾ ਦੀਆਂ ਨਵੀਆਂ ਪਰਤਾਂ ਜੋੜਨੀਆਂ ਚਾਹੀਦੀਆਂ ਹਨ।

ਜਿਵੇਂ-ਜਿਵੇਂ ਭਾਰਤ ਦੀ ਡਿਜੀਟਲ ਆਰਥਿਕਤਾ ਵਧਦੀ ਜਾ ਰਹੀ ਹੈ, ਉਪਭੋਗਤਾ ਦਾ ਭਰੋਸਾ ਉਨ੍ਹਾਂ ਸੰਸਥਾਵਾਂ ਦੀ ਭਰੋਸੇਯੋਗਤਾ 'ਤੇ ਵਧੇਰੇ ਨਿਰਭਰ ਕਰੇਗਾ, ਜੋ ਉਪਭੋਗਤਾ ਅਧਿਕਾਰਾਂ ਦੀ ਰੱਖਿਆ ਕਰਦੀਆਂ ਹਨ। ਪ੍ਰਭਾਵਸ਼ਾਲੀ ਵਿਵਾਦ ਨਿਵਾਰਣ ਹੁਣ ਕੇਵਲ ਇੱਕ ਪ੍ਰਸ਼ਾਸਨਿਕ ਉਦੇਸ਼ ਨਹੀਂ ਰਹਿ ਗਿਆ; ਇਹ ਇੱਕ ਆਰਥਿਕ ਜ਼ਰੂਰਤ ਬਣ ਗਿਆ ਹੈ, ਜੋ ਬਾਜ਼ਾਰਾਂ ਵਿੱਚ ਭਰੋਸੇ ਨੂੰ ਮਜ਼ਬੂਤ ਕਰਦਾ ਹੈ ਅਤੇ ਜ਼ਿੰਮੇਵਾਰ ਵਪਾਰਕ ਪ੍ਰਥਾਵਾਂ ਨੂੰ ਉਤਸ਼ਾਹਿਤ ਕਰਦਾ ਹੈ।

'ਈ-ਜਾਗ੍ਰਿਤੀ' ਪਲੈਟਫਾਰਮ ਦਿਖਾਉਂਦਾ ਹੈ ਕਿ ਸੋਚ-ਸਮਝ ਕੇ ਕੀਤਾ ਗਿਆ ਡਿਜੀਟਲ ਬਦਲਾਵ ਕਾਨੂੰਨੀ ਇਰਾਦੇ ਅਤੇ ਨਾਗਰਿਕਾਂ ਦੇ ਅਨੁਭਵ ਵਿਚਕਾਰਲੇ ਪਾੜੇ ਨੂੰ ਘੱਟ ਕਰ ਸਕਦਾ ਹੈ। ਉਪਭੋਗਤਾ ਨਿਆਂ ਨੂੰ ਤੇਜ਼, ਵਧੇਰੇ ਪਾਰਦਰਸ਼ੀ ਅਤੇ ਵਧੇਰੇ ਸਮਾਵੇਸ਼ੀ ਬਣਾ ਕੇ, ਇਹ ਇੱਕ ਸਰਲ ਪਰ ਸ਼ਕਤੀਸ਼ਾਲੀ ਸਿਧਾਂਤ ਨੂੰ ਮਜ਼ਬੂਤ ਕਰਦਾ ਹੈ ਕਿ ਇੱਕ ਡਿਜੀਟਲ ਲੋਕਤੰਤਰ ਵਿੱਚ, ਨਿਆਂ ਤੱਕ ਪਹੁੰਚ ਵੀ ਕਿਸੇ ਸੇਵਾ ਤੱਕ ਪਹੁੰਚ ਜਿੰਨੀ ਹੀ ਸੁਖਾਲੀ ਹੋਣੀ ਚਾਹੀਦੀ ਹੈ। ਸ਼ਾਇਦ ਇੱਕੀਵੀਂ ਸਦੀ ਵਿੱਚ 'ਗ੍ਰਾਹਕ ਦੇਵੋ ਭਵ' ਦਾ ਸਭ ਤੋਂ ਸਾਰਥਕ ਰੂਪ ਇਹੀ ਹੈ।

**(ਲੇਖਕ ਕੇਂਦਰੀ ਨਵੀਂ ਅਤੇ ਅਖੁੱਟ ਊਰਜਾ ਅਤੇ ਉਪਭੋਗਤਾ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਹਨ)**

# ਨਾਗਰਿਕਾਂ ਅਤੇ ਕਾਰੋਬਾਰਾਂ ਨੂੰ ਸਹੂਲੀਅਤ- ਡਿਜੀਟਲ ਇੰਡੀਆ ਦੀ 11 ਵਰ੍ਹਿਆਂ ਦੀ ਵਿਰਾਸਤ

ਜ਼ਿਕਰ ਪੰਜਾਬ


ਸਿਰਫ਼ ਇੱਕ ਦਹਾਕੇ ਪਹਿਲਾਂ ਤੱਕ ਉੱਤਰ ਪ੍ਰਦੇਸ਼ ਦੇ ਦੂਰ-ਦੁਰਾਡੇ ਦੇ ਕਿਸੇ ਪਿੰਡ ਵਿੱਚ ਕਿਸਾਨ ਨੂੰ ਸਬਸਿਡੀ ਹਾਸਲ ਕਰਨ ਜਾਂ ਉਪਜ ਵਧਾਉਣ ਬਾਰੇ ਸਲਾਹ ਲੈਣ ਲਈ ਕਾਗਜ਼ਾਂ ਦੇ ਢੇਰ ਵਿੱਚ ਸਿਰ ਖਪਾਉਣਾ ਪੈਂਦਾ ਸੀ। ਉਸ ਜ਼ਮਾਨੇ ਵਿੱਚ ਲਾਈਨ ਵਿੱਚ ਖੜ੍ਹਾ ਹੋਣਾ ਰਿਵਾਜ਼ ਵਰਗਾ ਸੀ। ਪਰ ਅੱਜ ਉਹ ਕਿਸਾਨ ਕਿਸੇ ਦਲਾਲ ਦੇ ਬਿਨਾ ਹੀ ਫਸਲ ਦੇ ਬਾਰੇ ਸਹਾਇਤਾ ਪ੍ਰਾਪਤ ਕਰ ਸਕਦਾ ਹੈ ਅਤੇ ਸਬਸਿਡੀ ਵੀ ਸਿੱਧੇ ਉਸ ਦੇ ਬੈਂਕ ਖਾਤੇ ਵਿੱਚ ਜ਼ਮ੍ਹਾਂ ਹੋ ਜਾਂਦੀ ਹੈ। ਮੌਜੂਦਾ ਸਮੇਂ ਵਿੱਚ ਕਿਸੇ ਵੀ ਗਲੀ ਤੋਂ ਲੰਘਦੇ ਹੋਏ ਤੁਸੀਂ ਇੱਕ ਖਾਮੋਸ਼ ਕ੍ਰਾਂਤੀ ਨੂੰ ਮਹਿਸੂਸ ਕਰ ਸਕਦੇ ਹੋ। ਇੱਕ ਅਜਿਹੀ ਕ੍ਰਾਂਤੀ ਜਿਸ ਨੇ ਜਿਉਣ ਦੀ ਸਹੂਲੀਅਤ ਨੂੰ ਬੁਨਿਆਦੀ ਤੌਰ 'ਤੇ ਬਦਲ ਦਿੱਤਾ ਹੈ। ਪਹਿਲਾਂ ਕਿਸੇ ਫਲ ਵੇਚਣ ਵਾਲੇ ਜਾਂ ਤਿੰਨ ਪਹੀਆ ਚਾਲਕ ਨੂੰ ਲੈਣ-ਦੇਣ ਨਗਦ ਵਿੱਚ ਕਰਨਾ ਪੈਂਦਾ ਸੀ। ਪਰ ਹੁਣ ਉਹ ਮਾਣ ਨਾਲ ਆਪਣਾ ਠੇਲਾ ਜਾਂ ਆਟੋ ਰਿਕਸ਼ਾ ਨਾਲ ਝੂਲਦੇ ਹੋਏ ਕਿਊਆਰ ਕੋਡ ਵੱਲ ਇਸ਼ਾਰਾ ਕਰ ਦਿੰਦਾ ਹੈ। 102.86 ਕਰੋੜ ਨਾਗਰਿਕਾਂ ਦੇ ਡਿਜੀਟਲ ਤਾਲਮੇਲ ਨੇ ਭਾਰਤ ਨੂੰ ਮਜ਼ਬੂਤ ਬਣਾਇਆ ਹੈ। ਦੇਸ਼ ਵਿੱਚ 99.56 ਕਰੋੜ ਬ੍ਰੌਡਬੈਂਡ ਗ੍ਰਾਹਕਾਂ ਦੇ ਵਿਸ਼ਾਲ ਭਾਈਚਾਰੇ ਤੋਂ ਇਸ ਨੂੰ ਮਦਦ ਮਿਲੀ ਹੈ। ਮੋਬਾਈਲ ਡੇਟਾ ਦੀ 8 ਤੋਂ 10 ਰੁਪਏ ਪ੍ਰਤੀ ਜੀਬੀ ਦੀ ਕੀਮਤ ਬਹੁਤ ਕਿਫਾਇਤੀ ਹੈ। ਲਿਹਾਜਾ, ਪ੍ਰਤੀ ਵਿਅਕਤੀ ਮਾਸਿਕ ਡੇਟਾ ਖਪਤ 24.01 ਜੀਬੀ ਦੇ ਅਸਧਾਰਣ ਪੱਧਰ 'ਤੇ ਪਹੁੰਚ ਚੁੱਕੀ ਹੈ। ਇਸ ਡਿਜੀਟਲ ਬੁਨਿਆਦ ਨੇ ਨਾਗਰਿਕਾਂ ਅਤੇ ਸਰਕਾਰ ਦੇ ਦਰਮਿਆਨ ਰਿਸ਼ਤੇ ਨੂੰ ਪੂਰੀ ਤਰ੍ਹਾਂ ਨਾਲ ਬਦਲ ਦਿੱਤਾ ਹੈ। ਇਹ ਰਿਸ਼ਤਾ ਭਰੋਸੇ, ਪਾਰਦਰਸ਼ਿਤਾ ਅਤੇ ਡਿਜੀਟਲ ਮੁਖਤਿਆਰੀ 'ਤੇ ਟਿਕਿਆ ਹੋਇਆ ਹੈ।

**ਪਾੜੇ ਨੂੰ ਦੂਰ ਕਰਨਾ**

ਇਸ ਕ੍ਰਾਂਤੀ ਦਾ ਪਹਿਲਾ ਕਦਮ ਪਹੁੰਚ ਦਾ ਲੋਕਤੰਤਰੀਕਰਣ ਅਤੇ ਇੱਕ ਅਜਿਹਾ ਮਜ਼ਬੂਤ ਅਤੇ ਸਵਦੇਸ਼ੀ ਡਿਜੀਟਲ ਪਛਾਣ ਫਰੇਮਵਰਕ ਬਣਾਉਣਾ ਸੀ ਜੋ ਤਕਨਾਲੋਜੀ ਵਿੱਚ ਆਤਮਨਿਰਭਰਤਾ ਦੀ ਗਰੰਟੀ ਕਰੇ। 'ਭਾਰਤਨੈੱਟ' ਪ੍ਰੋਗਰਾਮ ਨੂੰ ਵੱਡੇ ਪੱਧਰ 'ਤੇ ਲਾਗੂ ਕੀਤਾ ਗਿਆ ਅਤੇ ਇਸ ਨੇ ਲਗਭਗ 2.2 ਲੱਖ ਗ੍ਰਾਮ ਪੰਚਾਇਤਾਂ ਨੂੰ ਤੇਜ਼ ਰਫ਼ਤਾਰ ਬ੍ਰੌਡਬੈਂਡ ਨਾਲ ਜੋੜ ਦਿੱਤਾ। ਇਸ ਤਰ੍ਹਾਂ, ਇਸ ਨੇ ਯਕੀਨੀ ਬਣਾਇਆ ਕਿ ਆਰਥਿਕ ਮੌਕਿਆਂ ਦੇ ਰਾਹ ਵਿੱਚ ਭੂਗੋਲਿਕ ਸਥਿਤੀਆਂ ਰੁਕਾਵਟ ਨਾ ਬਣਨ। 144 ਕਰੋੜ ਤੋਂ ਵੱਧ ਆਧਾਰ ਪਛਾਣਾਂ ਦੀ ਸਿਰਜਣਾ ਦੇ ਨਾਲ ਬੁਨਿਆਦੀ ਢਾਂਚੇ ਦੀ ਛਾਲ ਨੇ 'ਜਨ ਧਨ', 'ਆਧਾਰ' ਅਤੇ 'ਮੋਬਾਈਲ' (ਜੈਮ) ਦੀ ਤਿਕੜੀ ਨੂੰ ਈਂਧਣ ਪ੍ਰਦਾਨ ਕੀਤਾ। ਸਰਕਾਰ ਸੌਵਰੇਨ ਡਿਜੀਟਲ ਪਛਾਣ ਫਰੇਮਵਰਕ ਦੀ ਵਰਤੋਂ ਕਰਦੇ ਹੋਏ ਪ੍ਰਤੱਖ ਲਾਭ ਟਰਾਂਸਫਰ (ਡੀਬੀਟੀ) ਰਾਹੀਂ ਨਾਗਰਿਕਾਂ ਨੂੰ 51.5 ਲੱਖ ਕਰੋੜ ਰੁਪਏ ਸਫਲਤਾਪੂਰਵਕ ਟਰਾਂਸਫਰ ਕਰ ਚੁੱਕੀ ਹੈ। ਇਸ ਪ੍ਰਣਾਲੀ ਨੇ ਧਨ ਦੀ ਬਰਬਾਦੀ ਅਤੇ ਵਿਚੋਲਿਆਂ ਦੀ ਜ਼ਰੂਰਤ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਖਤਮ ਕਰ ਦਿੱਤਾ ਹੈ। ਇਸ ਨੇ ਕਰੋੜਾਂ ਪਰਿਵਾਰਾਂ ਦੇ ਹੱਥਾਂ ਵਿੱਚ ਵਿੱਤੀ ਖੁਦ-ਮੁਖਤਿਆਰੀ ਸੌਂਪ ਕੇ ਉਨ੍ਹਾਂ ਦੀ ਜ਼ਿੰਦਗੀ ਦੀ ਸਹੂਲੀਅਤ ਵਿੱਚ ਨਾਟਕੀ ਸੁਧਾਰ ਕੀਤਾ ਹੈ।

**ਡੀਪੀਆਈ: ਰੋਜ਼ਾਨਾ ਦੀ ਜ਼ਿੰਦਗੀ ਅਤੇ ਉੱਦਮ ਦਾ ਕਾਇਆਕਲਪ**

ਬੁਨਿਆਦ ਤਿਆਰ ਹੋਣ ਤੋਂ ਬਾਅਦ ਭਾਰਤ ਦੇ ਡਿਜੀਟਲ ਜਨਤਕ ਬੁਨਿਆਦੀ ਢਾਂਚੇ (ਡੀਪੀਆਈ) ਨੇ ਸਮੱਸਿਆਵਾਂ ਸੁਲਝਾਉਣ ਲਈ ਹੱਲ ਤਿਆਰ ਕਰਕੇ ਨਾਗਰਿਕਾਂ ਦੀ ਰੋਜ਼ਾਨਾਂ ਦੀ ਜ਼ਿੰਦਗੀ ਬਦਲ ਦਿੱਤੀ ਹੈ। 'ਡਿਜੀਲੌਕਰ' ਵਰਗੇ ਪਲੈਟਫਾਰਮਾਂ ਨੇ ਨਾਗਰਿਕਾਂ ਅਤੇ ਕਾਰੋਬਾਰਾਂ ਲਈ ਪ੍ਰਕਿਰਿਆਵਾਂ ਨੂੰ ਬੇਹੱਦ ਸੁਚਾਰੂ ਬਣਾ ਦਿੱਤਾ ਹੈ। 'ਡਿਜੀਲੌਕਰ' ਦੇ ਰਜਿਸਟਰਡ ਉਪਭੋਗਤਾਵਾਂ ਦੀ ਗਿਣਤੀ 70 ਕਰੋੜ ਤੋਂ ਵੱਧ ਹੈ ਅਤੇ ਉਨ੍ਹਾਂ ਦੇ 900 ਕਰੋੜ ਤੋਂ ਜ਼ਿਆਦਾ ਦਸਤਾਵੇਜ਼ ਇਸ ਪਲੈਟਫਾਰਮ 'ਤੇ ਹਨ। ਇਸ ਨੇ ਕਾਗਜ਼ੀ ਕਾਰਵਾਈਆਂ ਨੂੰ ਖਤਮ ਕਰਕੇ ਕੇਵਾਈਸੀ ਪ੍ਰਕਿਰਿਆਵਾਂ ਅਤੇ ਦਸਤਾਵੇਜ਼ ਤਸਦੀਕ ਨੂੰ ਫੌਰੀ ਤੌਰ 'ਤੇ ਪੂਰਾ ਕਰਨਾ ਸੰਭਵ ਬਣਾਇਆ ਹੈ। ਇਸ ਨਾਲ ਉੱਦਮਾਂ ਲਈ ਖਰਚ ਅਤੇ ਸਮੇਂ ਵਿੱਚ ਕਾਫੀ ਕਮੀ ਹੋਈ ਹੈ। ਬੈਂਕਾਂ, ਦੂਰਸੰਚਾਰ ਸੇਵਾ ਪ੍ਰਦਾਤਾਵਾਂ ਅਤੇ ਵਿੱਤੀ ਤਕਨਾਲੋਜੀ ਸੰਸਥਾਵਾਂ ਨੂੰ ਗਾਹਕਾਂ ਦੀ ਵੈਰੀਫਿਕੇਸ਼ਨ ਕਰਨ ਵਿੱਚ ਕਈ ਦਿਨਾਂ ਦੀ ਬਜਾਏ ਹੁਣ ਸਿਰਫ਼ ਕੁਝ ਪਲ ਹੀ ਲੱਗਦੇ ਹਨ। ਸਰਕਾਰ ਨੇ 'ਗਵਰਨਮੈਂਟ ਈ-ਮਾਰਕਿਟਪਲੇਸ' ਰਾਹੀਂ 19.51 ਲੱਖ ਕਰੋੜ ਰੁਪਏ ਤੋਂ ਵੱਧ ਦੀ ਖਰੀਦ ਕੀਤੀ ਹੈ। ਇਹ ਛੋਟੇ ਨਿਰਮਾਤਾ ਜਾਂ ਪਹਿਲੀ ਵਾਰ ਕੰਮ ਕਰਨ ਵਾਲੇ ਵਿਕ੍ਰੇਤਾ ਲਈ, ਵਿਚੋਲਿਆਂ ਦੇ ਬਗੈਰ ਸਰਕਾਰੀ ਇਕਰਾਰਨਾਮੇ ਹਾਸਲ ਕਰਨ ਵਿੱਚ ਬਿਹਤਰ ਕਾਰੋਬਾਰੀ ਮੌਕੇ ਪ੍ਰਦਾਨ ਕਰਦਾ ਹੈ। ਦੂਰ-ਦੁਰਾਡੇ ਤੋਂ ਜਨਤਕ ਸੇਵਾਵਾਂ ਦਾ ਲਾਭ ਲੈਣ ਲਈ, 'ਉਮੰਗ' ਐਪਲੀਕੇਸ਼ਨ ਨੇ ਕੇਂਦਰ ਅਤੇ ਰਾਜ ਸਰਕਾਰ ਦੀਆਂ ਸੇਵਾਵਾਂ ਨੂੰ ਸਿੱਧੇ ਨਾਗਰਿਕਾਂ ਦੀ ਪਹੁੰਚ ਵਿੱਚ ਲਿਆ ਦਿੱਤਾ ਹੈ। ਇਹ ਐਪ ਹੁਣ 11.6 ਕਰੋੜ ਤੋਂ ਵੱਧ ਰਜਿਸਟਰਡ ਉਪਭੋਗਤਾਵਾਂ ਨੂੰ ਸੇਵਾਵਾਂ ਦੇ ਰਿਹਾ ਹੈ, ਜਿਸ ਰਾਹੀਂ 2,572 ਸਰਕਾਰੀ ਸੇਵਾਵਾਂ ਦਾ ਲਾਭ ਲਿਆ ਜਾ ਸਕਦਾ ਹੈ ਅਤੇ ਇਸ ਨਾਲ ਹੁਣ ਤੱਕ 797.84 ਕਰੋੜ ਤੋਂ ਵੱਧ ਲੈਣ-ਦੇਣ ਕੀਤੇ ਜਾ ਚੁੱਕੇ ਹਨ।




ਇਸ ਪੂਰੇ ਈਕੋਸਿਸਟਮ ਦੀ ਸਭ ਤੋਂ ਅਹਿਮ ਵਸਤੂ 'ਯੂਨੀਫਾਇਡ ਪੇਮੈਂਟਸ ਇੰਟਰਫੇਸ' (ਯੂਪੀਆਈ) ਹੈ। ਸੜਕ ਦੇ ਕੰਢੇ 'ਤੇ ਠੇਲੇ ਲਗਾਉਣ ਵਾਲੇ ਫਲ ਵਿਕ੍ਰੇਤਾ ਨੂੰ ਸਹੂਲਤ ਦੇਣ ਵਾਲਾ ਕਿਊਆਰ ਕੋਡ ਇੱਕ ਸੌਵਰੇਨ ਪੇਅਮੈਂਟ ਰੇਲ ਹੈ ਜਿਸ 'ਤੇ ਰੋਜ਼ਾਨਾ 75 ਕਰੋੜ ਲੈਣ-ਦੇਣ ਹੁੰਦੇ ਹਨ। ਅੱਜ, ਦੁਨੀਆ ਭਰ ਵਿੱਚ ਹੋਣ ਵਾਲੇ ਕੁੱਲ ਤੁਰੰਤ ਕੀਤੇ ਜਾਣ ਵਾਲੇ ਡਿਜੀਟਲ ਭੁਗਤਾਨਾਂ ਵਿੱਚੋਂ ਲਗਭਗ ਅੱਧੇ ਇਕੱਲੇ ਭਾਰਤ ਵਿੱਚ ਹੁੰਦੇ ਹਨ ਅਤੇ ਅੰਤਰਰਾਸ਼ਟਰੀ ਮੁਦਰਾ ਫੰਡ (9$6) ਨੇ ਵੀ ਯੂਪੀਆਈ ਨੂੰ ਦੁਨੀਆ ਦੀ ਸਭ ਤੋਂ ਵੱਡੀ ਤੁਰੰਤ ਭੁਗਤਾਨ ਪ੍ਰਣਾਲੀ ਦੇ ਰੂਪ ਵਿੱਚ ਮਾਨਤਾ ਦਿੱਤੀ ਹੈ।

ਇਹ ਉਨ੍ਹਾਂ 24 ਦੇਸ਼ਾਂ ਲਈ ਬਹੁਤ ਜ਼ਰੂਰੀ ਹੋ ਗਿਆ ਹੈ, ਜਿਨ੍ਹਾਂ ਦੇ ਨਾਲ ਭਾਰਤ ਨੇ ਆਪਣੇ ਡਿਜੀਟਲ ਗਵਰਨੈਂਸ ਪਲੈਟਫਾਰਮ ਨੂੰ ਅਪਣਾਉਣ ਅਤੇ ਉਸੇ ਤਰ੍ਹਾਂ ਦੀ ਭੁਗਤਾਨ ਪ੍ਰਣਾਲੀ ਤਿਆਰ ਕਰਨ ਲਈ ਰਸਮੀ ਤੌਰ 'ਤੇ ਸਮਝੌਤਾ ਪੱਤਰਾਂ 'ਤੇ ਹਸਤਾਖਰ ਕੀਤੇ ਹਨ। ਇਸ ਤੋਂ ਇਲਾਵਾ, ਯੂਪੀਆਈ ਹੁਣ ਸੰਯੁਕਤ ਅਰਬ ਅਮੀਰਾਤ (ਯੂਏਈ), ਸਿੰਗਾਪੁਰ ਅਤੇ ਫਰਾਂਸ ਸਮੇਤ 9 ਦੇਸ਼ਾਂ ਵਿੱਚ ਕੰਮ ਕਰ ਰਿਹਾ ਹੈ। ਤਕਨਾਲੋਜੀ ਨੂੰ ਇੱਕ 'ਜਨ-ਹਿਤ ਦੀ ਚੀਜ਼ ਮੰਨਣ ਦੀ ਇਹ ਸੋਚ ਸਿੱਧੇ ਤੌਰ 'ਤੇ ਸਿਹਤ ਦੇ ਖੇਤਰ ਵਿੱਚ ਸਮਾਨਤਾ ਅਤੇ ਲੋਕਾਂ ਦੇ ਜੀਵਨ ਨੂੰ ਅਸਾਨ ਬਣਾਉਣ ਨਾਲ ਜੁੜੀ ਹੈ। ਈ-ਸੰਜੀਵਨੀ ਪਲੈਟਫਾਰਮ ਰਾਹੀਂ, ਭਾਰਤ ਨੇ 48 ਕਰੋੜ ਤੋਂ ਵੱਧ ਮੁਫ਼ਤ ਟੈਲੀ-ਕੰਸਲਟੇਸ਼ਨ ਦੀ ਸੁਵਿਧਾਵਾਂ ਦਿੱਤੀਆਂ ਹਨ, ਜਿਸ ਨਾਲ ਦੂਰ-ਦੁਰਾਡੇ ਅਤੇ ਘੱਟ ਸੁਵਿਧਾ ਵਾਲੇ ਇਲਾਕਿਆਂ ਦੇ ਮਰੀਜ਼ ਵੀ ਮਾਹਿਰ ਡਾਕਟਰਾਂ ਨਾਲ ਸਲਾਹ ਕਰ ਸਕਦੇ ਹਨ। ਇਸੇ ਤਰ੍ਹਾਂ, ਦੁਨੀਆ ਦਾ ਸਭ ਤੋਂ ਵੱਡਾ ਟੀਕਾਕਰਣ ਅਭਿਆਨ ਇੱਕ ਸਵਦੇਸ਼ੀ ਪਲੈਟਫਾਰਮ ਦੁਆਰਾ ਸੰਚਾਲਿਤ ਕੀਤਾ ਗਿਆ ਸੀ। 'ਕੋਵਿਨ' ਰਾਹੀਂ 220 ਕਰੋੜ ਤੋਂ ਵੱਧ ਕੋਵਿਡ-19 ਵੈਕਸੀਨ ਦੀ ਖੁਰਾਕ ਦਿੱਤੀ ਗਈ ਅਤੇ ਉਨ੍ਹਾਂ ਦਾ ਪਾਰਦਰਸ਼ੀ ਰੂਪ ਨਾਲ ਟਰੈਕ ਰੱਖਿਆ ਗਿਆ। ਇਸ ਨੇ ਇੱਕ ਅਜਿਹਾ ਮਜ਼ਬੂਤ ਡਿਜੀਟਲ ਢਾਂਚਾ ਤਿਆਰ ਕੀਤਾ ਜਿਸ ਦਾ ਅਧਿਐਨ ਦੁਨੀਆ ਭਰ ਦੀਆਂ ਸਿਹਤ ਸੰਭਾਲ ਪ੍ਰਣਾਲੀਆਂ ਨੇ ਕੀਤਾ।

**ਭਵਿੱਖ 'ਤੇ ਨਿਗਾਹ**

ਡਿਜੀਟਲ ਇੰਡੀਆ ਦੇ 11ਵੇਂ ਵਰ੍ਹੇ ਦੀ ਸਮਾਪਤੀ ਦੇ ਨਾਲ, ਇਹ ਮਿਸ਼ਨ ਅਤਿ-ਆਧੁਨਿਕ ਤਕਨਾਲੋਜੀਆਂ ਵੱਲ ਮਜ਼ਬੂਤੀ ਨਾਲ ਵਧ ਰਿਹਾ ਹੈ, ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਇਨ੍ਹਾਂ ਦੀ ਵਰਤੋਂ ਭਾਰਤ ਅਤੇ ਵਿਕਾਸਸ਼ੀਲ ਦੇਸ਼ਾਂ ਦੀਆਂ ਚੁਣੌਤੀਆਂ ਨੂੰ ਹੱਲ ਕਰਨ ਲਈ ਜਨਤਕ ਹਿਤ ਦੇ ਰੂਪ ਵਿੱਚ ਲਿਆ ਜਾਣਾ ਚਾਹੀਦਾ ਹੈ। ਵਰ੍ਹਿਆਂ ਤੱਕ, ਕੰਪਿਊਟਿੰਗ ਪਾਵਰ ਦੀ ਭਾਰੀ ਲਾਗਤ ਨੇ ਛੋਟੇ ਸ਼ਹਿਰਾਂ ਦੇ ਪ੍ਰਤਿਭਾਸ਼ਾਲੀ ਨੌਜਵਾਨ ਨਵੀਨਤਾਕਾਰਾਂ ਨੂੰ ਉੱਨਤ ਤਕਨਾਲੋਜੀਆਂ ਤੋਂ ਦੂਰ ਰੱਖਿਆ। 'ਇੰਡੀਆਏਆਈ' ਮਿਸ਼ਨ ਅਧੀਨ, ਭਾਰਤ ਸਟਾਰਟਅੱਪਸ ਲਈ ਵਪਾਰ ਕਰਨ ਦੀ ਸੁਗਮਤਾ (ਈਜ਼ ਆਫ ਡੂਇੰਗ ਬਿਜ਼ਨਸ) ਨੂੰ ਵਧਾਉਣ ਲਈ ਇਸ ਰੁਕਾਵਟ ਨੂੰ ਯੋਜਨਾਬੱਧ ਢੰਗ ਨਾਲ ਦੂਰ ਕਰ ਰਿਹਾ ਹੈ। ਸਰਕਾਰ ਨੇ ਸਾਰਿਆਂ ਦੀ ਪਹੁੰਚ ਨੂੰ ਅਸਾਨ ਬਣਾਉਣ ਲਈ ਇੱਕ ਵਿਸ਼ਾਲ, ਸਾਂਝੀ ਕੰਪਿਊਟਿੰਗ ਸਹੂਲਤ ਸਥਾਪਿਤ ਕੀਤੀ ਹੈ। ਦੇਸ਼ ਦੇ ਘਰੇਲੂ ਸਟਾਰਟਅੱਪਸ ਅਤੇ ਵਿਦਿਆਰਥੀਆਂ ਨੂੰ ਸਿਰਫ਼ 65 ਰੁਪਏ ਪ੍ਰਤੀ ਘੰਟੇ ਦੀ ਦਰ ਨਾਲ ਵਿਸ਼ਵ-ਪੱਧਰੀ ਕੰਪਿਊਟਿੰਗ ਸਮਰੱਥਾ ਪ੍ਰਦਾਨ ਕਰਕੇ, ਇਸ ਦਾ ਉਦੇਸ਼ ਜ਼ਮੀਨੀ ਪੱਧਰ 'ਤੇ ਨਵੀਨਤਾਕਾਰਾਂ ਨੂੰ ਹੁਲਾਰਾ ਦੇਣਾ ਹੈ। ਸਾਡਾ ਟੀਚਾ ਆਪਣੇ ਪ੍ਰਤਿਭਾਸ਼ਾਲੀ ਕਾਰਜਬਲ ਦੇ ਜ਼ੋਰ 'ਤੇ ਭਾਰਤ ਨੂੰ ਦੁਨੀਆ ਦੀ 'ਏਆਈ ਐਪਲੀਕੇਸ਼ਨ ਦਾ ਕੇਂਦਰ ਬਣਾਉਣਾ ਹੈ, ਜੋ ਕਿ ਦੇਸ਼-ਵਿਦੇਸ਼ ਦੇ ਸਾਰੇ ਖੇਤਰਾਂ ਵਿੱਚ ਸੇਵਾ ਵੰਡ ਨੂੰ ਬਿਹਤਰ ਬਣਾ ਸਕੇ ਅਤੇ ਉੱਦਮਾਂ ਦੀ ਉਤਪਾਦਕਤਾ ਨੂੰ ਵਧਾ ਸਕੇ।



**ਸ਼੍ਰੀ ਐਸ ਕ੍ਰਿਸ਼ਨਨ**
**ਸਕੱਤਰ,**
**ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ**


ਇਸ ਦੇ ਨਾਲ ਹੀ, ਭਾਰਤ ਆਪਣੇ ਹਾਰਡਵੇਅਰ ਦੇ ਭਵਿੱਖ ਨੂੰ ਵੀ ਸੁਰੱਖਿਅਤ ਕਰ ਰਿਹਾ ਹੈ। 'ਸੈਮੀਕੌਨ ਇੰਡੀਆ ਪ੍ਰੋਗਰਾਮ' ਦੇ ਤਹਿਤ, ਦੇਸ਼ ਭਰ ਵਿੱਚ 1.65 ਲੱਖ ਕਰੋੜ ਰੁਪਏ ਦੇ ਨਿਵੇਸ਼ ਵਾਲੇ 12 ਸੈਮੀਕੰਡਕਟਰ ਨਿਰਮਾਣ ਅਤੇ ਪੈਕੇਜਿੰਗ ਪ੍ਰੋਜੈਕਟਾਂ ਨੂੰ ਪ੍ਰਵਾਨਗੀ ਦਿੱਤੀ ਜਾ ਚੁੱਕੀ ਹੈ। ਇਸੇ ਗਤੀ ਨੂੰ ਅੱਗੇ ਵਧਾਉਂਦੇ ਹੋਏ, ਕੇਂਦਰੀ ਬਜਟ 2026-27 ਵਿੱਚ 'ਇੰਡੀਆ ਸੈਮੀਕੰਡਕਟਰ ਮਿਸ਼ਨ' ਘਆਈਐੱਸਐੱਮ) 2.0 ਦਾ ਐਲਾਨ ਕੀਤਾ ਗਿਆ ਹੈ। ਇਹ ਨਵਾਂ ਪੜਾਅ ਸਿਰਫ਼ ਨਿਰਮਾਣ ਤੱਕ ਸੀਮਤ ਨਹੀਂ ਹੈ, ਸਗੋਂ ਸੈਮੀਕੰਡਕਟਰ ਉਪਕਰਣਾਂ ਅਤੇ ਗਲੋਬਲ ਸਪਲਾਈ ਚੇਨਾਂ ਨੂੰ ਮਜ਼ਬੂਤ ਕਰਨ 'ਤੇ ਕੇਂਦ੍ਰਿਤ ਹੈ। ਇਸ ਯੋਜਨਾ ਦੇ ਤਹਿਤ 24 ਸੈਮੀਕੰਡਕਟਰ ਡਿਜ਼ਾਈਨ ਸਟਾਰਟਅੱਪਸ ਨੂੰ ਮਨਜ਼ੂਰੀ ਮਿਲਣ ਦੇ ਨਾਲ, ਭਾਰਤ ਤੇਜ਼ੀ ਨਾਲ ਆਪਣੀ ਸਮਰੱਥਾ ਨਿਰਮਾਣ ਨੂੰ ਗਹਿਨ ਤਕਨਾਲੋਜੀ ਹੁਨਰ ਵਿੱਚ ਬਦਲ ਰਿਹਾ ਹੈ। ਇਹ ਇੱਕ ਜੀਵੰਤ ਘਰੇਲੂ ਫੈਬਲੇਸ ਈਕੋਸਿਸਟਮ ਨੂੰ ਉਤਸ਼ਾਹਿਤ ਕਰ ਰਿਹਾ ਹੈ, ਜੋ ਕਿ ਆਧੁਨਿਕ ਦੁਨੀਆ ਨੂੰ ਚਲਾਉਣ ਵਾਲੀ ਚਿਪਸ ਨੂੰ ਡਿਜ਼ਾਈਨ ਕਰਦਾ ਹੈ।

ਇਸ ਪਹਿਲ ਦੀ ਅਸਲੀ ਵਿਰਾਸਤ ਉਸ ਦੇਸ਼ ਦੀ ਸੋਚ ਵਿੱਚ ਹੈ ਜੋ ਹੁਣ ਨਵੀਨਤਾ, ਬਿਨਾ ਰੁਕਾਵਟ ਕਾਰੋਬਾਰੀ ਸੰਚਾਲਨ ਅਤੇ ਸ਼ਾਸਨ ਨੂੰ ਆਪਣੀਆਂ ਉਂਗਲੀਆਂ 'ਤੇ ਪ੍ਰਾਪਤ ਕਰਨਾ ਚਾਹੁੰਦਾ ਹੈ। ਇਹ ਯਕੀਨੀ ਬਣਾ ਕੇ ਤਕਨਾਲੋਜੀ ਸਭ ਨੂੰ ਨਾਲ ਲਿਆਉਣ, ਅਸਾਨੀ ਨਾਲ ਉਪਲਬਧ ਹੋਣ ਅਤੇ ਪ੍ਰਭੂਸੱਤਾ ਦੀ ਤਾਕਤ ਦਾ ਜ਼ਰੀਆ ਬਣੇ, 'ਡਿਜੀਟਲ ਇੰਡੀਆ' ਚੁੱਪਚਾਪ ਉਸ 'ਵਿਕਸਿਤ ਭਾਰਤ' ਦੀ ਨੀਂਹ ਰੱਖ ਰਿਹਾ ਹੈ ਜਿਸ ਦਾ ਸੁਪਨਾ ਅਸੀਂ 2047 ਦੇ ਲਈ ਦੇਖਿਆ ਹੈ।

# ਨਾਰੀ ਸ਼ਕਤੀ: ਵਾਅਦਿਆਂ ਤੋਂ ਹਕੀਕਤ ਤੱਕ: ਬ੍ਰਿਕਸ ਵਿੱਚ ਭਾਰਤ ਦਾ ਯੋਗਦਾਨ

ਜ਼ਿਕਰ ਪੰਜਾਬ

ਭਾਰਤ ਨੇ 1 ਜਨਵਰੀ, 2026 ਨੂੰ 'ਲਚਕੀਲੇਪਣ, ਨਵੀਨਤਾ, ਸਹਿਯੋਗ ਅਤੇ ਸਥਿਰਤਾ ਲਈ ਨਿਰਮਾਣ' ਦੇ ਵਿਸ਼ੇ ਹੇਠ ਬ੍ਰਿਕਸ ਦੀ ਪ੍ਰਧਾਨਗੀ ਸੰਭਾਲੀ। ਮਹਿਲਾਵਾਂ ਨਾਲ ਜੁੜੇ ਮਾਮਲਿਆਂ ਵਿੱਚ ਸਾਡਾ ਯੋਗਦਾਨ ਬੇਹੱਦ ਖ਼ਾਸ ਰਿਹਾ ਹੈ। ਅਸੀਂ ਸਿਰਫ਼ ਕੋਈ ਨਾਅਰਾ ਜਾਂ ਤਾਰੀਫ਼ ਲਈ ਸਫ਼ਲ ਕਹਾਣੀਆਂ ਦਾ ਸੰਗ੍ਰਹਿ ਪੇਸ਼ ਨਹੀਂ ਕਰ ਰਹੇ ਹਾਂ। ਅਸੀਂ ਇੱਕ ਅਜਿਹਾ ਕਾਰਜਸ਼ੀਲ ਢਾਂਚਾ ਲੈ ਕੇ ਆਏ ਹਾਂ, ਜੋ ਕਰੋੜਾਂ ਮਹਿਲਾਵਾਂ ਤੱਕ ਪਹੁੰਚਿਆ ਹੈ। ਇਹ ਢਾਂਚਾ ਸਿਰਫ਼ ਭਾਰਤ ਤੱਕ ਸੀਮਤ ਨਹੀਂ ਹੈ, ਸਗੋਂ ਇੱਥੋਂ ਸ਼ੁਰੂ ਹੋ ਕੇ ਜਿੱਥੇ ਵੀ ਜਾਂਦਾ ਹੈ, ਉੱਥੇ ਅੱਗੇ ਹੋਰ ਵਿਕਸਿਤ ਹੋਣ ਲਈ ਤਿਆਰ ਰਹਿੰਦਾ ਹੈ। ਇਹੀ ਭਾਰਤ ਦੀ ਖ਼ਾਸ ਗੱਲ ਹੈ। ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਪਿਛਲੇ ਇੱਕ ਦਹਾਕੇ ਤੋਂ ਵੀ ਵੱਧ ਸਮੇਂ ਤੋਂ, ਭਾਰਤ ਨੇ ਮਹਿਲਾਵਾਂ ਦੀ ਅਗਵਾਈ ਵਾਲੇ ਵਿਕਾਸ ਨੂੰ ਇੱਕ ਰਾਸ਼ਟਰੀ ਮਿਸ਼ਨ ਵਜੋਂ ਅਪਣਾਇਆ ਹੈ ਅਤੇ ਇਸ ਕੰਮ ਨੂੰ ਇੰਨੇ ਵੱਡੇ ਪੱਧਰ 'ਤੇ ਕੀਤਾ ਹੈ, ਜਿਸ ਦੀ ਬਰਾਬਰੀ ਬਹੁਤ ਘੱਟ ਦੇਸ਼ ਕਰ ਸਕਦੇ ਹਨ। 2023 ਵਿੱਚ ਆਪਣੀ ਜੀ20 ਪ੍ਰਧਾਨਗੀ ਦੌਰਾਨ, ਭਾਰਤ ਨੇ ਗਲੋਬਲ ਸੋਚ ਨੂੰ 'ਮਹਿਲਾਵਾਂ ਦੇ ਵਿਕਾਸ' ਤੋਂ ਬਦਲ ਕੇ 'ਮਹਿਲਾਵਾਂ ਦੀ ਅਗਵਾਈ ਵਾਲੇ ਵਿਕਾਸ' ਵੱਲ ਮੋੜਨ ਵਿੱਚ ਮਦਦ ਕੀਤੀ। ਇਹ ਸਿਰਫ਼ ਸ਼ਬਦਾਂ ਦਾ ਬਦਲਾਵ ਨਹੀਂ ਸੀ, ਸਗੋਂ ਸੋਚ ਦਾ ਵੀ ਬਦਲਾਵ ਸੀ। ਮਹਿਲਾਵਾਂ ਨੂੰ ਸਿਰਫ਼ ਲਾਭਪਾਤਰੀ ਵਜੋਂ ਦੇਖਣ ਦੀ ਬਜਾਏ, ਉਨ੍ਹਾਂ ਨੂੰ ਅਗਵਾਈ ਵਾਲੀ ਭੂਮਿਕਾ ਵਿੱਚ ਦੇਖਣਾ। ਕੋਚੀ ਵਿੱਚ ਅਸੀਂ ਇਸੇ ਬਦਲਾਵ ਨਾਲ ਜੁੜਿਆ ਸਵਾਲ ਚੁੱਕ ਰਹੇ ਹਾਂ: ਇੱਕ ਵਾਰ ਵਾਅਦਾ ਕਰਨ ਤੋਂ ਬਾਅਦ, ਉਸ ਨੂੰ ਵੱਡੇ ਪੱਧਰ 'ਤੇ, ਆਖ਼ਰੀ ਪਿੰਡ ਦੀ ਆਖ਼ਰੀ ਮਹਿਲਾ ਤੱਕ ਕਿਵੇਂ ਪਹੁੰਚਾਇਆ ਜਾਵੇ? ਭਾਰਤ ਨੇ ਪਿਛਲੇ ਦਸ ਸਾਲਾਂ ਵਿੱਚ ਸਿਰਫ਼ ਸਿਧਾਂਤਕ ਤੌਰ 'ਤੇ ਨਹੀਂ, ਸਗੋਂ ਅਸਲ ਵਿੱਚ ਇਸ ਸਵਾਲ ਦਾ ਜਵਾਬ ਦਿੱਤਾ ਹੈ। ਭਾਰਤ ਲਈ ਇਹ ਸੋਚ ਨਵੀਂ ਨਹੀਂ, ਸਗੋਂ ਬਹੁਤ ਪੁਰਾਣੀ ਹੈ। ਵਿਕਾਸ ਦੀ ਭਾਸ਼ਾ ਦੇ ਆਉਣ ਤੋਂ ਬਹੁਤ ਪਹਿਲਾਂ ਹੀ, ਸਾਡੀ ਸੰਸਕ੍ਰਿਤੀ ਨੇ ਨਾਰੀ ਨੂੰ ਸ਼ਕਤੀ, ਗਿਆਨ ਅਤੇ ਖ਼ੁਸ਼ਹਾਲੀ ਦਾ ਸਰੋਤ ਮੰਨਿਆ ਸੀ। ਇਹ ਤਿੰਨੋਂ ਹੀ ਉਹ ਅਧਾਰ ਹਨ, ਜਿਨ੍ਹਾਂ 'ਤੇ ਕੋਈ ਵੀ ਸਮਾਜ ਤਰੱਕੀ ਕਰਦਾ ਹੈ ਅਤੇ ਉਨ੍ਹਾਂ ਨੂੰ ਦੇਵੀ ਦੁਰਗਾ, ਸਰਸਵਤੀ ਅਤੇ ਲਕਸ਼ਮੀ ਦੇ ਰੂਪ ਵਿੱਚ ਪੂਜਿਆ ਜਾਂਦਾ ਰਿਹਾ ਹੈ। ਦੈਵੀ ਸ਼ਕਤੀ ਨੂੰ ਹੀ 'ਸ਼ਕਤੀ' ਕਿਹਾ ਜਾਂਦਾ ਹੈ ਅਤੇ ਸੰਸਕ੍ਰਿਤ ਦੇ ਇੱਕ ਪ੍ਰਸਿੱਧ ਸਲੋਕ ਅਨੁਸਾਰ, ਜਿੱਥੇ ਮਹਿਲਾਵਾਂ ਦਾ ਸਤਿਕਾਰ ਹੁੰਦਾ ਹੈ, ਉੱਥੇ ਦੇਵਤੇ ਵੀ ਪ੍ਰਸੰਨ ਹੁੰਦੇ ਹਨ। ਇਹ ਸਤਿਕਾਰ ਸਿਰਫ਼ ਦਿਖਾਵੇ ਲਈ ਨਹੀਂ ਸੀ: ਲੋਪਾਮੁਦਰਾ ਅਤੇ ਘੋਸ਼ਾ ਵਰਗੀਆਂ ਮਹਿਲਾ ਰਿਸ਼ੀਆਂ ਨੇ ਰਿਗਵੇਦ ਦੇ ਮੰਤਰਾਂ ਦੀ ਰਚਨਾ ਕੀਤੀ ਅਤੇ ਗਾਰਗੀ ਤੇ ਮੈਤਰੇਈ ਵਰਗੀਆਂ ਦਾਰਸ਼ਨਿਕਾਂ ਨੇ ਉਪਨਿਸ਼ਦਾਂ ਦੇ ਪ੍ਰਸਿੱਧ ਵਾਦ-ਵਿਵਾਦਾਂ ਵਿੱਚ ਆਪਣੀ ਗੱਲ ਮਜ਼ਬੂਤੀ ਨਾਲ ਰੱਖੀ। ਇਸ ਲਈ, ਭਾਰਤ ਲਈ ਮਹਿਲਾਵਾਂ ਦੀ ਅਗਵਾਈ ਵਾਲਾ ਵਿਕਾਸ, ਕਿਸੇ ਹੋਰ ਤੋਂ ਲਿਆ ਗਿਆ ਵਿਚਾਰ ਨਹੀਂ ਹੈ, ਸਗੋਂ ਇੱਕ ਪ੍ਰਾਚੀਨ ਵਿਚਾਰ ਦਾ ਹੀ ਆਧੁਨਿਕ ਰੂਪ ਹੈ। ਸ਼ੁਰੂਆਤ ਫ਼ੈਸਲਾ ਲੈਣ ਦੀ ਪ੍ਰਕਿਰਿਆ ਤੋਂ ਕਰਦੇ ਹਾਂ। ਭਾਰਤ ਦੀਆਂ ਪੰਚਾਇਤੀ ਰਾਜ ਸੰਸਥਾਵਾਂ ਵਿੱਚ ਚੁਣੇ ਗਏ ਪ੍ਰਤੀਨਿਧੀਆਂ ਵਿੱਚੋਂ ਲਗਭਗ ਅੱਧੀਆਂ ਮਹਿਲਾਵਾਂ ਹਨ, ਜੋ ਦੁਨੀਆ ਵਿੱਚ ਚੁਣੀਆਂ ਹੋਈਆਂ ਮਹਿਲਾ ਆਗੂਆਂ ਦੇ ਸਭ ਤੋਂ ਵੱਡੇ ਸਮੂਹਾਂ ਵਿੱਚੋਂ ਇੱਕ ਹੈ। ਇਸ ਤੋਂ ਇਲਾਵਾ, ਨਾਰੀ ਸ਼ਕਤੀ ਵੰਦਨ ਅਧਿਨਿਯਮ, 2023 ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਲਈ ਇੱਕ-ਤਿਹਾਈ ਸੀਟਾਂ ਰਾਖਵੀਆਂ ਕਰਦਾ ਹੈ। ਮਹਿਲਾਵਾਂ ਦੀ ਅਗਵਾਈ ਵਾਲੇ ਵਿਕਾਸ ਦਾ ਅੰਤ ਸਿਰਫ਼ ਪ੍ਰਤੀਨਿਧਤਾ ਤੱਕ ਹੀ ਸੀਮਤ ਨਹੀਂ ਹੈ, ਸਗੋਂ ਇੱਥੋਂ ਇਸ ਦੀ ਸ਼ੁਰੂਆਤ ਹੁੰਦੀ ਹੈ। ਅਜਿਹਾ ਮਾਡਲ, ਜੋ ਮਹਿਲਾਵਾਂ ਨੂੰ ਸੇਵਾਵਾਂ ਤਾਂ ਦਿੰਦਾ ਹੈ, ਪਰ ਉਨ੍ਹਾਂ ਸੇਵਾਵਾਂ ਨੂੰ ਤੈਅ ਕਰਨ ਵਾਲੇ ਫ਼ੈਸਲਿਆਂ ਵਿੱਚ ਉਨ੍ਹਾਂ ਨੂੰ ਸ਼ਾਮਲ ਨਹੀਂ ਕਰਦਾ, ਉਹ ਅਸਲ ਵਿੱਚ ਮਹਿਲਾਵਾਂ ਦੀ ਅਗਵਾਈ ਵਾਲਾ ਮਾਡਲ ਨਹੀਂ ਹੈ। ਕੁੱਲ ਮਿਲਾ ਕੇ ਇਹ ਸਭ ਮਿਲ ਕੇ ਭਾਗੀਦਾਰੀ ਨੂੰ ਆਮਦਨ ਅਤੇ ਮਾਲਕੀ ਹੱਕ ਵਿੱਚ ਬਦਲਦੇ ਹਨ। ਲਖਪਤੀ ਦੀਦੀ ਪਹਿਲ ਦੇ ਤਹਿਤ, ਜੂਨ 2025 ਤੱਕ 1.48 ਕਰੋੜ ਸਵੈ-ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਦੀ ਸਾਲਾਨਾ ਕਮਾਈ ਘੱਟੋ-ਘੱਟ 1 ਲੱਖ ਰੁਪਏ ਤੱਕ ਪਹੁੰਚ ਗਈ ਸੀ ਅਤੇ ਜਨਵਰੀ 2026 ਵਿੱਚ ਸ਼ੁਰੂ ਕੀਤੇ ਗਏ ਉੱਦਮਤਾ 'ਤੇ ਕੇਂਦ੍ਰਿਤ ਇੱਕ ਰਾਸ਼ਟਰੀ ਮੁਹਿੰਮ ਦਾ ਮਕਸਦ 50,000 ਭਾਈਚਾਰਕ ਸਰੋਤ ਵਿਅਕਤੀਆਂ ਰਾਹੀਂ 50 ਲੱਖ ਵਾਧੂ ਮਹਿਲਾਵਾਂ ਨੂੰ ਸਿਖਲਾਈ ਦੇਣਾ ਹੈ। ਤਰੱਕੀ ਦਾ ਇਹੀ ਰਸਤਾ ਰਸਮੀ ਕਾਰੋਬਾਰ ਵਿੱਚ ਵੀ ਦਿਖਾਈ ਦਿੰਦਾ ਹੈ: ਪੀਐੱਮਐੱਮਵਾਈ ਦੇ ਤਹਿਤ ਦਿੱਤੇ ਗਏ ਕਰਜ਼ਿਆਂ ਵਿੱਚੋਂ 69 ਫ਼ੀਸਦੀ ਅਤੇ 'ਸਟੈਂਡ-ਅੱਪ ਇੰਡੀਆ' ਦੇ ਲਾਭਪਾਤਰੀਆਂ ਵਿੱਚੋਂ 84 ਫ਼ੀਸਦੀ ਮਹਿਲਾਵਾਂ ਹਨ। ਡੀਪੀਆਈਆਈਟੀ ਵੱਲੋਂ ਮਾਨਤਾ ਪ੍ਰਾਪਤ 2.12 ਲੱਖ ਸਟਾਰਟਅੱਪਸ ਵਿੱਚੋਂ 1.02 ਲੱਖ ਤੋਂ ਵੱਧ ਸਟਾਰਟਅੱਪਸ ਵਿੱਚ ਘੱਟੋ-ਘੱਟ ਇੱਕ ਮਹਿਲਾ ਨਿਰਦੇਸ਼ਕ ਜਾਂ ਹਿੱਸੇਦਾਰ ਹੈ ਅਤੇ ਇਨ੍ਹਾਂ ਵਿੱਚੋਂ ਕਈ ਸਟਾਰਟਅੱਪ ਵੱਡੇ ਸ਼ਹਿਰਾਂ ਦੀ ਬਜਾਏ ਛੋਟੇ ਸ਼ਹਿਰਾਂ ਵਿੱਚ ਹਨ। ਅਸੀਂ ਬ੍ਰਿਕਸ ਨੂੰ ਇਹ ਬ੍ਰਾਂਡ ਨਾਮ ਨਹੀਂ, ਸਗੋਂ ਉਨ੍ਹਾਂ ਦੇ ਪਿੱਛੇ ਦੀ ਕਹਾਣੀ ਪੇਸ਼ ਕਰਦੇ ਹਾਂ: ਪਹਿਲਾਂ ਪਹੁੰਚ, ਫਿਰ ਸੰਸਥਾਵਾਂ ਅਤੇ ਫਿਰ ਲਾਭਪਾਤਰੀ ਤੋਂ ਉੱਦਮੀ ਬਣਨ ਦਾ ਇੱਕ ਵਿਵਸਥਿਤ ਰਸਤਾ। ਅੰਕੜੇ ਵੀ ਇਸ ਬਦਲਾਵ ਨੂੰ ਦਿਖਾਉਂਦੇ ਹਨ। ਭਾਰਤ ਵਿੱਚ ਮਹਿਲਾਵਾਂ ਦੀ ਕੰਮਕਾਜੀ ਆਬਾਦੀ ਵਿੱਚ ਭਾਗੀਦਾਰੀ 2017-18 ਵਿੱਚ 23.3 ਫ਼ੀਸਦੀ ਤੋਂ ਵਧ ਕੇ 2023-24 ਵਿੱਚ 41.7 ਫ਼ੀਸਦੀ ਹੋ ਗਈ ਹੈ ਅਤੇ ਇਸੇ ਦੌਰਾਨ ਮਹਿਲਾਵਾਂ ਵਿੱਚ ਬੇਰੁਜ਼ਗਾਰੀ ਦੀ ਦਰ 5.6 ਫ਼ੀਸਦੀ ਤੋਂ ਘਟ ਕੇ 3.2 ਫ਼ੀਸਦੀ ਰਹਿ ਗਈ ਹੈ।



**ਸ਼੍ਰੀਮਤੀ ਅੰਨਪੂਰਨਾ ਦੇਵੀ**

ਹੁਣ ਪਹਿਲਾਂ ਨਾਲੋਂ ਕਿਤੇ ਵੱਧ ਮਹਿਲਾਵਾਂ ਕਾਰਜਬਲ ਦਾ ਹਿੱਸਾ ਹਨ, ਇਸ ਲਈ ਸਾਡਾ ਫੋਕਸ ਹੁਣ ਅਗਲੇ ਪੜਾਅ 'ਤੇ ਹੈ—ਉਨ੍ਹਾਂ ਦੇ ਕੰਮ ਦੀ ਗੁਣਵੱਤਾ ਅਤੇ ਆਮਦਨ ਨੂੰ ਹੋਰ ਬਿਹਤਰ ਬਣਾਉਣਾ। ਇਸ ਸਾਲ ਮਹਿਲਾਵਾਂ ਨਾਲ ਜੁੜੇ ਕੰਮਾਂ ਲਈ ਚਾਰ ਤਰਜੀਹੀ ਖੇਤਰ ਤੈਅ ਕੀਤੇ ਗਏ ਹਨ ਅਤੇ ਇਨ੍ਹਾਂ ਵਿੱਚੋਂ ਇੱਕ ਸਿੱਧਾ ਸਾਡੇ ਤਜਰਬੇ ਨਾਲ ਜੁੜਿਆ ਹੋਇਆ ਹੈ: ਜਲਵਾਯੂ ਕਾਰਵਾਈ, ਭੋਜਨ ਸੁਰੱਖਿਆ ਅਤੇ ਪੋਸ਼ਣ ਵਿੱਚ ਮਹਿਲਾਵਾਂ ਦੀ ਭੂਮਿਕਾ। ਇਸ ਬਾਰੇ ਸਬੂਤ ਵੀ ਸਾਫ਼ ਨਤੀਜੇ ਬਿਆਨ ਕਰਦੇ ਹਨ: ਜਦੋਂ ਫ਼ੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਮਹਿਲਾਵਾਂ ਸ਼ਾਮਲ ਹੁੰਦੀਆਂ ਹਨ, ਤਾਂ ਪੋਸ਼ਣ ਬਿਹਤਰ ਮਿਲਦਾ ਹੈ ਅਤੇ ਭਾਈਚਾਰੇ ਚੁਣੌਤੀਆਂ ਦਾ ਬਿਹਤਰ ਢੰਗ ਨਾਲ ਸਾਹਮਣਾ ਕਰ ਪਾਉਂਦੇ ਹਨ। ਇਹ ਕੋਈ ਕਾਲਪਨਿਕ ਗੱਲ ਨਹੀਂ ਹੈ। ਝਾਰਖੰਡ ਵਿੱਚ ਮਹਿਲਾ ਕਿਸਾਨਾਂ ਨੂੰ ਬੀਜਾਂ ਦੀਆਂ ਅਜਿਹੀਆਂ ਕਿਸਮਾਂ ਦੀ ਜਾਣਕਾਰੀ ਹੈ, ਜੋ ਸੋਕੇ ਦੌਰਾਨ ਵੀ ਬਚੀਆਂ ਰਹਿੰਦੀਆਂ ਹਨ। ਰਾਜਸਥਾਨ ਵਿੱਚ ਮਹਿਲਾ ਪਸ਼ੂ ਪਾਲਕਾਂ ਨੂੰ ਉਨ੍ਹਾਂ ਰਸਤਿਆਂ ਦੀ ਵੀ ਜਾਣਕਾਰੀ ਹੈ, ਜਿਨ੍ਹਾਂ ਰਾਹੀਂ ਸੋਕੇ ਦੇ ਸਮੇਂ ਪਸ਼ੂਆਂ ਨੂੰ ਸੁਰੱਖਿਅਤ ਲਿਜਾਇਆ ਜਾ ਸਕਦਾ ਹੈ। ਭਾਰਤ ਦਾ ਕੰਮ ਅਜਿਹੇ ਸੰਸਥਾਨ ਬਣਾਉਣਾ ਰਿਹਾ ਹੈ, ਜੋ ਇਸ ਜਾਣਕਾਰੀ ਅਤੇ ਤਜਰਬੇ ਦਾ ਇਸਤੇਮਾਲ ਕਰਨ, ਨਾ ਕਿ ਇਸ ਨੂੰ ਨਜ਼ਰਅੰਦਾਜ਼ ਕਰਨ। ਮਿਸ਼ਨ ਪੋਸ਼ਣ 2.0 ਆਂਗਣਵਾੜੀ ਨੈੱਟਵਰਕ ਦੇ ਜ਼ਰੀਏ ਚਲਾਇਆ ਜਾਂਦਾ ਹੈ, ਜਿਸ ਵਿੱਚ ਮਹਿਲਾਵਾਂ ਕੰਮ ਕਰਦੀਆਂ ਹਨ ਅਤੇ ਉਹ ਹੀ ਲੋਕਾਂ ਤੱਕ ਸੇਵਾਵਾਂ ਪਹੁੰਚਾਉਣ ਦੀ ਭਰੋਸੇਮੰਦ ਕੜੀ ਹੁੰਦੀਆਂ ਹਨ। ਜਲਵਾਯੂ ਦੇ ਅਨੁਕੂਲ ਢਲਣ ਦਾ ਕੰਮ ਵੀ ਇਸੇ ਤਰ੍ਹਾਂ ਹੁੰਦਾ ਹੈ, ਭਾਵੇਂ ਉਹ ਲੱਦਾਖ ਵਿੱਚ ਮਹਿਲਾਵਾਂ ਵੱਲੋਂ ਬਣਾਏ ਗਏ ਉੱਚੇ ਇਲਾਕਿਆਂ ਵਿੱਚ ਪਾਣੀ ਇਕੱਠਾ ਕਰਨ ਦੇ ਢਾਂਚੇ ਹੋਣ ਜਾਂ ਓਡੀਸ਼ਾ ਦੇ ਤੱਟ 'ਤੇ ਬਨਸਪਤੀ ਦੇ ਸੰਘਣੇ ਇਲਾਕਿਆਂ ਨੂੰ ਬਚਾਉਣ ਵਾਲੀਆਂ ਕਮੇਟੀਆਂ। ਮਹਿਲਾਵਾਂ ਹੁਣ ਸਿਰਫ਼ ਅਨੁਕੂਲਣ ਦੀ ਤਕਨੀਕ ਦਾ ਇਸਤੇਮਾਲ ਕਰਨ ਵਾਲੀਆਂ ਨਹੀਂ ਰਹਿ ਗਈਆਂ, ਸਗੋਂ ਉਹ ਖੁਦ ਇਸ ਨੂੰ ਅੱਗੇ ਵਧਾ ਵੀ ਰਹੀਆਂ ਹਨ: 'ਨਮੋ ਡ?ਰੋਨ ਦੀਦੀ' ਯੋਜਨਾ ਤਹਿਤ, ਸਵੈ-ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਨੂੰ ਖੇਤੀ ਵਿੱਚ ਇਸਤੇਮਾਲ ਹੋਣ ਵਾਲੇ ਡਰੋਨ ਉਡਾਉਣ ਦੀ ਸਿਖਲਾਈ ਦਿੱਤੀ ਜਾਂਦੀ ਹੈ। ਇਹ ਵਧੇਰੇ ਹੁਨਰ ਅਤੇ ਵਧੇਰੇ ਆਮਦਨ ਵਾਲੇ ਕੰਮ ਵੱਲ ਇੱਕ ਸੋਚ-ਸਮਝ ਕੇ ਚੁੱਕਿਆ ਗਿਆ ਕਦਮ ਹੈ। ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਦੂਰ-ਅੰਦੇਸ਼ੀ ਅਗਵਾਈ ਹੇਠ, ਮਹਿਲਾਵਾਂ ਦੀ ਅਗਵਾਈ ਵਾਲਾ ਵਿਕਾਸ ਸਰਕਾਰ ਵੱਲੋਂ ਕੀਤਾ ਗਿਆ ਸਿਰਫ਼ ਕੋਈ ਐਲਾਨ ਨਹੀਂ ਹੈ, ਸਗੋਂ ਇਹ ਇੱਕ ਅਜਿਹੀ ਵਿਵਸਥਾ ਹੈ, ਜਿਸ ਨੂੰ ਇੱਕ-ਇੱਕ ਹਿੱਸੇ ਨੂੰ ਜੋੜ ਕੇ ਉਦੋਂ ਤੱਕ ਬਣਾਇਆ ਅਤੇ ਚਲਾਇਆ ਜਾਂਦਾ ਹੈ, ਜਦੋਂ ਤੱਕ ਕਿ ਇਹ ਉਸ ਆਖ਼ਰੀ ਮਹਿਲਾ ਤੱਕ ਨਾ ਪਹੁੰਚ ਜਾਵੇ, ਜਿਸ ਦੇ ਲਈ ਇਸ ਨੂੰ ਬਣਾਇਆ ਗਿਆ ਸੀ। ਜੁਲਾਈ ਵਿੱਚ ਕੋਚੀ ਵਿੱਚ ਹੋਣ ਵਾਲੀ ਮੰਤਰੀਆਂ ਦੀ ਬੈਠਕ ਵਿੱਚ, ਭਾਰਤ ਇਸ ਮਾਡਲ ਨੂੰ ਇੱਕ ਯੋਗਦਾਨ ਦੇ ਤੌਰ 'ਤੇ ਪੇਸ਼ ਕਰੇਗਾ, ਨਾ ਕਿ ਕਿਸੇ ਅਜਿਹੇ ਉਪਾਅ ਵਜੋਂ, ਜਿਸ ਨੂੰ ਦੂਜਿਆਂ ਲਈ ਵੀ ਅਪਣਾਉਣਾ ਲਾਜ਼ਮੀ ਹੋਵੇ। ਇਸ ਦਾ ਮਕਸਦ ਇਹ ਹੈ ਕਿ ਦੂਜੇ ਦੇਸ਼ ਇਸ ਤੋਂ ਸਿੱਖ ਸਕਣ ਅਤੇ ਇਸ ਨੂੰ ਆਪਣੇ ਹਾਲਾਤ ਅਨੁਸਾਰ ਢਾਲ ਸਕਣ।

**(ਲੇਖਿਕਾ ਭਾਰਤ ਸਰਕਾਰ ਵਿੱਚ ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਹਨ)**

# ਆਧਾਰ ਐਪ ਰਾਹੀਂ ਆਧਾਰ 'ਚ ਮੁਫਤ ਈਮੇਲ ਅਪਡੇਟ ਦੀ ਸਹੂਲਤ

ਜ਼ਿਕਰ ਪੰਜਾਬ

**ਨਵੀਂ ਦਿੱਲੀ/ ਪੀਆਈਬੀ**

ਭਾਰਤੀ ਵਿਲੱਖਣ ਪਛਾਣ ਅਥਾਰਿਟੀ (ਯੂਆਈਡੀਏਆਈ) ਨੇ ਨਿਵਾਸੀਆਂ ਦੀ ਸੁਵਿਧਾ ਵਧਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਕਦਮ

**ਪਹਿਲੇ ਦੋ ਦਿਨਾਂ ਵਿੱਚ 25 ਲੱਖ ਤੋਂ ਵੱਧ ਈਮੇਲ ਅੱਪਡੇਟ ਦਰਜ ਕੀਤੇ ਗਏ**

ਚੁੱਕਦੇ ਹੋਏ ਹੁਣ ਲੋਕਾਂ ਨੂੰ ਆਧਾਰ ਐਪ ਰਾਹੀਂ ਸਿੱਧੇ ਆਧਾਰ ਵਿੱਚ ਆਪਣੀ ਈਮੇਲ ਆਈਡੀ ਜੋੜਨ ਜਾਂ ਅਪਡੇਟ ਕਰਨ ਦੀ ਆਗਿਆ ਦੇ ਦਿੱਤੀ ਹੈ, ਜਿਸ ਨਾਲ ਆਧਾਰ ਕੇਂਦਰ ਜਾਣ ਦੀ ਜ਼ਰੂਰਤ ਖ਼ਤਮ ਹੋ ਗਈ ਹੈ। ਇਹ ਸੇਵਾ ਸਿਰਫ ਆਧਾਰ ਐਪ ਰਾਹੀਂ ਮੁਫਤ ਉਪਲਬਧ ਹੈ, ਜੋ 1 ਜੁਲਾਈ, 2026 ਤੋਂ 6 ਮਹੀਨੇ ਦੀ ਮਿਆਦ ਲਈ ਪ੍ਰਭਾਵੀ ਹੋਵੇਗੀ। ਇਸ ਨਾਲ ਨਿਵਾਸੀਆਂ ਲਈ ਆਪਣੀ ਆਧਾਰ ਜਾਣਕਾਰੀ ਨੂੰ ਅਪਡੇਟ ਰੱਖਣਾ ਪਹਿਲਾਂ ਤੋਂ ਕਿਤੇ ਵੱਧ ਅਸਾਨ ਹੋ ਜਾਵੇਗਾ। ਸਰੀਰਕ ਤੌਰ 'ਤੇ ਆਉਣ-ਜਾਣ ਦੀ ਜ਼ਰੂਰਤ ਨੂੰ ਖ਼ਤਮ ਕਰਕੇ, ਇਹ ਪਹਿਲ ਡਿਜੀਟਲ ਇੰਡੀਆ ਅਧੀਨ ਵਿਕਸਿਤ ਭਾਰਤ ਦੀ ਦਿਸ਼ਾ ਵਿੱਚ ਲੋਕਾਂ ਦੇ ਅਨੁਕੂਲ ਡਿਜੀਟਲ ਸੇਵਾ ਪ੍ਰਦਾਨ ਕਰਨ ਲਈ




ਯੂਆਈਡੀਏਆਈ ਦੀ ਪ੍ਰਤੀਬੱਧਤਾ ਨੂੰ ਰੇਖਾਂਕਿਤ ਕਰਦੀ ਹੈ। ਆਧਾਰ ਐਪ 'ਤੇ ਨਵੀਂ ਸੇਵਾ ਉਪਲਬਧ ਹੋਣ ਦੇ ਦੋ ਦਿਨਾਂ ਦੇ ਅੰਦਰ ਹੀ 250,000 ਤੋਂ ਵੱਧ ਲੋਕਾਂ ਨੇ ਆਪਣਾ ਈਮੇਲ ਪਤਾ ਅੱਪਡੇਟ ਕਰ ਲਿਆ ਹੈ। ਈਮੇਲ ਨੂੰ ਆਧਾਰ ਨਾਲ ਲਿੰਕ ਕਰਨ ਨਾਲ ਆਧਾਰ ਪ੍ਰਮਾਣੀਕਰਣ ਬੇਨਤੀ ਲਾਗੂ ਹੋਣ 'ਤੇ ਰੀਅਲ-ਟਾਈਮ ਵਿੱਚ ਈਮੇਲ ਸੂਚਨਾਵਾਂ ਪ੍ਰਾਪਤ ਕਰਨ ਵਿੱਚ ਸਹਾਇਤਾ ਮਿਲਦੀ ਹੈ। ਜੀਵਨ ਨੂੰ ਅਸਾਨ ਬਣਾਉਣ ਦੇ ਉਦੇਸ਼ ਨਾਲ ਡਿਜ਼ਾਇਨ ਕੀਤਾ ਗਿਆ ਨਵਾਂ ਆਧਾਰ ਐਪ ਲੋਕਾਂ ਨੂੰ ਆਪਣੇ ਸਮਾਰਟਫੋਨ ਨਾਲ ਹੀ ਮੋਬਾਈਲ ਨੰਬਰ ਅਪਡੇਟ ਅਤੇ ਪਤਾ ਅਪਡੇਟ ਸਮੇਤ ਕਈ ਸੇਵਾਵਾਂ ਦਾ ਅਸਾਨੀ ਨਾਲ ਲਾਭ ਚੁੱਕਣ ਵਿੱਚ ਸਮਰੱਥ ਬਣਾ ਰਿਹਾ ਹੈ। ਹੁਣ ਤੱਕ 40 ਲੱਖ ਤੋਂ ਵੱਧ ਲੋਕਾਂ ਨੇ ਨਵੇਂ ਆਧਾਰ ਐਪ ਦੀ ਵਰਤੋਂ ਕਰਕੇ ਆਪਣੇ ਮੋਬਾਈਲ ਨੰਬਰ ਅਪਡੇਟ ਕੀਤੇ ਹਨ। ਉੱਥੇ ਹੀ, ਲਗਭਗ 10 ਲੱਖ ਲੋਕਾਂ ਨੇ ਇਸ ਐਪ ਦੀ ਵਰਤੋਂ ਕਰਕੇ ਆਪਣਾ ਪਤਾ ਵੀ ਅਪਡੇਟ ਕੀਤਾ ਹੈ। ਯੂਆਈਡੀਏਆਈ ਲੋਕਾਂ ਨੂੰ ਆਧਾਰ ਵਿੱਚ ਈਮੇਲ ਆਈਡੀ ਜੋੜਨ ਅਤੇ ਅਪਡੇਟ ਕਰਨ ਦੀ ਸੁਵਿਧਾ ਦਾ ਲਾਭ ਚੁੱਕਣ ਲਈ ਹੁਲਾਰਾ ਦਿੰਦਾ ਹੈ। ਨਿਵਾਸੀ ਆਧਾਰ ਐਪ ਡਾਉਨਲੋਡ ਜਾਂ ਅਪਡੇਟ ਕਰਕੇ ਈਮੇਲ ਅਪਡੇਟ ਕਰਨ ਦੀ ਸੁਵਿਧਾ ਦੀ ਵਰਤੋਂ ਕਰ ਸਕਦੇ ਹਨ। ਨਵਾਂ ਆਧਾਰ ਐਪ ਐਂਡਰਾਇਡ ਅਤੇ ਐਪਲ ਆਈਓਐੱਸ ਦੋਵਾਂ ਪਲੇਟਫਾਰਮਾਂ 'ਤੇ ਉਪਲਬਧ ਹੈ। ਲੋਕ ਇਸ ਨੂੰ ਇੱਥੋਂ ਡਾਊਨਲੋਡ ਕਰ ਸਕਦੇ ਹਨ।

# ਭਗਵੰਤ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਨਾਲ ਮੋਹਾਲੀ ਦੇ ਨਾਈ ਦੇ ਗੋਡੇ ਦਾ ਮੁਫ਼ਤ ਆਪ੍ਰੇਸ਼ਨ

ਜ਼ਿਕਰ ਪੰਜਾਬ

**ਚੰਡੀਗੜ੍ਹ** : ਇੱਕ ਦਰਦਨਾਕ ਸੜਕ ਹਾਦਸੇ ਤੋਂ ਬਾਅਦ ਮੋਹਾਲੀ ਦੇ ਨਾਈ ਮੁਹੰਮਦ ਜ਼ੁਲਫੁਕਾਰ ਨੂੰ ਲੱਗਣ ਲੱਗ ਪਿਆ ਸੀ ਕਿ ਹੁਣ ਉਹ ਆਪਣੀ ਰੋਜ਼ੀ-ਰੋਟੀ ਦਾ ਸਾਧਨ ਗੁਆ ਬੈਠਣਗੇ। ਗੋਡੇ ਦੀ ਗੰਭੀਰ ਸੱਟ ਦੇ ਇਲਾਜ ਦਾ ਖ਼ਰਚਾ ਚੁੱਕਣਾ ਉਨ੍ਹਾਂ ਲਈ ਸੰਭਵ ਨਹੀਂ ਸੀ ਅਤੇ ਉਹ ਆਪਣੇ ਪਰਿਵਾਰ ਦੇ ਭਵਿੱਖ ਨੂੰ ਲੈ ਕੇ ਬਹੁਤ ਚਿੰਤਤ ਸਨ। ਪਰ ਭਗਵੰਤ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਉਨ੍ਹਾਂ ਨੂੰ ਮੁਫ਼ਤ ਇਲਾਜ ਮਿਲਿਆ ਅਤੇ ਹੁਣ ਉਹ ਆਪਣੇ ਕੰਮ 'ਤੇ ਮੁੜ ਵਾਪਸੀ ਦੀ ਤਿਆਰੀ ਕਰ ਰਹੇ ਹਨ। ਹਰ ਸਵੇਰ, ਜਦੋਂ ਜ਼ਿਆਦਾਤਰ ਲੋਕ ਆਪਣੇ ਦਿਨ ਦੀ ਸ਼ੁਰੂਆਤ ਵੀ ਨਹੀਂ ਕਰਦੇ, ਮੁਹੰਮਦ ਜ਼ੁਲਫੁਕਾਰ ਆਪਣੀ ਛੋਟੀ ਜਿਹੀ ਨਾਈ ਦੀ ਦੁਕਾਨ ਖੋਲ੍ਹ ਕੇ ਗਾਹਕਾਂ ਦਾ ਇੰਤਜ਼ਾਰ ਕਰਦੇ ਹਨ। ਕਈ ਸਾਲਾਂ ਤੋਂ ਉਹ ਸਿਰਫ਼ ਵਾਲ ਕੱਟਣ ਵਾਲੇ ਨਾਈ ਹੀ ਨਹੀਂ, ਸਗੋਂ ਆਪਣੇ ਗਾਹਕਾਂ ਦੇ ਭਰੋਸੇਮੰਦ ਸਾਥੀ ਵੀ ਰਹੇ ਹਨ। ਲੋਕ ਉਨ੍ਹਾਂ ਨਾਲ ਗੱਲਬਾਤ ਕਰਨ ਅਤੇ ਵਾਰ-ਵਾਰ ਉਨ੍ਹਾਂ ਦੀ ਦੁਕਾਨ 'ਤੇ ਆਉਣ ਵਿੱਚ ਆਪਣਾਪਣ ਮਹਿਸੂਸ ਕਰਦੇ ਹਨ,ਪਰ ਕੁਝ ਸਮਾਂ ਪਹਿਲਾਂ ਉਨ੍ਹਾਂ ਦੀ ਜ਼ਿੰਦਗੀ ਇੱਕ ਮੁਸ਼ਕਲ ਮੋੜ 'ਤੇ ਆ ਗਈ। ਇੱਕ ਦਿਨ ਉਹ ਮੋਟਰਸਾਈਕਲ 'ਤੇ ਜਾ ਰਹੇ ਸਨ ਕਿ ਅਚਾਨਕ ਸੜਕ 'ਤੇ ਇੱਕ ਗਾਂ ਆ ਗਈ। ਉਸ ਨੂੰ ਬਚਾਉਣ ਦੀ ਕੋਸ਼ਿਸ਼ ਦੌਰਾਨ ਉਨ੍ਹਾਂ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਸੜਕ 'ਤੇ ਡਿੱਗ ਪਏ। ਉਨ੍ਹਾਂ ਦੀ ਇੱਕ ਲੱਤ ਮੋਟਰਸਾਈਕਲ ਹੇਠਾਂ ਫਸ ਗਈ ਅਤੇ ਇੰਜਣ ਚੱਲਦਾ ਰਹਿਣ ਕਾਰਨ ਉਹ ਕਈ ਮੀਟਰ ਤੱਕ ਸੜਕ 'ਤੇ ਘਿਸਟਦੇ ਰਹੇ। ਇੱਕ ਗੋਡੇ 'ਤੇ ਹਲਕੀਆਂ ਸੱਟਾਂ ਆਈਆਂ, ਪਰ ਦੂਜੇ ਗੋਡੇ 'ਤੇ ਗੰਭੀਰ ਸੱਟ ਲੱਗੀ, ਜਿਸ ਕਾਰਨ ਤੁਰਨਾ-ਫਿਰਨਾ ਵੀ ਮੁਸ਼ਕਲ ਹੋ ਗਿਆ। ਉਨ੍ਹਾਂ ਦਾ ਕੰਮ ਲੰਬੇ ਸਮੇਂ ਤੱਕ ਖੜ੍ਹੇ ਰਹਿਣ ਦੀ ਮੰਗ ਕਰਦਾ ਸੀ। ਹਾਦਸੇ ਤੋਂ ਬਾਅਦ ਇੱਕ ਗਾਹਕ ਦੇ ਵਾਲ ਕੱਟਣ ਲਈ ਵੀ ਖੜ੍ਹੇ ਰਹਿਣਾ ਉਨ੍ਹਾਂ ਲਈ ਔਖਾ ਹੋ ਗਿਆ ਅਤੇ ਉਨ੍ਹਾਂ ਨੂੰ ਡਰ ਸਤਾਉਣ ਲੱਗਾ ਕਿ ਕਿਤੇ ਉਹ ਆਪਣੀ ਰੋਜ਼ੀ-ਰੋਟੀ ਹੀ ਨਾ ਗੁਆ ਬੈਠਣ। ਉਨ੍ਹਾਂ ਨੇ ਕਿਹਾ, "ਮੈਂ ਹਰ ਰੋਜ਼ ਦਰਦ ਵਿੱਚ ਰਹਿੰਦਾ ਸੀ। ਵਾਰ-ਵਾਰ ਇਹੀ ਸੋਚਦਾ ਸੀ ਕਿ ਜੇ ਮੈਂ ਖੜ੍ਹਾ ਹੀ ਨਾ ਹੋ ਸਕਿਆ ਤਾਂ ਕੰਮ ਕਿਵੇਂ ਕਰਾਂਗਾ? ਅਤੇ ਜੇ ਕੰਮ ਨਾ ਕਰ ਸਕਿਆ ਤਾਂ ਆਪਣੇ ਪਰਿਵਾਰ ਦਾ ਗੁਜ਼ਾਰਾ ਕਿਵੇਂ ਚਲਾਵਾਂਗਾ? ਆਪ੍ਰੇਸ਼ਨ ਦਾ ਖ਼ਰਚਾ



ਉਨ੍ਹਾਂ ਦੀ ਚਿੰਤਾ ਹੋਰ ਵਧਾ ਰਿਹਾ ਸੀ। ਇਲਾਜ ਮਹਿੰਗਾ ਸੀ ਅਤੇ ਇੰਨੇ ਪੈਸੇ ਇਕੱਠੇ ਕਰਨਾ ਉਨ੍ਹਾਂ ਲਈ ਲਗਭਗ ਅਸੰਭਵ ਸੀ। ਹੋਰ ਮਿਹਨਤਕਸ਼ ਪਰਿਵਾਰਾਂ ਵਾਂਗ ਉਨ੍ਹਾਂ ਨੂੰ ਵੀ ਡਰ ਸੀ ਕਿ ਜਾਂ ਤਾਂ ਕਰਜ਼ਾ ਲੈਣਾ ਪਵੇਗਾ ਜਾਂ ਇਲਾਜ ਟਾਲਣਾ ਪਵੇਗਾ। ਉਨ੍ਹਾਂ ਨੇ ਦੱਸਿਆ, "ਮੈਂ ਬਹੁਤ ਪਰੇਸ਼ਾਨ ਸੀ। ਦਰਦ ਤਾਂ ਸੀ ਹੀ, ਪਰ ਆਪ੍ਰੇਸ਼ਨ ਦਾ ਖ਼ਰਚਾ ਉਸ ਤੋਂ ਵੀ ਵੱਧ ਡਰਾਉਣਾ ਸੀ। ਸਮਝ ਨਹੀਂ ਆ ਰਿਹਾ ਸੀ ਕਿ ਇੰਨੇ ਪੈਸੇ ਕਿੱਥੋਂ ਆਉਣਗੇ। ਉਨ੍ਹਾਂ ਨੂੰ ਪੰਜਾਬ ਦੀ ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ ਰਾਹਤ ਮਿਲੀ। ਮੋਹਾਲੀ ਦੇ ਜ਼ਿਲ੍ਹਾ ਹਸਪਤਾਲ ਵਿੱਚ ਉਨ੍ਹਾਂ ਦਾ ਐਂਟੀਰੀਅਰ ਆਰਥਰੋਸਕੋਪਿਕ ਮੈਨਿਸਕਸ ਰਿਪੇਅਰ/ਮੈਨਿਸੈਕਟੋਮੀ ਆਪ੍ਰੇਸ਼ਨ ਕੀਤਾ ਗਿਆ। ਇਸ ਇਲਾਜ 'ਤੇ 53,455 ਰੁਪਏ ਦਾ ਖ਼ਰਚਾ ਆਇਆ, ਜੋ ਯੋਜਨਾ ਤਹਿਤ ਪੂਰੀ ਤਰ੍ਹਾਂ ਕਵਰ ਕੀਤਾ ਗਿਆ। ਇਸ ਨਾਲ ਉਹ ਬਿਨਾਂ ਕਿਸੇ ਆਰਥਿਕ ਚਿੰਤਾ ਦੇ ਲੋੜੀਂਦਾ ਇਲਾਜ ਕਰਵਾ ਸਕੇ। ਉਨ੍ਹਾਂ ਨੇ ਕਿਹਾ, "ਜਦੋਂ ਮੈਨੂੰ ਪਤਾ ਲੱਗਾ ਕਿ ਮੇਰੇ ਇਲਾਜ ਦਾ ਸਾਰਾ ਖ਼ਰਚਾ ਯੋਜਨਾ ਤਹਿਤ ਕਵਰ ਹੋਵੇਗਾ, ਤਾਂ ਮੈਨੂੰ ਲੱਗਿਆ ਜਿਵੇਂ ਮੇਰੇ ਸਿਰ ਤੋਂ ਬਹੁਤ ਵੱਡਾ ਬੋਝ ਉਤਰ ਗਿਆ ਹੋਵੇ। ਕਈ ਮਹੀਨਿਆਂ ਬਾਅਦ ਪਹਿਲੀ ਵਾਰ ਮੈਨੂੰ ਉਮੀਦ ਦੀ ਕਿਰਨ ਨਜ਼ਰ ਆਈ। ਆਪ੍ਰੇਸ਼ਨ ਤੋਂ ਬਾਅਦ ਜ਼ੁਲਫੁਕਾਰ ਤੇਜ਼ੀ ਨਾਲ ਸਿਹਤਯਾਬ ਹੋ ਰਹੇ ਹਨ ਅਤੇ ਜਲਦੀ ਹੀ ਆਪਣੀ ਦੁਕਾਨ 'ਤੇ ਵਾਪਸ ਜਾ ਕੇ ਪਹਿਲਾਂ ਵਾਂਗ ਮੁਸਕਰਾਹਟ ਅਤੇ ਸਮਰਪਣ ਨਾਲ ਗਾਹਕਾਂ ਦੀ ਸੇਵਾ ਕਰਨ ਦੀ ਉਮੀਦ ਰੱਖਦੇ ਹਨ। ਉਨ੍ਹਾਂ ਨੇ ਕਿਹਾ, "ਇਹ ਸੋਚ ਕੇ ਬਹੁਤ ਖ਼ੁਸ਼ੀ ਹੁੰਦੀ ਹੈ ਕਿ ਮੈਂ ਮੁੜ ਕੰਮ 'ਤੇ ਪਰਤ ਸਕਾਂਗਾ। ਵਾਲ ਕੱਟਣਾ ਸਿਰਫ਼ ਮੇਰਾ ਪੇਸ਼ਾ ਨਹੀਂ, ਸਗੋਂ ਮੇਰੇ ਪਰਿਵਾਰ ਦੀ ਰੋਜ਼ੀ-ਰੋਟੀ ਦਾ ਸਹਾਰਾ ਅਤੇ ਲੋਕਾਂ ਨਾਲ ਜੁੜਨ ਦਾ ਸਾਧਨ ਵੀ ਹੈ। ਮੈਂ ਇਸ ਮੌਕੇ ਲਈ ਬਹੁਤ ਧੰਨਵਾਦੀ ਹਾਂ। ਜ਼ੁਲਫੁਕਾਰ ਲਈ ਇਹ ਆਪ੍ਰੇਸ਼ਨ ਸਿਰਫ਼ ਗੋਡੇ ਦਾ ਇਲਾਜ ਨਹੀਂ ਸੀ। ਇਸ ਨਾਲ ਉਨ੍ਹਾਂ ਦਾ ਆਤਮ-ਵਿਸ਼ਵਾਸ ਵਾਪਸ ਆਇਆ, ਪਰਿਵਾਰ ਦੀ ਰੋਜ਼ੀ-ਰੋਟੀ ਸੁਰੱਖਿਅਤ ਹੋਈ ਅਤੇ ਉਨ੍ਹਾਂ ਨੂੰ ਉਸ ਹਾਦਸੇ ਤੋਂ ਬਾਅਦ ਆਪਣੀ ਜ਼ਿੰਦਗੀ ਮੁੜ ਸੰਵਾਰਨ ਦਾ ਮੌਕਾ ਮਿਲਿਆ, ਜੋ ਉਨ੍ਹਾਂ ਦੇ ਕਰੀਅਰ ਦਾ ਅੰਤ ਵੀ ਕਰ ਸਕਦਾ ਸੀ। ਅੱਜ ਉਨ੍ਹਾਂ ਦੀ ਦੁਕਾਨ 'ਤੇ ਆਉਣ ਵਾਲਾ ਹਰ ਗਾਹਕ ਇਸ ਗੱਲ ਦੀ ਮਿਸਾਲ ਹੈ ਕਿ ਸਮੇਂ ਸਿਰ ਮਿਲਿਆ ਸਿਹਤ ਇਲਾਜ ਕਿਸੇ ਦੀ ਜ਼ਿੰਦਗੀ ਬਦਲ ਸਕਦਾ ਹੈ। ਸਟੇਟ ਹੈਲਥ ਏਜੰਸੀ, ਪੰਜਾਬ ਦੇ ਅੰਕੜਿਆਂ ਅਨੁਸਾਰ, ਰਿਪੋਰਟਿੰਗ ਮਿਆਦ ਦੌਰਾਨ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 53.38 ਲੱਖ ਰੁਪਏ ਦੀ ਲਾਗਤ ਨਾਲ 190 ਆਰਥੋਪੀਡਿਕ ਪ੍ਰਕਿਰਿਆਵਾਂ ਕੀਤੀਆਂ ਗਈਆਂ।

# ਲੁਧਿਆਣਾ ਦੇ ਐਸ.ਸੀ.ਡੀ. ਕਾਲਜ ਦੇ ਐਲੂਮਨਾਈ ਵੱਲੋਂ ਗਾਜ਼ਾ 'ਚ ਬੱਚਿਆਂ ਖ਼ਿਲਾਫ਼ ਕਥਿਤ ਅੱਤਿਆਚਾਰਾਂ ਦੀ ਨਿੰਦਾ

ਜ਼ਿਕਰ ਪੰਜਾਬ

**ਲੁਧਿਆਣਾ/ਇੰਦਰਜੀਤ**

106 ਸਾਲ ਪੁਰਾਣੇ ਪ੍ਰਤਿਸ਼ਠਿਤ ਐਸ.ਸੀ.ਡੀ. ਸਰਕਾਰੀ ਕਾਲਜ, ਲੁਧਿਆਣਾ ਦੇ ਐਲੂਮਨਾਈ ਦੇ ਇੱਕ

**■ ਇਜ਼ਰਾਈਲ ਨਾਲ ਸੰਬੰਧ ਤੋੜਨ ਦੀ ਅਪੀਲ**

ਗਰੁੱਪ ਨੇ ਗਾਜ਼ਾ ਵਿੱਚ ਫ਼ਲਸਤੀਨੀ ਬੱਚਿਆਂ ਵਿਰੁੱਧ ਇਜ਼ਰਾਈਲ ਵੱਲੋਂ ਕੀਤੇ ਜਾ ਰਹੇ ਕਥਿਤ ਅੱਤਿਆਚਾਰਾਂ ਅਤੇ ਨਸਲਕੁਸ਼ੀ ਬਾਰੇ ਸੰਯੁਕਤ ਰਾਸ਼ਟਰ ਦੇ ਸੁਤੰਤਰ ਅੰਤਰਰਾਸ਼ਟਰੀ ਜਾਂਚ ਕਮਿਸ਼ਨ ਦੇ ਚੇਅਰਮੈਨ ਭਾਰਤੀ ਜਸਟਿਸ ਸ੍ਰੀਨਿਵਾਸਨ ਮੁਰਲੀਧਰ ਦੀ ਰਿਪੋਰਟ ਦਾ ਗੰਭੀਰ ਨੋਟਿਸ ਲੈਂਦਿਆਂ ਇਸ ਮਾਮਲੇ 'ਤੇ ਇੱਕ ਵਰਚੁਅਲ ਵਿਚਾਰ-ਚਰਚਾ ਕੀਤੀ। ਐਲੂਮਨਾਈ ਐਸੋਸੀਏਸ਼ਨ ਦੇ ਆਰਗੇਨਾਈਜ਼ਿੰਗ ਸਕੱਤਰ ਬ੍ਰਿਜ ਭੂਸ਼ਣ ਗੋਇਲ ਨੇ ਚਰਚਾ ਦੀ ਸ਼ੁਰੂਆਤ ਕਰਦਿਆਂ ਜੂਨ 2026 ਵਿੱਚ ਜਾਰੀ ਕੀਤੀ ਗਈ ਰਿਪੋਰਟ ਦਾ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਹੈ ਕਿ 7



ਅਕਤੂਬਰ 2023 ਤੋਂ ਹੁਣ ਤੱਕ ਗਾਜ਼ਾ ਵਿੱਚ ਲਗਭਗ 20,000 ਬੱਚਿਆਂ ਦੀ ਮੌਤ ਹੋ ਚੁੱਕੀ ਹੈ ਅਤੇ 44,000 ਤੋਂ ਵੱਧ ਜ਼ਖ਼ਮੀ ਹੋਏ ਹਨ। ਰਿਪੋਰਟ ਅਨੁਸਾਰ ਹਜ਼ਾਰਾਂ ਬੱਚੇ ਅਨਾਥ ਹੋਏ, ਆਪਣੇ ਪਰਿਵਾਰਾਂ ਤੋਂ ਵਿਛੜੇ, ਅਪਾਹਜ ਬਣੇ, ਵਾਰ-ਵਾਰ ਬੇਘਰ ਹੋਏ ਅਤੇ ਭੁੱਖਮਰੀ, ਸਿੱਖਿਆ ਤੇ ਸਿਹਤ ਸੇਵਾਵਾਂ ਦੀ ਤਬਾਹੀ ਦਾ ਸ਼ਿਕਾਰ ਬਣੇ। ਗੋਇਲ ਨੇ ਕਿਹਾ ਕਿ ਜੇ ਰਿਪੋਰਟ ਵਿੱਚ ਦਰਜ ਤੱਥ ਸਹੀ ਹਨ ਤਾਂ ਇਹ ਮਨੁੱਖੀ ਅਧਿਕਾਰਾਂ ਦੀਆਂ ਸਭ ਤੋਂ ਘਿਨਾਉਣੀਆਂ ਉਲੰਘਣਾਵਾਂ ਵਿੱਚੋਂ ਇੱਕ ਹੈ, ਜਿਸ ਦੀ ਕਲਪਨਾ ਵੀ ਇੱਕ ਸੱਭਿਆ ਸਮਾਜ ਨਹੀਂ ਕਰ ਸਕਦਾ। ਉਨ੍ਹਾਂ ਸੰਯੁਕਤ ਰਾਸ਼ਟਰ ਨੂੰ ਅਪੀਲ ਕੀਤੀ ਕਿ ਉਹ ਮੈਂਬਰ ਦੇਸ਼ਾਂ ਨੂੰ ਇਜ਼ਰਾਈਲ ਨਾਲ ਆਪਣੇ ਕੂਟਨੀਤਕ ਅਤੇ ਹੋਰ ਸੰਬੰਧਾਂ ਬਾਰੇ ਗੰਭੀਰਤਾ ਨਾਲ ਵਿਚਾਰ ਕਰਨ ਲਈ ਕਹੇ।" ਪ੍ਰੋ. ਪੀ. ਕੇ. ਸ਼ਰਮਾ ਨੇ ਜਸਟਿਸ ਮੁਰਲੀਧਰ ਵੱਲੋਂ ਦਬਾਅ ਅਤੇ ਰੁਕਾਵਟਾਂ ਦੇ ਬਾਵਜੂਦ ਤੱਥਾਂ ਨੂੰ ਸਾਹਮਣੇ ਲਿਆਉਣ ਲਈ ਕੀਤੇ ਗਏ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਰਿਪੋਰਟ ਗਾਜ਼ਾ ਦੇ ਬੱਚਿਆਂ ਦੀ ਦਰਦਨਾਕ ਸਥਿਤੀ ਦਾ ਮਾਰਮਿਕ ਦਸਤਾਵੇਜ਼ ਹੈ। ਇੰਟਰਨੈਸ਼ਨਲ ਸੋਸਾਇਟੀ ਆਫ਼ ਐਥਿਕਸ ਦੇ ਪ੍ਰਧਾਨ ਡਾ. ਜਰਨੈਲ ਸਿੰਘ ਨੇ ਕਿਹਾ, ਸਭਿਅਤਾ ਦੀ ਤਰੱਕੀ ਦੇ ਨਾਲ-ਨਾਲ ਮਨੁੱਖ ਦੀ ਇਨਸਾਨੀਅਤ ਪ੍ਰਤੀ ਸੰਵੇਦਨਸ਼ੀਲਤਾ ਘਟਦੀ ਜਾ ਰਹੀ ਹੈ। ਪੁਰਾਣੇ ਵਿਦਿਆਰਥੀ ਜਗਮੋਹਨ ਗਰਗ ਨੇ ਕਿਹਾ ਕਿ ਸੱਚ ਬੋਲਣ ਅਤੇ ਸੱਚ ਨੂੰ ਦਸਤਾਵੇਜ਼ੀ ਰੂਪ ਵਿੱਚ ਸਾਹਮਣੇ ਲਿਆਉਣ ਦਾ ਸਾਹਸ ਬਹੁਤ ਘੱਟ ਲੋਕਾਂ ਵਿੱਚ ਹੁੰਦਾ ਹੈ। ਸਾਬਕਾ ਪ੍ਰਿੰਸੀਪਲ ਮੰਜੀਤ ਸਿੰਘ ਸੰਧੂ ਨੇ ਕਿਹਾ ਕਿ ਅੱਜ ਕਈ ਦੇਸ਼ਾਂ ਵਿੱਚ ਲੋਕਤੰਤਰ ਦੀ ਆੜ ਹੇਠ ਤਾਨਾਸ਼ਾਹੀ ਰੁਝਾਨ ਮਜ਼ਬੂਤ ਹੋ ਰਹੇ ਹਨ। ਚਰਚਾ ਵਿੱਚ ਪ੍ਰੋ. ਆਈ. ਪੀ. ਸੇਤੀਆ, ਪ੍ਰੋ. ਡਾ. ਬੀ. ਪੀ. ਸਿੰਘ, ਬਲਦੇਵ ਗਰਚਾ, ਡਾ. ਸੁਨੀਲ ਚੋਪੜਾ ਅਤੇ ਪ੍ਰੋ. ਜਗਜੀਤ ਸਿੰਘ ਸਿੱਧੂ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।

# ਅਕਾਲੀ ਜੱਥਾ ਲੁਧਿਆਣਾ ਸ਼ਹਿਰੀ ਵੱਲੋਂ ਸਮੁੱਚੇ ਸਰਕਲ ਇੰਚਾਰਜਾਂ ਦੇ ਨਾਲ ਮੀਟਿੰਗ ਦੌਰਾਨ ਪਾਰਟੀ ਦੀ ਚੜ੍ਹਦੀ ਕਲਾ ਲਈ ਜਾਰੀ ਕੀਤੇ ਦਿਸ਼ਾ ਨਿਰਦੇਸ਼

ਜ਼ਿਕਰ ਪੰਜਾਬ

**ਲੁਧਿਆਣਾ/ਪ੍ਰਿਤਪਾਲ ਸਿੰਘ ਪਾਲੀ**

ਅਕਾਲੀ ਜੱਥਾ ਸ਼ਹਿਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭਿੰਡਾ ਵੱਲੋਂ ਸਰਕਲ ਇੰਚਾਰਜ ਦੀ ਮੀਟਿੰਗ ਰੱਖੀ ਗਈ ਜਿਸ ਦੌਰਾਨ ਸਮੁੱਚੇ 34 ਸਰਕਲ ਇੰਚਾਰਜਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। ਜਿਸ ਦੌਰਾਨ ਜਲਦ ਤੋਂ ਜਲਦ ਵਾਰਡ ਪ੍ਰਧਾਨ ਨਿਯੁਕਤ ਕਰਨ ਸਮੇਤ ਹੋਰਨਾਂ ਜਿੰਮੇਵਾਰੀਆਂ ਬਾਰੇ ਜਾਗਰੂਕ ਕੀਤਾ ਗਿਆ ਉੱਥੇ ਹੀ ਪੰਥ ਅਤੇ ਪੰਜਾਬ ਦੇ ਭਖਦੇ ਮਸਲਿਆਂ ਬਾਰੇ ਵੀ ਗੰਭੀਰ ਚਿੰਤਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਭੁਪਿੰਦਰ ਸਿੰਘ ਭਿੰਡਾ ਸਮੇਤ ਸੀਨੀਅਰ ਅਕਾਲੀ ਆਗੂ ਰਣਜੀਤ ਸਿੰਘ ਢਿੱਲੋਂ, ਜਸਪਾਲ ਸਿੰਘ ਗਿਆਸਪੁਰਾ, ਪਰਉਪਕਾਰ ਸਿੰਘ ਘੁੰਮਣ, ਜਗਬੀਰ ਸਿੰਘ ਸੋਖੀ ਆਦਿ ਨੇ ਵੀ ਆਪਣੇ ਸੰਬੋਧਨ ਸਮੇਂ ਕਿਹਾ ਕਿ ਅੱਜ ਸਾਨੂੰ ਸਿਰਫ ਆਪਣੇ ਜਾਂ ਆਪਣੇ ਬੱਚਿਆਂ ਦਾ ਭਵਿੱਖ ਬਚਾਉਣ ਦੀ ਹੀ ਲੋੜ ਨਹੀਂ ਸਗੋਂ



ਪੰਜਾਬ ਦਾ ਭਵਿੱਖ ਬਚਾਉਣ ਦੀ ਲੋੜ ਹੈ। ਕਿਉਂਕਿ ਕਿਸੇ ਵੀ ਸੂਬੇ ਨੂੰ ਬਚਾਉਣ ਲਈ ਖੇਤਰੀ ਪਾਰਟੀ ਦੀ ਲੋੜ ਹੁੰਦੀ ਹੈ ਤੇ ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੈ ਜੋ ਪੰਜਾਬ ਦੇ ਹੱਕਾਂ ਅਤੇ ਹਿੱਤਾਂ ਲਈ ਹਮੇਸ਼ਾ ਅੱਗੇ ਖੜੀ ਨਜ਼ਰ ਆਈ ਹੈ। ਉਹਨਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਜਦੋਂ ਜਦੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਰਹੀ ਹੈ ਪੰਜਾਬ ਹਮੇਸ਼ਾ ਹੀ ਖੁਸ਼ਹਾਲ ਨਜ਼ਰ ਆਇਆ ਹੈ ਜਦਕਿ ਮਾਨ ਸਰਕਾਰ ਨੇ ਪੰਜਾਬ ਨੂੰ ਲਾਂਬੂ ਲਾਉਣ ਤੋਂ ਸਿਵਾ ਹੋਰ ਕੋਈ ਕੰਮ ਨਹੀਂ ਕੀਤਾ। ਇਸ ਮੌਕੇ ਉਹਨਾਂ ਮਾਵਾਂ ਧੀਆਂ ਸਕੀਮ ਬਾਰੇ ਵੀ ਬੋਲਦਿਆ ਕਿਹਾ ਕਿ ਇਹ ਸਕੀਮ ਸਿਰਫ ਡਰਾਮਾ ਸਾਬਤ ਹੋਵੇਗੀ ਕਿਉਂਕਿ ਜਿੱਥੇ 52-52 ਹਜਾਰ ਰੁਪਏ ਬਣਦੇ ਸਨ ਉਥੇ ਸਿਰਫ ਦੋ- ਦੋ, ਤਿੰਨ-ਤਿੰਨ ਹਜਾਰ ਰੁਪਏ ਕੁੱਝ ਕੁ ਬੀਬੀਆਂ ਦੇ ਖਾਤਿਆਂ ਚ ਪਾ ਕੇ, ਵਾਹੋ ਵਾਹੀ ਖੱਟਣ ਲਈ ਕਰੋੜਾਂ ਰੁਪਏ ਇਸ਼ਤਿਹਾਰ ਬਾਜ਼ੀ ਤੇ ਖਰਚ ਕਰ ਦਿੱਤੇ। ਜਿਸ ਦੌਰਾਨ ਉਨਾਂ ਕਿਹਾ ਕਿ ਹੁਣ ਸਮਾਂ ਸ਼੍ਰੋਮਣੀ ਅਕਾਲੀ ਦਲ ਦਾ ਹੈ ਕਿਉਂਕਿ ਲੋਕ ਸ਼੍ਰੋਮਣੀ ਅਕਾਲੀ ਦਲ ਦੇ ਕੀਤੇ ਹੋਏ ਕੰਮਾਂ ਨੂੰ ਅਤੇ ਚਲਾਈਆਂ ਹੋਈਆਂ ਲੋਕ ਭਲਾਈ ਸਕੀਮਾਂ ਨੂੰ ਫਿਰ ਤੋਂ ਯਾਦ ਕਰ ਰਹੇ ਹਨ ਜਦਕਿ ਦਿੱਲੀ ਤੋਂ ਚੱਲਣ ਵਾਲੀਆਂ ਸਰਕਾਰਾਂ ਨੇ ਪੰਜਾਬ ਦੇ ਹਰ ਵਰਗ ਦਾ ਬੁਰਾ ਹਾਲ ਕਰ ਦਿੱਤਾ ਜਿਸਦੇ ਚਲਦਿਆਂ ਇਕੱਠੇ ਹੋ ਕੇ ਸ਼੍ਰੋਮਣੀ ਅਕਾਲੀ ਦਲ ਨੂੰ ਮਜਬੂਤ ਕਰਨ ਦੀ ਲੋੜ ਹੈ।

## ਮਾਮਲਾ ਯੂਰੀਆ ਘੁਟਾਲੇ 'ਚ ਸਰਕਾਰ ਨੂੰ ਕਰੋੜਾਂ ਰੁਪਏ ਦਾ ਚੂਨਾ ਲਗਾਉਣ ਦਾ

# ਯੂਰੀਆ ਮਾਮਲੇ ਦੇ ਘਪਲੇ ਦੀ ਜਾਂਚ ਲਈ ਪੰਜ ਮੈਂਬਰੀ ਸਿੱਟ ਬਣਾਈ

ਜ਼ਿਕਰ ਪੰਜਾਬ

**ਖੰਨਾ/ਮਨਜੀਤ ਸਿੰਘ ਧੀਮਾਨ**

ਖੰਨਾ ਦੇ ਵੇਰਕਾ ਕੈਟਲ ਫੀਡ ਪਲਾਂਟ ਵਿੱਚ ਸਾਹਮਣੇ ਆਏ ਯੂਰੀਆ ਘਪਲੇ ਦੀ ਜਾਂਚ ਹੋਰ ਤੇਜ਼ ਕਰ ਦਿੱਤੀ ਗਈ ਹੈ। ਖੰਨਾ ਦੇ ਐੱਸ ਐੱਸ ਪੀ ਡਾ. ਦਰਪਣ ਆਹਲੂਵਾਲੀਆ ਨੇ ਮਾਮਲੇ

**ਖੰਨਾ ਦੇ ਵੇਰਕਾ ਕੈਟਲ ਫੀਡ ਪਲਾਂਟ ਵਿੱਚ ਸਾਹਮਣੇ ਆਏ ਯੂਰੀਆ ਘਪਲੇ ਦੀ ਜਾਂਚ ਹੋਰ ਤੇਜ਼ : ਐਸ ਐਸ ਪੀ ਡਾ. ਆਹਲੂਵਾਲੀਆ**

ਦੀ ਡੂੰਘਾਈ ਨਾਲ ਪੜਤਾਲ ਕਰਨ ਲਈ ਵਿਸ਼ੇਸ਼ ਜਾਂਚ ਟੀਮ (ਸਿਟ) ਬਣਾਈ ਹੈ ਜਿਸ ਵਿੱਚ ਇਕ ਐੱਸ ਪੀ, ਤਿੰਨ ਡੀ ਐੱਸ ਪੀ ਅਤੇ ਇਕ ਐੱਸ ਐੱਚ ਓ ਸ਼ਾਮਲ ਹਨ। ਪੁਲੀਸ ਟੀਮਾਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਲਗਾਤਾਰ ਛਾਪੇ ਮਾਰ ਰਹੀਆਂ ਹਨ। ਇਹ ਮਾਮਲਾ ਪੰਜਾਬ ਰਾਜ ਸਹਿਕਾਰੀ ਮਿਲਕ ਪ੍ਰੋਡਿਊਸਰਜ਼ ਫੈਡਰੇਸ਼ਨ (ਵੇਰਕਾ) ਦੇ ਭੱਟੀਆਂ, ਖੰਨਾ ਸਥਿਤ ਕੈਟਲ ਫੀਡ ਪਲਾਂਟ ਵਿਚ ਵਰਤੇ ਗਏ ਯੂਰੀਆ ਨਾਲ ਸਬੰਧਤ ਹੈ। ਖੇਤੀਬਾੜੀ ਵਿਭਾਗ ਨੇ ਛਾਪੇਮਾਰੀ ਦੌਰਾਨ 1340 ਬੋਰੀਆਂ



ਯੂਰੀਆ ਬਰਾਮਦ ਕੀਤਾ ਸੀ ਜਿਨ੍ਹਾਂ ਨੂੰ ਟੈਕਨੀਕਲ ਗ੍ਰੇਡ ਦਾ ਦੱਸਿਆ ਗਿਆ ਸੀ। ਸ਼ੱਕ ਦੇ ਅਧਾਰ 'ਤੇ ਲਏ ਨਮੂਨਿਆਂ ਵਿਚ ਨੀਲ ਆਇਲ ਮਿਲਿਆ ਜਿਸ ਨਾਲ ਸਪੱਸ਼ਟ ਹੋ ਗਿਆ ਕਿ ਇਹ ਟੈਕਨੀਕਲ ਗ੍ਰੇਡ ਨਹੀਂ ਸਗੋਂ ਕਿਸਾਨਾਂ ਨੂੰ ਸਬਸਿਡੀ 'ਤੇ ਦਿੱਤਾ ਜਾਣ ਵਾਲਾ ਨੀਮ ਕੋਟੇਡ ਖੇਤੀਬਾੜੀ ਗ੍ਰੇਡ ਯੂਰੀਆ ਸੀ। ਸ਼ਿਕਾਇਤ ਮੁਤਾਬਕ ਸਬਸਿਡੀ ਵਾਲੇ ਖੇਤੀਬਾੜੀ ਯੂਰੀਆ ਨੂੰ ਟੈਕਨੀਕਲ ਗ੍ਰੇਡ ਯੂਰੀਆ ਦੀਆਂ ਬੋਰੀਆਂ ਵਿਚ ਭਰ ਕੇ ਕੈਟਲ ਫੀਡ ਪਲਾਂਟ ਨੂੰ ਸਪਲਾਈ ਕੀਤਾ ਗਿਆ ਸੀ। ਦੋਸ਼ ਹੈ ਕਿ ਸਰਕਾਰੀ ਸਬਸਿਡੀ ਦੀ ਦੁਰਵਰਤੋਂ ਕਰਕੇ ਨਿੱਜੀ ਲਾਭ ਕਮਾਉਣ ਤੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਪਹੁੰਚਾਉਣ ਦੀ ਸਾਜ਼ਿਸ਼ ਰਚੀ ਗਈ। ਮਾਮਲੇ ਵਿਚ ਪਲਾਂਟ ਦੇ ਜਨਰਲ ਮੈਨੇਜਰ ਸੁਰਜੀਤ ਸਿੰਘ ਭਦੌੜ, ਹੋਰ ਜ਼ਿੰਮੇਵਾਰ ਅਧਿਕਾਰੀਆਂ ਅਤੇ ਸਪਲਾਈ ਕਰਨ ਵਾਲੀਆਂ ਕੰਪਨੀਆਂ ਐੱਮ ਐੱਸ ਇੰਡੋ ਆਰਗੈਨਿਕਸ ਗਿੱਦੜਬਾਹਾ ਅਤੇ ਐੱਮ ਐੱਸ ਮਨੀਸ਼ਾ ਟਰੇਡਿੰਗ ਕੰਪਨੀ ਦਿੱਲੀ ਦੇ ਮਾਲਕਾਂ ਨੂੰ ਨਾਮਜ਼ਦ ਕੀਤਾ ਗਿਆ ਹੈ। ਪੁਲੀਸ ਨੇ ਖਾਦ ਕੰਟਰੋਲ ਆਰਡਰ-1985, ਜ਼ਰੂਰੀ ਵਸਤੂਆਂ ਐਕਟ-1955 ਅਤੇ ਭਾਰਤੀ ਨਿਆਂ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ। ਐੱਸ ਐੱਸ ਪੀ ਅਨੁਸਾਰ ਐੱਸ ਆਈ ਟੀ ਯੂਰੀਆ ਦੀ ਖ਼ਰੀਦ, ਟੈਂਡਰ ਪ੍ਰਕਿਰਿਆ, ਸਪਲਾਈ ਚੇਨ, ਦਸਤਾਵੇਜ਼ਾਂ ਅਤੇ ਵਿੱਤੀ ਲੈਣ-ਦੇਣ ਸਮੇਤ ਮਾਮਲੇ ਦੇ ਹਰ ਪਹਿਲੂ ਦੀ ਜਾਂਚ ਕੀਤੀ ਜਾਵੇਗੀ ਅਤੇ ਮੁਲਜ਼ਮਾਂ ਨੂੰ ਜਲਦ ਗ੍ਰਿਫ਼ਤਾਰ ਕੀਤਾ ਜਾਵੇਗਾ।

# ਸਪੈਸ਼ਲ ਇੰਟੈਂਸਿਵ ਰਿਵੀਜ਼ਨ ਪ੍ਰਕਿਰਿਆ ਨੂੰ ਆਸਾਨ ਬਣਾਉਣ ਲਈ 30 ਸਤੰਬਰ ਤੱਕ ਕਈ ਨਾਗਰਿਕ ਸੇਵਾਵਾਂ ਦੀ ਫੀਸ ਮੁਆਫ਼ : ਡਿਪਟੀ ਕਮਿਸ਼ਨਰ

ਜ਼ਿਕਰ ਪੰਜਾਬ

**ਲੁਧਿਆਣਾ/ਇੰਦਰਜੀਤ, ਮਨਜੀਤ ਸਿੰਘ ਧੀਮਾਨ**

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਮੁਹਿੰਮ ਨੂੰ ਨਾਗਰਿਕਾਂ ਲਈ ਸੁਚਾਰੂ ਅਤੇ ਸੁਵਿਧਾਜਨਕ ਬਣਾਉਣ ਦੇ ਉਦੇਸ਼ ਨਾਲ 30 ਸਤੰਬਰ, 2026 ਤੱਕ ਕਈ ਮਹੱਤਵਪੂਰਨ ਨਾਗਰਿਕ ਸੇਵਾਵਾਂ 'ਤੇ ਸਰਕਾਰੀ ਫੀਸਾਂ ਅਤੇ ਸੁਵਿਧਾ ਖਰਚਿਆਂ ਨੂੰ



ਮੁਆਫ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਪ੍ਰਕਿਰਿਆ ਦੌਰਾਨ ਵੱਡੀ ਗਿਣਤੀ ਵਿੱਚ ਨਾਗਰਿਕਾਂ ਨੂੰ ਵੱਖ-ਵੱਖ ਤਰ੍ਹਾਂ ਦੇ ਦਸਤਾਵੇਜ਼ ਸਬੰਧਤ ਅਧਿਕਾਰੀਆਂ ਕੋਲ ਜਮ?ਹਾਂ ਕਰਵਾਉਣ ਦੀ ਲੋੜ ਪੈ ਰਹੀ ਹੈ। ਇਸ ਨੂੰ ਧਿਆਨ ਵਿੱਚ ਰੱਖਦਿਆਂ ਰਾਜ ਸਰਕਾਰ ਨੇ ਤਿੰਨ ਮਹੀਨਿਆਂ ਦੀ ਮਿਆਦ ਲਈ ਕਈ ਜ਼ਰੂਰੀ ਸੇਵਾਵਾਂ ਮੁਫ਼ਤ ਉਪਲਬੱਧ ਕਰਵਾਉਣ ਦਾ ਫੈਸਲਾ ਕੀਤਾ ਹੈ, ਤਾਂ ਜੋ ਨਾਗਰਿਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਆਰਥਿਕ ਜਾਂ ਪ੍ਰਸ਼ਾਸਨਿਕ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਸੇਵਾਵਾਂ 'ਤੇ ਇਹ ਛੋਟ ਲਾਗੂ ਹੋਵੇਗੀ, ਉਨ੍ਹਾਂ ਵਿੱਚ ਜਾਤੀ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਜਨਮ ਸਰਟੀਫਿਕੇਟ ਨਾਲ ਸਬੰਧਤ ਸੇਵਾਵਾਂ ਅਤੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਡੁਪਲੀਕੇਟ ਸਰਟੀਫਿਕੇਟ ਜਾਰੀ ਕਰਨ ਵਰਗੀਆਂ ਮਹੱਤਵਪੂਰਨ ਸੇਵਾਵਾਂ ਸ਼ਾਮਲ ਹਨ। ਇਨ੍ਹਾਂ ਸੇਵਾਵਾਂ ਦਾ ਲਾਭ ਨਾਗਰਿਕ 30 ਸਤੰਬਰ, 2026 ਤੱਕ ਲੈ ਸਕਣਗੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਸਹੂਲਤ ਸੇਵਾ ਕੇਂਦਰਾਂ, ਘਰ ਦੇ ਨੇੜੇ ਉਪਲਬੱਧ ਨਾਗਰਿਕ ਸੇਵਾਵਾਂ ਅਤੇ ਆਨਲਾਈਨ ਨਾਗਰਿਕ ਸੇਵਾ ਪੋਰਟਲ ਰਾਹੀਂ ਉਪਲਬੱਧ ਕਰਵਾਈ ਜਾਵੇਗੀ, ਜਿਸ ਨਾਲ ਲੋਕਾਂ ਨੂੰ ਆਪਣੇ ਦਸਤਾਵੇਜ਼ ਸਮੇਂ ਸਿਰ ਅਤੇ ਬਿਨਾਂ ਕਿਸੇ ਵਾਧੂ ਫੀਸ ਦੇ ਪ੍ਰਾਪਤ ਕਰਨ ਵਿੱਚ ਸੁਵਿਧਾ ਹੋਵੇਗੀ। ਹਿਮਾਂਸ਼ੂ ਜੈਨ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਮੁਹਿੰਮ ਤਹਿਤ ਰਿਹਾਇਸ਼ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਜਨਮ ਸਰਟੀਫਿਕੇਟ ਅਤੇ ਵਿਦਿਅਕ ਸਰਟੀਫਿਕੇਟਾਂ ਵਰਗੇ ਦਸਤਾਵੇਜ਼ਾਂ ਦੀ ਮੰਗ ਵਿੱਚ ਵਾਧਾ ਹੋਇਆ ਹੈ।

# ਖ਼ੂਨਦਾਨੀਆਂ ਨੇ ਉਤਸ਼ਾਹ ਨਾਲ ਖ਼ੂਨਦਾਨ ਕੈਂਪ ਵਿੱਚ ਹਿਸਾ ਲਿਆ : ਡਾ. ਕਰਨਪ੍ਰੀਤ ਕੌਰ




ਜ਼ਿਕਰ ਪੰਜਾਬ

**ਖੰਨਾ/ਮਨਜੀਤ ਸਿੰਘ ਧੀਮਾਨ**

ਸਮਾਜਸੇਵਾ ਦੇ ਉਦੇਸ਼ ਨਾਲ ਨਾਰਦਰਨ ਜ਼ੋਨ ਇੰਸ਼ੋਰੈਂਸ ਇੰਪਲਾਈਜ਼ ਐਸੋਸੀਏਸ਼ਨ, ਖੰਨਾ ਯੂਨਿਟ ਵੱਲੋਂ ਸਰਕਾਰੀ ਹਸਪਤਾਲ ਖੰਨਾ ਦੇ ਬਲੱਡ ਬੈਂਕ ਵਿੱਚ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਕੈਂਪ ਬਲੱਡ ਬੈਂਕ ਇੰਚਾਰਜ ਡਾ. ਕਰਨਪ੍ਰੀਤ ਕੌਰ ਦੀ ਦੇਖ-ਰੇਖ ਹੇਠ ਆਯੋਜਿਤ ਕੀਤਾ ਗਿਆ, ਜਿਸ ਵਿੱਚ ਖ਼ੂਨਦਾਨੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਕੈਂਪ ਦੌਰਾਨ ਸਿਵਲ ਹਸਪਤਾਲ ਦੇ ਐਸਐਮਓ ਡਾ. ਭਸੀਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਨਾਰਦਨ ਜੋਨ ਇੰਸ਼ੋਰੈਂਸ ਇੰਪਲਾਇਜ ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ 'ਤੇ ਕੀਤੀਆਂ ਜਾਂਦੀਆਂ ਸਮਾਜ ਸੇਵੀ ਗਤੀਵਿਧੀਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਖ਼ੂਨਦਾਨ ਵਰਗੇ ਉਪਰਾਲੇ ਲੋੜਵੰਦ ਮਰੀਜ਼ਾਂ ਲਈ ਜੀਵਨਦਾਨ ਸਾਬਤ ਹੁੰਦੇ ਹਨ। ਉਨ੍ਹਾਂ ਨੇ ਲੋਕਾਂ ਨੂੰ ਅਜਿਹੇ ਕੈਂਪਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਵੀ ਕੀਤੀ। ਇਸ ਮੌਕੇ ਬਲੱਡ ਬੈਂਕ ਇੰਚਾਰਜ ਡਾ. ਕਰਨਪ੍ਰੀਤ ਕੌਰ ਨੇ ਖ਼ੂਨਦਾਨ ਦੇ ਮਹੱਤਵ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇੱਕ ਯੂਨਿਟ ਖ਼ੂਨ ਕਈ ਕੀਮਤੀ ਜਾਨਾਂ ਬਚਾਉਣ ਵਿੱਚ ਮਦਦਗਾਰ ਸਾਬਤ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਹਰ ਤੰਦਰੁਸਤ ਵਿਅਕਤੀ ਨੂੰ ਨਿਯਮਿਤ ਤੌਰ 'ਤੇ ਖ਼ੂਨਦਾਨ ਕਰਨਾ ਚਾਹੀਦਾ ਹੈ, ਤਾਂ ਜੋ ਐਮਰਜੈਂਸੀ ਹਾਲਾਤਾਂ ਵਿੱਚ ਮਰੀਜ਼ਾਂ ਨੂੰ ਸਮੇਂ ਸਿਰ ਖ਼ੂਨ ਉਪਲਬਧ ਹੋ ਸਕੇ। ਡਾ. ਕਰਨਪ੍ਰੀਤ ਕੌਰ ਨੇ ਦੱਸਿਆ ਕਿ ਕੈਂਪ ਦੌਰਾਨ ਕੁੱਲ 14 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ, ਜੋ ਬਲੱਡ ਬੈਂਕ ਵਿੱਚ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਸੰਭਾਲ ਕੇ ਰੱਖਿਆ ਜਾਵੇਗਾ। ਇਸ ਮੌਕੇ ਬਲੱਡ ਬੈਂਕ ਦੇ ਡਾ. ਅੰਮ੍ਰਿਤਪਾਲ ਕੌਰ, ਨਾਮਦੀਪ ਕੌਰ, ਰਵੀਸ਼ ਮਾਨ, ਅਮਨਪ੍ਰੀਤ ਸਿੰਘ ਅਤੇ ਬਲੱਡ ਬੈਂਕ ਦਾ ਸਮੂਹ ਸਟਾਫ ਹਾਜ਼ਰ ਰਿਹਾ। ਐਸੋਸੀਏਸ਼ਨ ਦੇ ਮੈਂਬਰਾਂ ਨੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਜ ਭਲਾਈ ਦੇ ਕਾਰਜ ਲਗਾਤਾਰ ਜਾਰੀ ਰੱਖਣ ਦਾ ਸੰਕਲਪ ਲਿਆ।

# ਪਿੰਡ ਸਿਰਥਲਾ ਵਿੱਚ ਆਮ ਆਦਮੀ ਪਾਰਟੀ ਨੂੰ ਮਿਲਿਆ ਵੱਡਾ ਹੁੰਗਾਰਾ, ਕਈ ਪਰਿਵਾਰਾਂ ਨੇ ਫੜਿਆ ਝਾੜੂ ਦਾ ਪੱਲਾ



**ਖੰਨਾ/ਮਨਜੀਤ ਸਿੰਘ ਧੀਮਾਨ**

ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ, ਇਮਾਨਦਾਰ ਸ਼ਾਸਨ ਅਤੇ ਵਿਕਾਸਮੁੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਹਲਕਾ ਪਾਇਲ ਦੇ ਪਿੰਡ ਸਿਰਥਲਾ ਦੇ ਅਨੇਕਾਂ ਪਰਿਵਾਰਾਂ ਨੇ ਰਵਾਇਤੀ ਸਿਆਸੀ ਪਾਰਟੀਆਂ ਨੂੰ ਅਲਵਿਦਾ ਆਖਦਿਆਂ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਇਸ ਮੌਕੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਵਿਧਾਇਕ ਇੰਜੀ. ਮਨਵਿੰਦਰ ਸਿੰਘ ਗਿਆਸਪੁਰਾ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਪਰਿਵਾਰਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਅੱਜ ਆਮ ਲੋਕਾਂ ਦੀਆਂ ਉਮੀਦਾਂ ਦੀ ਪਾਰਟੀ ਬਣ ਚੁੱਕੀ ਹੈ। ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਅਤੇ ਭ੍ਰਿਸ਼ਟਾਚਾਰ ਖ਼?ਲਾਫ਼ ਚੁੱਕੇ ਗਏ ਠੋਸ ਕਦਮਾਂ ਕਾਰਨ ਲੋਕਾਂ ਦਾ ਭਰੋਸਾ ਲਗਾਤਾਰ ਵਧ ਰਿਹਾ ਹੈ। ਇਸੇ ਭਰੋਸੇ ਦੇ ਸਦਕਾ ਵੱਡੀ ਗਿਣਤੀ ਵਿੱਚ ਲੋਕ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਨੂੰ ਸੰਗਠਨ ਵਿੱਚ ਬਣਦਾ ਸਥਾਨ ਵੀ ਮਿਲੇਗਾ। ਉਨ੍ਹਾਂ ਨੇ ਕਿਹਾ ਕਿ ਪਾਰਟੀ ਦੀ ਤਾਕਤ ਉਸ ਦੇ ਸਮਰਪਿਤ ਵਰਕਰ ਹਨ ਅਤੇ ਹਰ ਨਵੇਂ ਸਾਥੀ ਦੇ ਸ਼ਾਮਲ ਹੋਣ ਨਾਲ ਪਾਰਟੀ ਹੋਰ ਮਜ਼ਬੂਤ ਹੁੰਦੀ ਹੈ। ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਜੋ ਹਰ ਪਿੰਡ ਤਰੱਕੀ ਦੀ ਰਾਹ 'ਤੇ ਅੱਗੇ ਵਧ ਸਕੇ।ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਮਿਲ ਕੇ ਹਲਕਾ ਪਾਇਲ ਅਤੇ ਪਿੰਡ ਸਿਰਥਲਾ ਸਮੇਤ ਸਮੂਹ ਇਲਾਕੇ ਦੇ ਸਰਬਪੱਖੀ ਵਿਕਾਸ ਲਈ ਕੰਮ ਕੀਤਾ ਜਾਵੇਗਾ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਿਆ ਜਾਵੇਗਾ।

## ਖੰਨਾ ਦੇ ਪਿੰਡ ਇਕੋਲਾਹੀ ਵਿਖੇ 'ਆਪ' ਨੂੰ ਵੱਡਾ ਝਟਕਾ

# ਗੁਰਜੰਟ ਸਿੰਘ ਜੰਟੀ ਅਤੇ ਸੁਨੀਤਾ ਰਾਣੀ ਕਾਂਗਰਸ 'ਚ ਸ਼ਾਮਲ

ਜ਼ਿਕਰ ਪੰਜਾਬ

**ਖੰਨਾ/ਮਨਜੀਤ ਸਿੰਘ ਧੀਮਾਨ**

ਹਲਕਾ ਖੰਨਾ ਦੇ ਪਿੰਡ ਇਕੋਲਾਹੀ ਵਿਖੇ ਆਮ ਆਦਮੀ ਪਾਰਟੀ (ਆਪ) ਨੂੰ ਉਸ ਵੇਲੇ ਬਹੁਤ ਵੱਡਾ ਝਟਕਾ ਲੱਗਾ, ਜਦੋਂ ਪਾਰਟੀ ਦੀਆਂ ਨੀਤੀਆਂ ਤੋਂ ਤੰਗ ਆ ਕੇ ਅਤੇ ਕਾਂਗਰਸ ਪਾਰਟੀ ਦੀ ਲੋਕ-ਪੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਪ੍ਰਮੁੱਖ ਆਗੂ ਗੁਰਜੰਟ ਸਿੰਘ ਜੰਟੀ ਅਤੇ ਸੁਨੀਤਾ ਰਾਣੀ ਆਪਣੇ ਦਰਜਨਾਂ ਸਾਥੀ 'ਆਪ' ਨੂੰ ਅਲਵਿਦਾ ਕਹਿ ਕੇ ਕਾਂਗਰਸ ਵਿੱਚ ਸ਼ਾਮਿਲ ਹੋ ਗਏ। ਇਹ ਸਾਰੇ ਪਰਿਵਾਰ ਸਾਬਕਾ ਕੈਬਨਿਟ ਮੰਤਰੀ ਗੁਰਕੀਰਤ ਸਿੰਘ ਦੀ ਰਹਿਨੁਮਾਈ ਹੇਠ ਰਸਮੀ ਤੌਰ 'ਤੇ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ। ਸਾਬਕਾ ਮੰਤਰੀ ਗੁਰਕੀਰਤ ਸਿੰਘ ਨੇ ਗੁਰਜੰਟ ਸਿੰਘ ਜੰਟੀ, ਸੁਨੀਤਾ ਰਾਣੀ ਅਤੇ ਉਹਨਾਂ ਨਾਲ ਆਏ ਸਾਰੇ ਆਗੂਆਂ ਤੇ ਵਰਕਰਾਂ ਨੂੰ ਸਿਰੋਪਾਓ ਪਾ ਕੇ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਕਾਂਗਰਸ ਪਾਰਟੀ ਵਿੱਚ ਪੂਰਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿਵਾਇਆ।ਕਾਂਗਰਸ ਵਿੱਚ ਸ਼ਾਮਿਲ ਹੋਣ ਤੋਂ ਬਾਅਦ ਗੁਰਜੰਟ ਸਿੰਘ ਜੰਟੀ ਅਤੇ ਸੁਨੀਤਾ ਰਾਣੀ ਨੇ ਸਾਂਝੇ ਤੌਰ 'ਤੇ ਆਖਿਆ ਕਿ ਮੌਜੂਦਾ ਸਰਕਾਰ ਦੀਆਂ ਨਾਕਾਮੀਆਂ, ਲਾਰੇ-ਲੱਪਿਆਂ ਅਤੇ ਝੂਠੇ ਵਾਅਦਿਆਂ ਤੋਂ ਲੋਕ ਬੁਰੀ ਤਰ੍ਹਾਂ ਅੱਕ ਚੁੱਕੇ ਹਨ। ਉਨ੍ਹਾਂ ਕਿਹਾ, ÷ਅਸੀਂ ਕਾਂਗਰਸ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਸਾਬਕਾ ਮੰਤਰੀ ਗੁਰਕੀਰਤ ਸਿੰਘ ਜੀ ਦੀ ਇਲਾਕੇ ਪ੍ਰਤੀ ਹਮੇਸ਼ਾ ਰਹੀ ਸਕਾਰਾਤਮਕ ਸੋਚ ਅਤੇ ਵਿਕਾਸਵਾਦੀ ਨੀਤੀਆਂ ਤੋਂ ਖੁਸ਼ ਹੋ ਕੇ ਇਹ ਫੈਸਲਾ ਲਿਆ ਹੈ। ਕਾਂਗਰਸ ਹੀ ਪੰਜਾਬ ਨੂੰ ਮੁੜ ਖੁਸ਼ਹਾਲੀ ਅਤੇ ਤਰੱਕੀ ਦੀ ਲੀਹ 'ਤੇ ਲਿਆ ਸਕਦੀ ਹੈ।÷ਇਕੱਠ ਨੂੰ ਸੰਬੋਧਨ ਕਰਦਿਆਂ ਸਾਬਕਾ ਮੰਤਰੀ



ਗੁਰਕੀਰਤ ਸਿੰਘ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਨੂੰ ਦੇਖ ਕੇ ਪਛਤਾ ਰਹੇ ਹਨ ਅਤੇ ਪਿੰਡਾਂ ਵਿੱਚ ਕਾਂਗਰਸ ਪਾਰਟੀ ਦਾ ਗ੍ਰਾਫ਼ ਲਗਾਤਾਰ ਉੱਚਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰਜੰਟ ਸਿੰਘ ਜੰਟੀ, ਸੁਨੀਤਾ ਰਾਣੀ ਅਤੇ ਇਨ੍ਹਾਂ ਦੇ ਸਾਰੇ ਸਾਥੀਆਂ ਦੇ ਆਉਣ ਨਾਲ ਪਿੰਡ ਇਕੋਲਾਹੀ ਅਤੇ ਹਲਕੇ ਅੰਦਰ ਕਾਂਗਰਸ ਪਾਰਟੀ ਬਹੁਤ ਜ਼ਿਆਦਾ ਮਜ਼ਬੂਤ ਹੋਈ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਹਲਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਦਿਨ-ਰਾਤ ਇੱਕ ਕਰੇਗੀ। ਇਸ ਮੌਕੇ ਐਸ਼ਵੀਰ ਸਿੰਘ, ਅਰਮਾਨ ਸਿੰਘ, ਸਰਦਾਰ ਯੁਵਰਾਜ ਸਿੰਘ , ਰਣਜੀਤ ਸਿੰਘ ਜੀਤੀ, ਗੌਰਵਪ੍ਰੀਤ ਸਿੰਘ, ਸਰਦਾਰ ਅਜੈਪ੍ਰੀਤ ਸਿੰਘ, ਰਣਜੀਤ ਸਿੰ, ਕੈਸਦੀਨ, ਕਸ਼ਮੀਰ ਸਿੰਘ, ਸਰਦਾਰ ਹੈਪੀ ਮੈਸੋਂ, ਮਿਸ ਸਲਾਮਤਾ, ਅੰਸ਼ਦੀਪ ਸਿੰਘ, ਕਰਮਜੀਤ ਕੌਰ, ਮਿਸ ਮਲਕੀਤ ਕੌਰ ਅਤੇ ਹੋਰ ਕਈ ਪਰਿਵਾਰ ਸ਼ਾਮਿਲ ਹਨ।ਇਸ ਮੌਕੇ ਸਾਬਕਾ ਪ੍ਰਧਾਨ ਕਮਲਜੀਤ ਸਿੰਘ ਲੱਧੜ, ਸ ਲਛਮਣ ਸਿੰਘ ਗਰੇਵਾਲ,ਹਰਜਿੰਦਰ ਸਿੰਘ ਇਕੋਲਾਹਾ ਬਲਾਕ ਪ੍ਰਧਾਨ, ਹਰਜੀਤ ਕੌਰ ਰਾਣੋ ਹਲਕਾ ਖੰਨਾ ਕੋਆਰਡੀਨੇਟਰ, ਕੈਪਟਨ ਮੇਹਰ ਸਿੰਘ ਇਕੋਲਾਹੀ, ਬੀਰ ਸਿੰਘ ਸਾਬਕਾ ਸਰਪੰਚ ਗੁਰਦੀਪ ਸਿੰਘ ਸਾਬਕਾ ਸਰਪੰਚ ਗੰਡਾ ਸਿੰਘ ਸਾਬਕਾ ਸਰਪੰਚ, ਹਰਦੀਪ ਸਿੰਘ, ਸੇਵਾ ਸਿੰਘ ਆਦਿ ਹਾਜ਼ਰ ਸਨ।

# ਖੱਡ 'ਚ ਹੜ੍ਹ ਆਉਣ ਕਾਰਨ ਫਸੇ ਸੈਲਾਨੀਆਂ ਨੂੰ ਬਚਾਇਆ

**ਪਾਲਮਪੁਰ** : ਹਿਮਾਚਲ ਪ੍ਰਦੇਸ਼ ਦੇ ਪ੍ਰਸਿੱਧ ਸੈਲਾਨੀ ਸਥਾਨ ਪਾਲਮਪੁਰ ਦੇ ਨਿਊਗਲ ਖੱਡ ਵਿੱਚ ਪਾਣੀ ਦਾ ਪੱਧਰ ਅਚਾਨਕ ਵਧਣ ਕਾਰਨ ਇੱਕ ਬਹੁਤ ਹੀ ਭਿਆਨਕ ਹਾਦਸਾ ਹੋਣੋਂ ਟਲ ਗਿਆ। ਪੰਜਾਬ ਦੇ ਜਲੰਧਰ ਸ਼ਹਿਰ ਤੋਂ ਘੁੰਮਣ ਆਏ ਇੱਕੋ ਪਰਿਵਾਰ ਦੇ 7 ਸੈਲਾਨੀ, ਜਿਨ੍ਹਾਂ ਵਿੱਚ ਦੋ ਮਰਦ, ਤਿੰਨ ਔਰਤਾਂ ਅਤੇ ਦੋ ਮਾਸੂਮ ਬੱਚੇ ਸ਼ਾਮਲ ਸਨ, ਖੱਡ ਦੇ ਤੇਜ਼ ਬਹਾਅ ਦੇ ਵਿਚਕਾਰ ਫਸ ਗਏ। ਪਾਲਮਪੁਰ ਫਾਇਰ ਬ੍ਰਿਗੇਡ ਦੀ ਟੀਮ ਨੇ ਮੁਸਤੈਦੀ ਦਿਖਾਉਂਦਿਆਂ ਇੱਕ ਘੰਟੇ ਤੱਕ ਚੱਲੇ ਮੁਸ਼ਕਲ ਬਚਾਅ ਕਾਰਜ ਤੋਂ ਬਾਅਦ ਸਾਰਿਆਂ ਨੂੰ ਮੌਤ ਦੇ ਮੂੰਹ ਵਿੱਚੋਂ ਸੁਰੱਖਿਅਤ ਬਾਹਰ ਕੱਢ ਲਿਆ। ਮਿਲੀ ਜਾਣਕਾਰੀ ਮੁਤਾਬਕ ਇਹ ਸੈਲਾਨੀ ਪਿਛਲੇ ਦੋ ਦਿਨਾਂ ਤੋਂ ਖੱਡ ਦੇ ਨੇੜੇ ਸਥਿਤ 'ਨਿਤਿਆ ਕੈਫੇ' ਵਿੱਚ ਰੁਕੇ ਹੋਏ ਸਨ। ਸ਼ਨੀਵਾਰ ਦੁਪਹਿਰ ਨੂੰ ਜਦੋਂ ਇਹ ਸਾਰੇ ਖੱਡ ਦੇ ਕੋਲ ਮੌਜ-ਮਸਤੀ ਕਰ ਰਹੇ ਸਨ, ਤਾਂ ਨੇੜਲੇ ਹਾਈਡਲ ਪ੍ਰੋਜੈਕਟ ਵੱਲੋਂ ਪਾਣੀ ਛੱਡੇ ਜਾਣ ਕਾਰਨ ਨਿਊਗਲ ਖੱਡ ਦਾ ਪਾਣੀ ਅਚਾਨਕ ਖ਼ਤਰਨਾਕ ਪੱਧਰ ਤੱਕ ਵੱਧ ਗਿਆ। ਪਾਣੀ ਦਾ ਬਹਾਅ ਇੰਨਾ ਤੇਜ਼ ਸੀ ਕਿ ਉੱਥੇ ਬਣਿਆ ਇੱਕ ਅਸਥਾਈ ਪੁਲ ਪਲਾਂ ਵਿੱਚ ਹੀ ਵਹਿ ਗਿਆ ਅਤੇ ਇਹ ਸਾਰੇ ਪਰਿਵਾਰਕ ਮੈਂਬਰ ਦੂਜੇ ਪਾਸੇ ਫਸ ਗਏ। ਦੱਸਿਆ ਜਾ ਰਿਹਾ ਹੈ ਕਿ ਪ੍ਰੋਜੈਕਟ ਵੱਲੋਂ ਪਾਣੀ ਛੱਡਣ ਸਮੇਂ ਸਾਇਰਨ ਵੀ ਵਜਾਇਆ ਗਿਆ ਸੀ, ਪਰ ਬਾਹਰੋਂ ਆਏ ਸੈਲਾਨੀ ਇਸ ਚੇਤਾਵਨੀ ਨੂੰ ਸਮਝ ਨਹੀਂ ਸਕੇ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪਾਲਮਪੁਰ ਦੇ ਐਸ.ਡੀ.ਐਮ. ਡਾ. ਓ.ਪੀ. ਯਾਦਵ ਨੇ ਬਿਨਾਂ ਸਮਾਂ ਗਵਾਏ ਖ਼ੁਦ ਫਾਇਰ ਬ੍ਰਿਗੇਡ ਦਫ਼ਤਰ ਪਹੁੰਚ ਕੇ ਟੀਮ ਨੂੰ ਨਾਲ ਲਿਆ ਅਤੇ ਮੌਕੇ 'ਤੇ ਪਹੁੰਚੇ। ਫਾਇਰ ਬ੍ਰਿਗੇਡ ਅਫ਼ਸਰ ਸੁਰਿੰਦਰ ਕੁਮਾਰ ਦੀ ਅਗਵਾਈ ਹੇਠ ਜਵਾਨਾਂ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ ਉੱਛਲ ਰਹੀ ਖੱਡ ਦੇ ਉੱਪਰ ਮੁੜ ਇੱਕ ਅਸਥਾਈ ਪੁਲ ਤਿਆਰ ਕੀਤਾ। ਇਸ ਖ਼ਤਰਨਾਕ ਰਸਤੇ ਰਾਹੀਂ ਟੀਮ ਨੇ ਇੱਕ-ਇੱਕ ਕਰਕੇ ਦੋਵਾਂ ਬੱਚਿਆਂ ਅਤੇ ਮਹਿਲਾਵਾਂ ਸਮੇਤ ਸਾਰੇ ਸੱਤਾਂ ਜਣਿਆਂ ਨੂੰ ਸੁਰੱਖਿਅਤ ਕਿਨਾਰੇ 'ਤੇ ਪਹੁੰਚਾਇਆ। ਸਥਾਨਕ ਲੋਕਾਂ ਅਤੇ ਚਸ਼ਮਦੀਦਾਂ ਵੱਲੋਂ ਪ੍ਰਸ਼ਾਸਨ ਦੀ ਤੇਜ਼ ਕਾਰਵਾਈ ਅਤੇ ਫਾਇਰ ਬ੍ਰਿਗੇਡ ਦੇ ਜਵਾਨਾਂ ਦੀ ਇਸ ਬਹਾਦਰੀ ਦੀ ਚੌਤਰਫ਼ਾ ਸ਼ਲਾਘਾ ਕੀਤੀ ਜਾ ਰਹੀ ਹੈ।



# ਡਿਪਟੀ ਜੇਲ੍ਹ ਸੁਪਰਡੈਂਟ ਹਰਭਜਨ ਸਿੰਘ ਤੇ ਵਾਰਡਨ ਗ੍ਰਿਫ਼ਤਾਰ

**ਹੁਸ਼ਿਆਰਪੁਰ** : ਹੁਸ਼ਿਆਰਪੁਰ ਜ਼ਿਲ੍ਹਾ ਜੇਲ੍ਹ ਵਿੱਚੋਂ ਗੈਂਗਸਟਰ ਮਨਪ੍ਰੀਤ ਸਿੰਘ ਮੰਨਾ ਦੀ ਵਾਇਰਲ ਹੋਈ ਵੀਡੀਓ ਤੋਂ ਬਾਅਦ ਪੁਲਿਸ ਨੇ ਵੱਡੀ ਕਾਰਵਾਈ ਕਰਦਿਆਂ ਡਿਪਟੀ ਜੇਲ੍ਹ ਸੁਪਰਡੈਂਟ ਹਰਭਜਨ ਸਿੰਘ ਅਤੇ ਇੱਕ ਵਾਰਡਨ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਵੀਡੀਓ ਵਿੱਚ ਮਨਪ੍ਰੀਤ ਮੰਨਾ ਨੇ ਜੇਲ੍ਹ ਅੰਦਰ ਨਸ਼ੇ ਦੀ ਸਪਲਾਈ ਅਤੇ ਮੋਬਾਈਲ ਫੋਨ ਮੁਹੱਈਆ ਕਰਵਾਏ ਜਾਣ ਦੇ ਗੰਭੀਰ ਦੋਸ਼ ਲਗਾਏ ਸਨ, ਜਿਸ ਤੋਂ ਬਾਅਦ ਮਾਮਲੇ ਦੀ ਗਹਿਰਾਈ ਨਾਲ ਜਾਂਚ ਸ਼ੁਰੂ ਕੀਤੀ ਗਈ। ਹੁਸ਼ਿਆਰਪੁਰ ਦੇ ਐਸਐਸਪੀ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਜਾਂਚ ਦੌਰਾਨ ਸਾਹਮਣੇ ਆਇਆ ਕਿ ਜੇਲ੍ਹ ਦੇ ਕੁਝ ਕਰਮਚਾਰੀ ਗੈਂਗਸਟਰਾਂ ਅਤੇ ਹੋਰ ਕੈਦੀਆਂ ਤੱਕ ਗੈਰ-ਕਾਨੂੰਨੀ ਤਰੀਕੇ ਨਾਲ ਮੋਬਾਈਲ ਫੋਨ ਅਤੇ ਨਸ਼ਾ ਪਹੁੰਚਾਉਣ ਵਿੱਚ ਸ਼ਾਮਲ ਸਨ। ਇਸ ਸਬੰਧੀ 12 ਵਿਅਕਤੀਆਂ ਖ਼?ਲਾਫ਼ ਕੇਸ ਦਰਜ ਕੀਤਾ ਗਿਆ ਹੈ ਅਤੇ ਕਈ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਵੀ ਕੀਤਾ ਜਾ ਚੁੱਕਾ ਹੈ। ਐਸਐਸਪੀ ਨੇ ਕਿਹਾ ਕਿ ਗ੍ਰਿਫ਼ਤਾਰ ਮੁਲਜ਼ਮਾਂ ਦਾ ਪੁਲਿਸ ਰਿਮਾਂਡ ਹਾਸਲ ਕਰਕੇ ਪੁੱਛਗਿੱਛ ਕੀਤੀ ਜਾਵੇਗੀ, ਤਾਂ ਜੋ ਇਸ ਰੈਕੇਟ ਨਾਲ ਜੁੜੇ ਹੋਰ ਵਿਅਕਤੀਆਂ ਅਤੇ ਸੰਭਾਵਿਤ ਨੈੱਟਵਰਕ ਦਾ ਵੀ ਪਰਦਾਫ਼ਾਸ਼ ਕੀਤਾ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜਾਂਚ ਜਾਰੀ ਹੈ ਅਤੇ ਜਿਸ ਕਿਸੇ ਦੀ ਵੀ ਭੂਮਿਕਾ ਸਾਹਮਣੇ ਆਇਗੀ, ਉਸ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਵੇਦ ਪ੍ਰਚਾਰ ਮੰਡਲ ਦਾ ਟੀਚਾ ਅਗਲੇ ਸਾਲ 500 ਵਿਦਿਅਕ ਸੰਸਥਾਵਾਂ ਤਕ ਪਹੁੰਚਣਾ : ਰੋਸ਼ਨ ਲਾਲ ਆਰੀਆ



**ਲੁਧਿਆਣਾ/ਗੀਤਾ ਸਕਸੈਨਾ**

ਵੇਦ ਪ੍ਰਚਾਰ ਮੰਡਲ ਨੌਜਵਾਨਾਂ ਵਿੱਚ ਮਨੁੱਖੀ ਕਦਰਾਂ-ਕੀਮਤਾਂ ਨੂੰ ਜਗਾਉਣ ਅਤੇ ਭਾਰਤੀ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਲਗਭਗ 35 ਸਾਲਾਂ ਤੋਂ ਕੰਮ ਕਰ ਰਿਹਾ ਹੈ। ਇੱਕ ਪ੍ਰੈਸ ਰਿਲੀਜ਼ ਵਿੱਚ, ਮੰਡਲ ਦੇ ਸੂਬਾਈ ਜਨਰਲ ਸਕੱਤਰ, ਰੋਸ਼ਨ ਲਾਲ ਆਰੀਆ ਨੇ ਕਿਹਾ ਕਿ ਇਸ ਸਾਲ ਮੰਡਲ ਦੁਆਰਾ ਆਯੋਜਿਤ ਵੱਖ-ਵੱਖ ਮੁਕਾਬਲਿਆਂ ਵਿੱਚ ਲਗਭਗ 350 ਵਿਦਿਅਕ ਸੰਸਥਾਵਾਂ ਦੇ ਭਾਗੀਦਾਰਾਂ ਨੇ ਹਿੱਸਾ ਲਿਆ। ਅਗਲੇ ਸਾਲ, 2026-27 ਲਈ ਟੀਚਾ 500 ਵਿਦਿਅਕ ਸੰਸਥਾਵਾਂ ਤੱਕ ਪਹੁੰਚਣਾ ਹੈ। ਇਸ ਸਾਲ ਮੰਤਰ ਪਾਠ ਅਤੇ ਲੇਖ ਮੁਕਾਬਲੇ ਕਰਵਾਉਣ ਦਾ ਵੀ ਫੈਸਲਾ ਕੀਤਾ ਗਿਆ ਹੈ। ਇਨ੍ਹਾਂ ਪ੍ਰੋਗਰਾਮਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਨਿਰਧਾਰਤ ਟੀਚੇ ਨੂੰ ਪ੍ਰਾਪਤ ਕਰਨ ਲਈ, ਮੰਡਲ ਨੇ ਆਪਣੀ ਲੁਧਿਆਣਾ ਪੱਛਮੀ ਸ਼ਾਖਾ ਬਣਾਈ ਹੈ, ਜਿਸ ਵਿੱਚ ਪ੍ਰਧਾਨ ਜੇ.ਕੇ. ਸਿੱਧੂ, ਪ੍ਰਿੰਸੀਪਲ, ਡੀਏਵੀ ਪਬਲਿਕ ਸਕੂਲ, ਬੀਆਰਐਸ ਨਗਰ; ਉਪ ਪ੍ਰਧਾਨ ਅਰੁਣ ਭਾਰਦਵਾਜ, ਸੇਵਾਮੁਕਤ ਮੁੱਖ ਪ੍ਰਬੰਧਕ, ਯੂਕੋ ਬੈਂਕ; ਨਿਧੀ ਜੈਨ, ਪ੍ਰਿੰਸੀਪਲ, ਬੀਸੀਐਮ ਸਕੂਲ, ਬਸੰਤ ਸਿਟੀ; ਕਮਲਵੀਰ ਕੌਰ, ਪ੍ਰਿੰਸੀਪਲ, ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ, ਬੀਆਰਐਸ ਨਗਰ; ਸਕੱਤਰ ਨਮਿਤਾਰਾਜ ਸਿੰਘ; ਪ੍ਰਿੰਸੀਪਲ ਸੀਲ, ਭਾਈ ਰਣਧੀਰ ਸਿੰਘ ਨਗਰ; ਸੰਯੁਕਤ ਸਕੱਤਰ ਦਿਨੇਸ਼ ਮਹਤਾਨੀ, ਸੀਏ; ਅਤੇ ਪ੍ਰੋ. ਅਲਕਾ ਛਾਬੜਾ, ਆਭਾ ਸੀਕਰੀ, ਪ੍ਰੇਰਕ ਸਪੀਕਰ, ਕਾਰਜਕਾਰੀ ਮੈਂਬਰ ਰਜਨੀਸ਼ ਆਹੂਜਾ, ਉਦਯੋਗਪਤੀ, ਕੁਸੁਮ ਆਹੂਜਾ, ਸੇਵਾਮੁਕਤ ਪ੍ਰਿੰਸੀਪਲ, ਅਮਰਜੀਤ ਕੰਬੋਜ, ਸੀਏ, ਪ੍ਰੋ. (ਡਾ.) ਸੰਜੀਵ ਡਾਵਰ, ਨਿਪੁਣ ਗੁਪਤਾ, ਐਡਵੋਕੇਟ ਵਿਪਿਨ ਕੁਮਾਰ ਜੈਨ, ਡਾ. ਸਰੋਜ ਅਗਰਵਾਲ, ਯੋਗੇਸ਼ ਦੱਤਾ, ਡਾ. ਸਵਿਤਾ ਉੱਪਲ, ਸੇਵਾਮੁਕਤ ਪ੍ਰਿੰਸੀਪਲ, ਜੋਤੀ ਸਵਰੂਪ ਕੰਬੋਜ, ਬੌਬੀ ਮਲਹੋਤਰਾ, ਵਿਪਿਨ ਸ਼ਰਮਾ, ਗੁਰਸ਼ਰਨ ਸਿੰਘ, ਨੀਲਮ ਮਲਹੋਤਰਾ, ਪ੍ਰੋਮਿਲਾ ਪੁਰੀ, ਸੁਨੀਤਾ ਮੰਡਲ, ਡਾ. ਸ਼ਵੇਤਾ ਜਿੰਦਲ, ਊਸ਼ਾ ਗੰਭੀਰ, ਨੀਰਜ ਆਨੰਦ ਨੂੰ ਨਿਯੁਕਤ ਕੀਤਾ ਗਿਆ ਹੈ। ਇਸ ਸਾਲ ਹੋਣ ਵਾਲੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੰਦੇ ਹੋਏ, ਰੋਸ਼ਨ ਲਾਲ ਆਰੀਆ ਨੇ ਕਿਹਾ ਕਿ ਵੱਖ-ਵੱਖ ਵਿਦਿਅਕ ਸੰਸਥਾਵਾਂ ਵਿੱਚ ਲੇਖ ਮੁਕਾਬਲੇ ਕਰਵਾਏ ਜਾਣਗੇ ਜੋ ਜੂਨੀਅਰ ਅਤੇ ਸੀਨੀਅਰ ਸ਼੍ਰੇਣੀਆਂ ਵਿੱਚ ਕਰਵਾਏ ਜਾਣਗੇ। ਭਾਗੀਦਾਰ ਕੁਆਂਟਮ ਸਾਇੰਸ ਅਤੇ ਵੇਦ ਵਰਗੇ ਵਿਸ਼ਿਆਂ 'ਤੇ ਲੇਖ ਲਿਖਣਗੇ, ਵੇਦ ਆਧੁਨਿਕ ਜੀਵਨ ਦਾ ਆਧਾਰ ਹਨ, ਗੀਤਾ ਮਨੁੱਖ ਦੀ ਵਿਆਖਿਆਕਾਰ ਹੈ, ਕੁਰਬਾਨੀ ਅਤੇ ਮਾਣ ਰਾਮ ਰਾਜ ਦਾ ਆਧਾਰ ਹੈ, ਗੁਰੂ ਤੇਗ ਬਹਾਦਰ ਅਧਿਆਤਮਿਕਤਾ ਦੇ ਰਖਵਾਲੇ ਹਨ, ਮਨੁੱਖੀ ਅਧਿਕਾਰਾਂ ਅਤੇ ਅਹਿੰਸਾ, ਯੱਗ ਦਾ ਵਿਗਿਆਨਕ ਮਹੱਤਵ, ਭਗਤ ਸਿੰਘ ਦੇ ਸੁਪਨਿਆਂ ਦਾ ਭਾਰਤ, ਆਰਟੀਫੀਸ਼ੀਅਲ ਇੰਟੈਲੀਜੈਂਸ ਆਧੁਨਿਕ ਯੁੱਗ ਦੀ ਮੰਗ ਹੈ, ਸਾਡਾ ਸਾਰਿਆਂ ਦਾ ਇੱਕ ਸੁਪਨਾ ਹੋਣਾ ਚਾਹੀਦਾ ਹੈ - ਸਾਡਾ ਸਮਾਜ ਨਸ਼ਾ ਮੁਕਤ ਹੋਣਾ ਚਾਹੀਦਾ ਹੈ, ਜਿਵੇਂ ਤੁਸੀਂ ਬੀਜੋਗੇ, ਉਸੇ ਤਰ੍ਹਾਂ ਵੱਢੋਗੇ, ਆਦਿ। ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਭਾਗੀਦਾਰਾਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਜਾਵੇਗਾ।

# ਸ਼ਹੀਦ ਭਗਤ ਸਿੰਘ ਨਗਰ 'ਚ ਗੰਦਗੀ, ਬੰਦ ਸਟ੍ਰੀਟ ਲਾਈਟਾਂ ਅਤੇ ਬਦਬੂ ਤੋਂ ਲੋਕ ਪ੍ਰੇਸ਼ਾਨ

**ਲੁਧਿਆਣਾ** : ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ 'ਮਿਸ਼ਨ ਕਲੀਨ ਪੰਜਾਬ' ਦੇ ਦਾਅਵਿਆਂ ਨੂੰ ਲੁਧਿਆਣਾ ਦਾ ਪੌਸ਼ ਇਲਾਕਾ ਸ਼ਹੀਦ ਭਗਤ ਸਿੰਘ ਨਗਰ ਸਖ਼ਤ ਚੁਣੌਤੀ ਦੇ ਰਿਹਾ ਹੈ। ਇਲਾਕੇ ਵਿੱਚ ਗੰਦਗੀ ਦੇ ਢੇਰ, ਬੰਦ ਪਈਆਂ ਸਟ੍ਰੀਟ ਲਾਈਟਾਂ ਅਤੇ ਬਾਰਿਸ਼ ਤੋਂ ਬਾਅਦ ਫੈਲਣ ਵਾਲੀ ਬਦਬੂ ਕਾਰਨ ਲੋਕਾਂ ਦਾ ਜੀਵਨ ਪ੍ਰਭਾਵਿਤ ਹੋ ਰਿਹਾ ਹੈ। ਇਨ੍ਹਾਂ ਗੰਭੀਰ ਸਮੱਸਿਆਵਾਂ ਨੂੰ ਲੈ ਕੇ ਸਮਾਜ ਸੇਵੀ ਅਰਵਿੰਦ ਸ਼ਰਮਾ ਨੇ ਨਗਰ ਨਿਗਮ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ। ਅਰਵਿੰਦ ਸ਼ਰਮਾ ਨੇ ਦੱਸਿਆ ਕਿ ਸ਼ਹੀਦ ਭਗਤ ਸਿੰਘ ਨਗਰ ਦੇ ਡੀ ਬਲਾਕ, ਈ ਬਲਾਕ, ਜੀ ਬਲਾਕ, ਐਚ ਬਲਾਕ ਅਤੇ ਸਿਟੀ ਸੈਂਟਰ ਦੇ ਆਲੇ-ਦੁਆਲੇ ਕੂੜੇ ਦੇ ਢੇਰ ਆਮ ਨਜ਼ਰ ਆਉਂਦੇ ਹਨ। ਨਿਯਮਿਤ ਸਫਾਈ ਨਾ ਹੋਣ ਕਾਰਨ ਇਲਾਕੇ ਵਿੱਚ ਹਰ ਸਮੇਂ ਗੰਦਗੀ ਅਤੇ ਬਦਬੂ ਦਾ ਮਾਹੌਲ ਬਣਿਆ ਰਹਿੰਦਾ ਹੈ। ਖ਼ਾਸ ਕਰਕੇ ਬਾਰਿਸ਼ ਤੋਂ ਬਾਅਦ ਸਿਟੀ ਸੈਂਟਰ ਵੱਲੋਂ ਆਉਣ ਵਾਲੀ ਬਦਬੂ ਕਾਰਨ ਲੋਕਾਂ ਦਾ ਘਰਾਂ ਵਿੱਚ ਰਹਿਣਾ ਵੀ ਔਖਾ ਹੋ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਕਰੀਬ ਇੱਕ ਮਹੀਨੇ ਤੋਂ ਈ ਬਲਾਕ ਦੀਆਂ ਸਟ੍ਰੀਟ ਲਾਈਟਾਂ ਬੰਦ ਪਈਆਂ ਹਨ। ਪਹਿਲੀ ਅਪ੍ਰੈਲ 2026 ਤੋਂ ਇਹ ਇਲਾਕਾ ਨਗਰ ਨਿਗਮ ਲੁਧਿਆਣਾ ਦੇ ਅਧੀਨ ਆ ਚੁੱਕਾ ਹੈ, ਪਰ ਸ਼ਿਕਾਇਤਾਂ ਦੇ ਬਾਵਜੂਦ ਅਜੇ ਤੱਕ ਸਮੱਸਿਆ ਦਾ ਹੱਲ ਨਹੀਂ ਹੋਇਆ। ਨਗਰ ਨਿਗਮ ਵੱਲੋਂ ਇਹ ਕਹਿ ਕੇ ਪੱਲਾ ਝਾੜਿਆ ਜਾ ਰਿਹਾ ਹੈ ਕਿ ਸਟ੍ਰੀਟ ਲਾਈਟਾਂ ਦੀ ਦੇਖਭਾਲ ਟਾਟਾ ਕੰਪਨੀ ਦੇ ਠੇਕੇ ਹੇਠ ਹੈ, ਪਰ ਲੋਕਾਂ ਨੂੰ ਰਾਹਤ ਨਹੀਂ ਮਿਲ ਰਹੀ। ਉਨ੍ਹਾਂ ਕਿਹਾ ਕਿ ਰਾਤ ਸਮੇਂ ਸਾਰਾ ਇਲਾਕਾ ਹਨੇਰੇ ਵਿੱਚ ਡੁੱਬ ਜਾਂਦਾ ਹੈ, ਜਿਸ ਕਾਰਨ ਚੋਰੀ, ਲੁੱਟ-ਖੋਹ ਅਤੇ ਹੋਰ ਅਪਰਾਧਿਕ ਵਾਰਦਾਤਾਂ ਦਾ ਖ਼ਤਰਾ ਵਧ ਗਿਆ ਹੈ। ਹਨੇਰੇ ਅਤੇ ਬਦਹਾਲ ਪ੍ਰਬੰਧਾਂ ਕਾਰਨ ਇਲਾਕਾ ਨਿਵਾਸੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਅਰਵਿੰਦ ਸ਼ਰਮਾ ਨੇ ਨਗਰ ਨਿਗਮ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਉਹ ਖ਼ੁਦ ਆਪਣੀ ਟੀਮ ਸਮੇਤ ਸ਼ਹੀਦ ਭਗਤ ਸਿੰਘ ਨਗਰ ਦਾ ਦੌਰਾ ਕਰਕੇ ਸਫਾਈ ਪ੍ਰਬੰਧਾਂ, ਕੂੜੇ ਦੇ ਢੇਰਾਂ ਅਤੇ ਬੰਦ ਪਈਆਂ ਸਟ੍ਰੀਟ ਲਾਈਟਾਂ ਦਾ ਮੌਕੇ 'ਤੇ ਜਾਇਜ਼ਾ ਲੈਣ। ਉਨ੍ਹਾਂ ਕਿਹਾ ਕਿ ਜੇਕਰ ਮਿਸ਼ਨ ਕਲੀਨ ਪੰਜਾਬ ਨੂੰ ਸਫਲ ਬਣਾਉਣਾ ਹੈ ਤਾਂ ਜ਼ਮੀਨੀ ਪੱਧਰ 'ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਅਤੇ ਸਥਾਈ ਹੱਲ ਕੀਤਾ ਜਾਣਾ ਲਾਜ਼ਮੀ ਹੈ, ਤਾਂ ਜੋ ਇਲਾਕਾ ਵਾਸੀਆਂ ਨੂੰ ਸਾਫ਼-ਸੁਥਰਾ, ਸੁਰੱਖਿਅਤ ਅਤੇ ਬਿਹਤਰ ਮਾਹੌਲ ਮਿਲ ਸਕੇ।



# ਸਿੱਖਿਆ ਅਤੇ ਹੁਨਰ ਵਿਕਾਸ ਨੌਜਵਾਨਾਂ ਦੇ ਉੱਜਵਲ ਭਵਿੱਖ ਦੀ ਨੀਂਹ ਹਨ : ਦੀਵਾਨ

## ਸ਼੍ਰੀ ਦੁਰਗਾ ਮਾਤਾ ਮੰਦਰ ਟਰੱਸਟ ਅਤੇ ਕੰਪਿਊਟਰ ਸੈਂਟਰ ਵੱਲੋਂ ਵਿਦਿਆਰਥੀਆਂ ਨੂੰ ਡਿਗਰੀਆਂ/ਸਰਟੀਫਿਕੇਟ ਵੰਡੇ

**ਲੁਧਿਆਣਾ/ਇੰਦਰਜੀਤ**

ਸ਼੍ਰੀ ਦੁਰਗਾ ਮਾਤਾ ਮੰਦਰ ਟਰੱਸਟ ਦੀ ਸਰਪ੍ਰਸਤੀ ਹੇਠ ਕੰਪਿਊਟਰ ਸੈਂਟਰ ਵਿੱਚ ਸਫਲਤਾਪੂਰਵਕ ਸਿਖਲਾਈ ਪੂਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਡਿਗਰੀਆਂ ਅਤੇ ਸਰਟੀਫਿਕੇਟ ਵੰਡੇ ਗਏ। ਇਸ ਸਮਾਗਮ ਵਿੱਚ ਟਰੱਸਟ ਦੇ ਅਹੁਦੇਦਾਰਾਂ, ਵਿਸ਼ੇਸ਼ ਮਹਿਮਾਨਾਂ, ਟ੍ਰੇਨਰਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ, ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਕਿਹਾ ਕਿ ਸਿੱਖਿਆ ਅਤੇ ਹੁਨਰ ਵਿਕਾਸ ਨੌਜਵਾਨਾਂ ਦੇ ਉੱਜਵਲ ਭਵਿੱਖ ਦੀ ਮਜ਼ਬੂਤ ਨੀਂਹ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਮਾਨਦਾਰੀ, ਸਖ਼ਤ ਮਿਹਨਤ ਅਤੇ ਸਮਰਪਣ ਦੀ ਭਾਵਨਾ ਨਾਲ ਆਪਣੇ ਟੀਚਿਆਂ ਨੂੰ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਉੱਥੇ ਹੀ, ਡਿਗਰੀਆਂ ਅਤੇ ਸਰਟੀਫਿਕੇਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਅਧਿਆਪਕਾਂ, ਮਾਪਿਆਂ ਅਤੇ ਸ਼੍ਰੀ ਦੁਰਗਾ ਮਾਤਾ ਮੰਦਰ ਟਰੱਸਟ ਅਤੇ ਕੰਪਿਊਟਰ ਸੈਂਟਰ ਨੂੰ ਦਿੱਤਾ। ਸਮਾਗਮ ਦੇ ਅੰਤ ਵਿੱਚ ਸਾਰੇ ਮਹਿਮਾਨਾਂ, ਟ੍ਰੇਨਰਾਂ ਅਤੇ ਹਾਜ਼ਰੀਨ ਦਾ ਦਿਲੋਂ ਧੰਨਵਾਦ ਕੀਤਾ ਗਿਆ। ਟਰੱਸਟ ਨੇ ਭਵਿੱਖ ਵਿੱਚ ਵੀ ਨੌਜਵਾਨਾਂ ਵਿੱਚ ਸਿੱਖਿਆ ਅਤੇ ਹੁਨਰ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਅਜਿਹੇ ਉਪਰਾਲੇ ਜਾਰੀ ਰੱਖਣ ਦਾ ਸੰਕਲਪ ਲਿਆ। ਜਿੱਥੇ ਹੋਰਨਾਂ ਤੋਂ ਇਲਾਵਾ ਸੁਭਾਸ਼ ਦੁੱਗਲ, ਅਸ਼ੋਕ ਥਾਪਰ, ਅਨਿਲ ਬੱਸੀ, ਮੁਨੀਸ਼ ਗੁਪਤਾ, ਕੇ.ਕੇ. ਸੇਠ, ਰਾਜੇਸ਼ ਸੋਨੀ, ਅਸ਼ਵਨੀ ਗਰਗ, ਇੰਦਰਜੀਤ ਕਪੂਰ, ਰੋਹਿਤ ਸ਼ਰਮਾ, ਸੰਦੀਪ ਬਹਿਲ, ਥਾਪਰ, ਮਦਨ ਲਾਲ ਬੱਸੀ ਅਤੇ ਰਾਕੇਸ਼ ਚੱਢਾ ਵੀ ਮੌਜੂਦ ਰਹੇ।




# ਸਮਾਜਿਕ ਵਿਗਿਆਨ ਦੀ ਨਵੀਆਂ ਪਾਠ ਪੁਸਤਕਾਂ ਵਿੱਚ ਮਨੂਸਮ੍ਰਿਤੀ ਦੇ ਸਲੋਕ ਸ਼ਾਮਿਲ ਕਰਨਾ ਭਾਜਪਾ ਸਰਕਾਰ ਦੀ ਗੈਰ ਵਿਗਿਆਨਕ ਸੋਚ ਦਾ ਨਤੀਜਾ ਹੈ : ਤਰਕਸੀਲ ਸੁਸਾਇਟੀ



**ਪਟਿਆਲਾ** : ਅੱਜ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਪਟਿਆਲਾ ਇਕਾਈ ਦੀ ਇੱਕ ਵਿਸ਼ੇਸ਼ ਮੀਟਿੰਗ ਬੰਗ ਮੀਡੀਆ ਕੰਪਲੈਕਸ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਸ੍ਰੀ ਸ਼ਤੀਸ਼ ਕੁਮਾਰ ਆਲੋਵਾਲ ਵਿੱਤ ਵਿਭਾਗ ਮੁੱਖੀ ਨੇ ਕੀਤੀ ਤੇ ਜਿਸ ਵਿਚ ਕੇਂਦਰ ਸਰਕਾਰ ਵੱਲੋਂ ਦੇਸ਼ ਵਿਚ ਭਗਵਾਂਕਰਨ ਲਾਗੂ ਕਰਨ ਦੀ ਨਿਖੇਧੀ ਕੀਤੀ ਗਈ। ਇਸ ਮੀਟਿੰਗ ਦੇ ਵੇਰਵੇ ਦਿੰਦਿਆਂ ਮੀਡੀਆ ਮੁਖੀ ਰਾਮ ਸਿੰਘ ਬੰਗ ਨੇ ਦੱਸਿਆ ਕਿ ਸਿਖਿਆ ਖੋਜ ਤੇ ਸਿਖਲਾਈ ਸਬੰਧੀ ਕੌਮੀਂ ਕੌਂਸਲ ਦੀ ਸਮਾਜਿਕ ਵਿਗਿਆਨ ਦੀ ਨਵੀਂਆਂ ਪਾਠ ਪੁਸਤਕਾਂ ਵਿੱਚ ਮਨੂਸਮ?ਤੀ ਦੇ ਸਲੋਕ ਸ਼ਾਮਿਲ ਕਰਨਾ ਭਾਜਪਾ ਸਰਕਾਰ ਦੀ ਗੈਰ ਵਿਗਿਆਨਕ ਸੋਚ ਦਾ ਨਤੀਜਾ ਹੈ ਅਤੇ ਔਰਤਾਂ ਪ੍ਰਤੀ ਗੈਰ- ਇਖਲਾਕੀ ਮਾਨਸਿਕਤਾ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਮਨੂਸਮ੍ਰਿਤੀ ਪ੍ਰਾਚੀਨ ਗ੍ਰੰਥ ਨੂੰ ਨੇਕ ਜੀਵਨ ਲਈ ਜ਼ਰੂਰੀ ਦੱਸ ਕੇ ਝੂਠਾ ਪ੍ਰਚਾਰ ਕਰ ਰਹੀ ਹੈ। ਵੈਦਿਕ ਕਾਲ ਦੇ ਹਵਾਲੇ ਨਾਲ ਭਾਜਪਾ ਨੇ ਔਰਤਾਂ ਦੇ ਸਤਿਕਾਰ ਦੀ ਗੱਲ ਕੀਤੀ ਹੈ ਉਹ ਵੀ ਬੇਬੁਨਿਆਦ ਤੇ ਝੂਠ ਦਾ ਪੁਲੰਦਾ ਹੈ ਕਿਉਂਕਿ ਉਸ ਸਮੇਂ ਔਰਤਾਂ ਨੂੰ ਰਾਜਿਆਂ, ਜਗੀਰਦਾਰਾਂ ਅਤੇ ਪ੍ਰੋਹਿਤਾਂ ਦੀ ਦਾਸੀਆਂ ਤੇ ਨਿੱਜੀ ਜਾਇਦਾਦ ਸਮਝਿਆ ਜਾਂਦਾ ਸੀ। ਔਰਤਾਂ ਦਾ ਕੰਮ ਬੱਚੇ ਪੈਦਾ ਕਰਨ ਤੇ ਮਰਦਾਂ ਨੂੰ ਖੁਸ਼ ਰੱਖਣ ਤੱਕ ਸੀਮਤ ਸੀ। ਇਹ ਵਿਚਾਰ ਇਸ ਗ੍ਰੰਥ ਵਿੱਚ ਮੌਜੂਦ ਹਨ, ਇਸ ਲਈ ਮਨੂਸਮ?ਤੀ ਨੂੰ ਕਦੇ ਵੀ ਲੋਕ ਹਿਤੈਸ਼ੀ ਗ੍ਰੰਥ ਨਹੀਂ ਕਿਹਾ ਜਾ ਸਕਦਾ। ਇਸ ਸਮੇਂ ਪਟਿਆਲਾ ਇਕਾਈ ਦੇ ਸ੍ਰੀ ਰਾਮ ਕੁਮਾਰ ਢਕੜਬਾ, ਸਨੇਹ ਲਤਾ, ਕੁਲਵੰਤ ਕੌਰ ਪਟਿਆਲਾ, ਗੁਰਪੂਰਨਜੀਤ ਸਿੰਘ, ਮਨੋਜ ਗਈ, ਡਾ. ਅਜੇ ਕੁਮਾਰ, ਜੇ ਪੀ ਸਿੰਘ, ਹਰਬੰਸ ਲਾਲ, ਪਰਮਿੰਦਰ ਸਿੰਘ, ਸੁਰਿੰਦਰ ਹੰਸ ਅਤੇ ਰਣਜੀਤ ਸਿੰਘ ਮਾਨ ਆਦਿ ਨੇ ਆਪਣੇ ਵਿਚਾਰ ਰੱਖੇ ਅਤੇ ਡਾਰਵਿਨ ਦੇ ਵਿਕਾਸ ਵਾਦ ਦੇ ਸਿਧਾਂਤ ਨੂੰ ਵਿਦਿਆਰਥੀਆਂ ਦੇ ਸਿਲੇਬਸ ਵਿੱਚੋਂ ਬਾਹਰ ਕੱਢਣ ਲਈ ਭਾਜਪਾ ਸਰਕਾਰ ਦੀ ਨਿਖੇਧੀ ਕੀਤੀ। ਇਸ ਮੀਟਿੰਗ ਵਿੱਚ ਤਰਕਸ਼ੀਲ ਮੈਗਜੀਨ ਦਾ ਜੁਲਾਈ - ਅਗਸਤ 2026 ਅੰਕ ਰਿਲੀਜ਼ ਕੀਤਾ ਗਿਆ। ਸੁਸਾਇਟੀ ਦੇ ਕੰਮ ਕਾਜ਼ ਨੂੰ ਹੋਰ ਸੁਚਾਰੂ ਢੰਗ ਨਾਲ ਕਰਨ ਲਈ ਪ੍ਰਣ ਕੀਤਾ ਗਿਆ ਤਾਂ ਕਿ ਆਮ ਲੋਕਾਂ ਵਿਚੋਂ ਅੰਧਵਿਸ਼ਵਾਸ ਦੂਰ ਕਰਕੇ ਵਿਗਿਆਨਕ ਵਿਚਾਰਧਾਰਾ ਵਿਕਸਤ ਕੀਤੀ ਜਾ ਸਕੇ ਤਾਂ ਕਿ ਇਕ ਨਵਾਂ ਨਰੋਏ ਸਮਾਜ ਦੀ ਸਥਾਪਨਾ ਕੀਤੀ ਜਾ ਸਕੇ। ਇਸ ਮੌਕੇ ਆਉਂਦੇ ਦਿਨਾਂ ਵਿੱਚ ਵਿਕਾਸ ਵਾਦ ਦੇ ਸਿਧਾਂਤ ਤੇ ਇਕ ਸੈਮੀਨਾਰ ਕਰਨ ਲਈ ਵਿਚਾਰ ਹੋਈ।

# ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਨੇ ਸੀਐਮ ਭਗਵੰਤ ਸਿੰਘ ਮਾਨ ਨੂੰ ਘੇਰਨ ਲਈ 'ਟੀਮ ਏ, ਬੀ, ਸੀ' ਬਣਾਈ : ਪੰਨੂ

**ਚੰਡੀਗੜ੍ਹ** : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਕਾਂਗਰਸ ਦਿਸ਼ਾਹੀਣ ਹੋ ਚੁੱਕੀ ਹੈ ਅਤੇ ਪੰਜਾਬ ਅਤੇ ਇੱਥੋਂ ਦੇ ਲੋਕਾਂ ਦੀਆਂ ਚਿੰਤਾਵਾਂ ਨੂੰ ਹੱਲ ਕਰਨ ਦੀ ਬਜਾਏ ਅੰਦਰੂਨੀ ਸੱਤਾ ਦੀ ਲੜਾਈ ਵਿੱਚ ਹੀ ਉਲਝੀ ਹੋਈ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਚੱਲ ਰਹੀ ਆਪਸੀ ਲੜਾਈ ਨੇ ਪਾਰਟੀ ਦੇ ਮੁਕੰਮਲ ਸਿਆਸੀ ਦੀਵਾਲੀਆਪਨ ਨੂੰ ਜਨਤਕ ਕਰ ਦਿੱਤਾ ਹੈ। ਉਨ੍ਹਾਂ ਕਾਂਗਰਸ, ਭਾਜਪਾ ਅਤੇ ਸ਼ਿਰੋਮਣੀ ਅਕਾਲੀ ਦਲ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਨਿਸ਼ਾਨਾ ਬਣਾਉਣ ਲਈ ਹੱਥ ਮਿਲਾਉਣ ਦਾ ਦੋਸ਼ ਲਾਇਆ ਕਿਉਂਕਿ ਉਨ੍ਹਾਂ ਕੋਲ 'ਆਪ' ਸਰਕਾਰ ਵੱਲੋਂ ਕੀਤੇ ਬੇਮਿਸਾਲ ਕੰਮਾਂ ਦਾ ਕੋਈ ਜਵਾਬ ਨਹੀਂ ਹੈ। ਐਤਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਰਾਜ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਕਾਂਗਰਸ ਦਾ ਅੰਦਰੂਨੀ ਕਲੇਸ਼ ਉਸ ਦਾ ਆਪਣਾ ਮਾਮਲਾ ਹੈ, ਪਰ ਇਹ ਪਾਰਟੀ ਦੀ ਦਿਸ਼ਾਹੀਣਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ, ਹੈਰਾਨੀ ਦੀ ਗੱਲ ਇਹ ਹੈ ਕਿ ਕਾਂਗਰਸੀ ਆਗੂ ਇਹ ਸਮਝਾ ਰਹੇ ਹਨ ਕਿ ਭਾਜਪਾ ਦੇ ਅੰਦਰ ਕੀ ਹੋ ਰਿਹਾ ਹੈ, ਜਦੋਂ ਕਿ ਭਾਜਪਾ ਆਗੂ ਕਾਂਗਰਸ ਦੇ ਮਾਮਲਿਆਂ 'ਤੇ ਬੋਲ ਰਹੇ ਹਨ।

ਇਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਦੋਵੇਂ ਪਾਰਟੀਆਂ ਪੂਰੇ ਤਾਲਮੇਲ ਨਾਲ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਾਂਗਰਸ, ਭਾਜਪਾ ਅਤੇ ਸ਼ਿਰੋਮਣੀ ਅਕਾਲੀ ਦਲ ਅਸਲ ਵਿੱਚ 'ਟੀਮ ਏ, ਬੀ, ਸੀ' ਬਣ ਚੁੱਕੇ ਹਨ, ਜਿਨ੍ਹਾਂ ਦਾ ਇੱਕੋ ਇੱਕ ਉਦੇਸ਼ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਨਿਸ਼ਾਨਾ ਬਣਾਉਣਾ ਹੈ, ਕਿਉਂਕਿ ਉਨ੍ਹਾਂ ਕੋਲ 'ਆਪ' ਸਰਕਾਰ ਦੀ ਕਾਰਗੁਜ਼ਾਰੀ ਦਾ ਕੋਈ ਤੋੜ ਨਹੀਂ ਹੈ। ਭਾਜਪਾ 'ਤੇ ਤੰਜ਼ ਕੱਸਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਪੰਜਾਬ 'ਚ ਪਾਰਟੀ ਅਸਲ 'ਚ ਕਾਂਗਰਸ ਵਿੰਗ ਬਣ ਕੇ ਰਹਿ ਗਈ ਹੈ। ਉਨ੍ਹਾਂ ਕਿਹਾ ਅੱਜ ਭਾਜਪਾ ਦੀ ਅਗਵਾਈ ਕਰਨ ਵਾਲੇ ਬਹੁਤੇ ਚਿਹਰੇ ਸਾਬਕਾ ਕਾਂਗਰਸੀ ਆਗੂ ਹਨ। ਅਸਲੀ ਭਾਜਪਾ ਲੀਡਰਸ਼ਿਪ ਲਗਭਗ ਗਾਇਬ ਹੋ ਚੁੱਕੀ ਹੈ, ਜਦਕਿ ਕਈ ਹੋਰ ਕਾਂਗਰਸੀ ਆਗੂ ਉਨ੍ਹਾਂ ਨਾਲ ਸ਼ਾਮਲ ਹੋਣ ਲਈ ਉਤਾਵਲੇ ਜਾਪਦੇ ਹਨ। ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਰੰਧਾਵਾ ਦੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਹਾਲ ਹੀ ਵਿੱਚ ਹੋਈ ਮੁਲਾਕਾਤ ਦਾ ਹਵਾਲਾ ਦਿੰਦਿਆਂ ਪੰਨੂ ਨੇ ਕਿਹਾ ਕਿ ਭਾਵੇਂ ਰੰਧਾਵਾ ਨੇ ਇਸ ਦਾ ਵੱਖਰਾ ਸਪੱਸ਼ਟੀਕਰਨ ਦਿੱਤਾ ਹੈ, ਪਰ ਹਰ ਕੋਈ ਇਸ ਮੁਲਾਕਾਤ ਦੀ ਸਿਆਸੀ ਅਹਿਮੀਅਤ ਨੂੰ ਸਮਝਦਾ ਹੈ। ਉਨ੍ਹਾਂ ਅੱਗੇ ਕਿਹਾ ਵਿਰੋਧੀ ਪਾਰਟੀਆਂ ਇਸ ਲਈ ਇਕੱਠੀਆਂ ਹੋਈਆਂ ਹਨ ਕਿਉਂਕਿ ਉਹ 'ਆਪ' ਸਰਕਾਰ ਦੀ ਕਾਰਗੁਜ਼ਾਰੀ ਦਾ ਮੁਕਾਬਲਾ ਨਹੀਂ ਕਰ ਸਕਦੀਆਂ।

# ਕਮਾਲਪੁਰ ਤੇ ਆਸ-ਪਾਸ ਦੇ ਪਿੰਡਾਂ ਦੀਆਂ ਸੜਕਾਂ ਦੇ ਨਿਰਮਾਣ 'ਤੇ ਖਰਚੇ ਜਾ ਰਹੇ ਨੇ ਕਰੀਬ 20 ਕਰੋੜ : ਚੀਮਾ

## ਕਿਹਾ; ਪੰਜਾਬ ਭਰ ਵਿੱਚ 45,000 ਕਿਲੋਮੀਟਰ ਸੜਕਾਂ ਦਾ ਹੋ ਰਿਹਾ ਹੈ ਕਾਇਆ-ਕਲਪ

**ਦਿੜ੍ਹਬਾ** : ਕੈਬਨਿਟ ਮੰਤਰੀ ਸ਼੍ਰੀ ਹਰਪਾਲ ਸਿੰਘ ਚੀਮਾ ਨੇ ਅੱਜ ਦਿੜ੍ਹਬਾ ਤੋਂ ਕਮਾਲਪੁਰ ਤਕ ਕਰੀਬ 05 ਕਰੋੜ 28 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੀ 06.7 ਕਿਲੋਮੀਟਰ ਸੜਕ 'ਤੇ ਲੁੱਕ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਅਤੇ ਨਿਰਮਾਣ ਸਮੱਗਰੀ ਦਾ ਜਾਇਜ਼ਾ ਲਿਆ। ਇਸ ਮੌਕੇ ਉਹਨਾਂ ਦੱਸਿਆ ਕਿ ਕਮਾਲਪੁਰ ਅਤੇ ਇਸ ਦੇ ਆਲੇ-ਦੁਆਲੇ ਦੇ ਪਿੰਡਾਂ ਨੂੰ ਜੋੜਨ ਵਾਲੀਆਂ ਪ੍ਰਮੁੱਖ ਸੜਕਾਂ ਦੇ ਨਿਰਮਾਣ ਅਤੇ ਚੌੜਾ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ ਜਾ ਚੁੱਕੀ ਹੈ, ਜਿਸ ਨਾਲ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਹੋਈਆਂ ਹਨ। ਲਗਭਗ 12 ਕਿਲੋਮੀਟਰ ਨਵੀਆਂ ਸੜਕਾਂ (ਜੋ ਪਹਿਲਾਂ ਕੱਚੇ ਰਸਤੇ ਸਨ) ਬਣਾਈਆਂ ਜਾ ਰਹੀਆਂ ਹਨ ਅਤੇ ਲਗਭਗ 20 ਕਿਲੋਮੀਟਰ, ਮੌਜੂਦਾ ਸੜਕਾਂ ਨੂੰ ਚੌੜਾ ਕੀਤਾ ਜਾ ਰਿਹਾ ਹੈ। ਇਹਨਾਂ ਸਾਰੇ ਸੜਕੀ ਪ੍ਰੋਜੈਕਟਾਂ 'ਤੇ ਲਗਭਗ 20 ਕਰੋੜ ਰੁਪਏ ਦੀ ਰਾਸ਼ੀ ਖਰਚ ਕੀਤੀ ਜਾ ਰਹੀ ਹੈ। ਇਹਨਾਂ ਵਿਕਾਸ ਪ੍ਰੋਜੈਕਟਾਂ ਤਹਿਤ ਕਮਾਲਪੁਰ ਤੋਂ ਸਫੀਪੁਰ, ਕਮਾਲਪੁਰ ਤੋਂ ਸਮੂਰਾਂ, ਕਮਾਲਪੁਰ ਤੋਂ ਸਫੀਪੁਰ ਖੁਰਦ, ਖਨਾਲ ਕਲਾਂ ਤੋਂ ਕਮਾਲਪੁਰ, ਕਮਾਲਪੁਰ ਤੋਂ ਬਘਰੌਲ, ਕਮਾਲਪੁਰ ਤੋਂ ਦਿਆਲਗੜ੍ਹ ਜੇਜੀਆਂ, ਕਮਾਲਪੁਰ ਤੋਂ ਦਿੜ੍ਹਬਾ, ਅਤੇ ਕਮਾਲਪੁਰ ਤੋਂ ਘਨੌੜ ਰਾਜਪੂਤਾਂ ਤਕ ਦੀਆਂ ਸੜਕਾਂ ਦਾ ਨਿਰਮਾਣ ਅਤੇ ਨਵੀਨੀਕਰਨ ਕੀਤਾ ਜਾ ਰਿਹਾ ਹੈ। ਪੂਰੇ ਪੰਜਾਬ ਵਿੱਚ ਇਸ ਸਮੇਂ ਲਗਭਗ 45,000 ਕਿਲੋਮੀਟਰ ਸੜਕਾਂ ਦਾ ਨਵਾਂ ਨਿਰਮਾਣ ਜਾਂ ਉਹਨਾਂ ਨੂੰ ਚੌੜਾ ਕਰਨ ਦਾ ਕੰਮ ਵੱਡੇ ਪੱਧਰ 'ਤੇ ਚੱਲ ਰਿਹਾ ਹੈ। ਅਜੋਕੇ ਸਮੇਂ ਵਿੱਚ ਕਾਰਾਂ, ਮੋਟਰਸਾਈਕਲਾਂ ਅਤੇ ਹੋਰ ਵਾਹਨਾਂ ਦੀ ਗਿਣਤੀ ਬਹੁਤ ਵਧ ਗਈ ਹੈ, ਜਿਸ ਕਾਰਨ ਪੁਰਾਣੀਆਂ ਸੜਕਾਂ ਤੰਗ ਮਹਿਸੂਸ ਹੋਣ ਲੱਗ ਪਈਆਂ ਸਨ। ਸੜਕਾਂ ਦੇ ਚੌੜੇ ਹੋਣ ਨਾਲ ਜਿੱਥੇ ਆਵਾਜਾਈ ਸੁਖਾਲੀ ਹੋਵੇਗੀ, ਉੱਥੇ ਹੀ ਸੜਕੀ ਹਾਦਸਿਆਂ 'ਤੇ ਵੀ ਪੂਰੀ ਤਰ੍ਹਾਂ ਲਗਾਮ ਲੱਗੇਗੀ ਅਤੇ ਕੀਮਤੀ ਜਾਨਾਂ ਬਚਾਈਆਂ ਜਾ ਸਕਣਗੀਆਂ। ਸੜਕਾਂ ਦੀ ਸਾਂਭ-ਸੰਭਾਲ ਲਈ ਉਨ੍ਹਾਂ ਨੇ ਲੋਕਾਂ ਨੂੰ ਇੱਕ ਅਹਿਮ ਅਪੀਲ ਕੀਤੀ ਕਿ ਸੜਕਾਂ 'ਤੇ ਪਾਣੀ ਬਿਲਕੁਲ ਨਾ ਖੜ੍ਹਨ ਦਿੱਤਾ ਜਾਵੇ। ਜਿਸ ਵੀ ਜਗ੍ਹਾ 'ਤੇ ਪਾਣੀ ਖੜ੍ਹਦਾ ਹੈ, ਉੱਥੋਂ ਸੜਕ ਟੁੱਟਣੀ ਸ਼ੁਰੂ ਹੋ ਜਾਂਦੀ ਹੈ। ਚੱਲ ਰਹੇ ਕੰਮ ਦੇ ਮਟੀਰੀਅਲ ਦੀ ਖੁਦ ਜਾਂਚ ਕਰਦਿਆਂ ਉਨ੍ਹਾਂ ਦੱਸਿਆ ਕਿ ਸੜਕ ਦੇ ਨਿਰਮਾਣ ਵਿੱਚ ਹੇਠਾਂ ਪੱਥਰ (ਵੱਟਾ) ਪਾਉਣ ਤੋਂ ਬਾਅਦ 40 ਐਮ.ਐਮ. ਦਾ ਮਟੀਰੀਅਲ ਪਾਇਆ ਜਾ ਰਿਹਾ ਹੈ, ਜੋ ਕਿ ਪੂਰੀ ਤਰ੍ਹਾਂ ਤਸੱਲੀਬਖ਼ਸ਼ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਮੌਕੇ 'ਤੇ ਮੌਜੂਦ ਵਿਭਾਗ ਦੇ ਅਧਿਕਾਰੀਆਂ ਅਤੇ ਠੇਕੇਦਾਰਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਕੰਮ ਦੀ ਗੁਣਵੱਤਾ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਾਰਾ ਕੰਮ ਪਾਰਦਰਸ਼ੀ ਤੇ ਮਿਆਰੀ ਤਰੀਕੇ ਨਾਲ ਮੁਕੰਮਲ ਕੀਤਾ ਜਾਵੇ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ-ਵੱਖ ਅਹੁਦੇਦਾਰ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।




# ਕੇਜਰੀਵਾਲ ਦੀ ਨਸ਼ਾ-ਮੁਕਤ ਪੰਜਾਬ ਦੀ ਗਾਰੰਟੀ ਫੇਲ੍ਹ : ਕੇਵਲ ਢਿੱਲੋਂ

**ਜਲੰਧਰ** : ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਜਲੰਧਰ ਵਿਖੇ ਮੀਡੀਆ ਨਾਲ ਗੱਲਬਾਤ ਦੌਰਾਨ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਦੀ ਗਾਰੰਟੀ ਪੂਰੀ ਤਰ੍ਹਾਂ ਖੋਖਲੀ ਸਾਬਤ ਹੋਈ ਹੈ। ਸਗੋਂ ਨਸ਼ੇ ਦਾ ਵਹਾਅ ਪਹਿਲਾਂ ਨਾਲੋਂ ਕਈ ਗੁਣਾ ਵੱਧ ਗਿਆ ਹੈ। ਭਾਜਪਾ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸੂਬੇ ਵਿੱਚੋਂ ਨਸ਼ਾ ਸਿਰਫ਼ ਤਿੰਨ ਮਹੀਨਿਆਂ ਵਿੱਚ ਜੜ੍ਹੋਂ ਖਤਮ ਕਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਸਾਢੇ ਚਾਰ ਸਾਲਾਂ ਬਾਅਦ ਵੀ ਨਸ਼ਾ ਖਤਮ ਹੋਣਾ ਤਾਂ ਦੂਰ ਦੀ ਗੱਲ ਹੈ, ਸਗੋਂ ਨੌਜਵਾਨ ਪੀੜ੍ਹੀ ਵੱਡੀ ਗਿਣਤੀ ਵਿੱਚ ਨਸ਼ੇ ਦੀ ਭੇਂਟ ਚੜ੍ਹ ਰਹੀ ਹੈ ਅਤੇ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਹੁਸ਼ਿਆਰਪੁਰ ਜੇਲ੍ਹ ਦੇ ਡਿਪਟੀ ਸੁਪਰਡੈਂਟ ਦੀ ਗ੍ਰਿਫ਼ਤਾਰੀ ਦੇ ਮਾਮਲੇ ਵਿੱਚ ਸੂਬਾ ਪ੍ਰਧਾਨ ਢਿੱਲੋਂ ਨੇ ਕਿਹਾ ਕਿ ਜੇਲ੍ਹਾਂ ਵਿੱਚ ਸ਼ਰੇਆਮ ਨਸ਼ਾ ਵਿਕਣਾ ਸਰਕਾਰ ਦੀ ਨਾਕਾਮੀ ਨੂੰ ਸਿੱਧ ਕਰਦਾ ਹੈ। ਇਸੇ ਜੇਲ੍ਹ ਵਿੱਚੋਂ ਵੀਡੀਓ ਵਾਇਰਲ ਹੋਣਾ ਜੇਲ੍ਹਾਂ ਵਿੱਚ ਸ਼ਰੇਆਮ ਮੋਬਾਈਲ ਫ਼ੋਨ ਚੱਲਣ ਦੀ ਨਿਸ਼ਾਨੀ ਹੈ। ਸਰਕਾਰ ਨੂੰ ਸਭ ਕੁਝ ਪਤਾ ਹੋਣ ਦੇ ਬਾਵਜੂਦ ਵੀ ਉਹ ਚੁਟਕਲਿਆਂ ਤੇ ਡਰਾਮੇਬਾਜ਼ੀ ਵਿੱਚ ਰੁੱਝੀ ਹੋਈ ਹੈ। ਉਹਨਾਂ ਕਿਹਾ ਕਿ ਪੰਜਾਬ ਇਸ ਵੇਲੇ ਗੈਂਗਸਟਰਵਾਦ, ਨਸ਼ੇ, ਬੇਰੁਜ਼ਗਾਰੀ ਅਤੇ ਵਿਗੜਦੀ ਅਮਨ-ਕਾਨੂੰਨ ਵਿਵਸਥਾ ਨਾਲ ਜੂਝ ਰਿਹਾ ਹੈ, ਜਦਕਿ ਮੁੱਖ ਮੰਤਰੀ ਬੰਗਲੌਰ ਵਿੱਚ ਛੁੱਟੀਆਂ ਮਨਾ ਰਹੇ ਹਨ। ਢਿੱਲੋਂ ਨੇ ਤਨਜ਼ ਕੱਸਦਿਆਂ ਕਿਹਾ ਕਿ ਪੰਜਾਬ ਇਸ ਵੇਲੇ ਲਾਵਾਰਸ ਹੈ ਅਤੇ ਦਿੱਲੀ ਤੋਂ ਹਾਰੇ ਹੋਏ ਘੁਟਾਲੇਬਾਜ਼ ਸੂਬੇ ਨੂੰ ਚਲਾ ਰਹੇ ਹਨ। ਜਦਕਿ ਜਿੱਥੇ-ਜਿੱਥੇ ਭਾਜਪਾ ਦੀਆਂ ਸਰਕਾਰਾਂ ਹਨ, ਉੱਥੇ ਵਿਕਾਸ ਦੀ ਰਫ਼ਤਾਰ ਤੇਜ਼ ਹੈ। ਉਹਨਾਂ ਅੰਕੜਿਆਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਇੱਕ ਸਮੇਂ ਵਿਕਾਸ ਪੱਖੋਂ ਦੇਸ਼ ਵਿੱਚ ਪਹਿਲੇ ਨੰਬਰ 'ਤੇ ਰਹਿਣ ਵਾਲਾ ਪੰਜਾਬ ਅੱਜ 18ਵੇਂ ਸਥਾਨ 'ਤੇ ਖਿਸਕ ਗਿਆ ਹੈ, ਜਦਕਿ 17ਵੇਂ ਨੰਬਰ 'ਤੇ ਰਹਿਣ ਵਾਲਾ ਉੱਤਰ ਪ੍ਰਦੇਸ਼ ਅੱਜ ਦੂਜੇ ਨੰਬਰ 'ਤੇ ਪਹੁੰਚ ਗਿਆ ਹੈ। ਉਹਨਾਂ ਕਿਹਾ ਕਿ ਭਾਜਪਾ ਸ਼ਾਸਿਤ ਸੂਬਿਆਂ ਵਿੱਚ ਲਗਾਤਾਰ ਇੰਡਸਟਰੀ ਲੱਗ ਰਹੀ ਹੈ, ਲਾਅ ਐਂਡ ਆਰਡਰ ਵੀ ਬਿਹਤਰ ਹੈ ਅਤੇ ਪੰਜਾਬ ਵਿੱਚ ਮੁੜ ਖੁਸ਼ਹਾਲੀ ਕੇਵਲ ਭਾਜਪਾ ਸਰਕਾਰ ਹੀ ਲਿਆ ਸਕਦੀ ਹੈ। ਮਹਿਲਾਵਾਂ ਨੂੰ ਦਿੱਤੀ ਗਈ 1000 ਰੁਪਏ ਪ੍ਰਤੀ ਮਹੀਨਾ ਸਕੀਮ ਦਾ ਜ਼ਿਕਰ ਕਰਦਿਆਂ ਉਹਨਾਂ ਕਿਹਾ ਕਿ 51 ਮਹੀਨਿਆਂ ਦੇ 51,000 ਰੁਪਏ ਦੇਣ ਦੀ ਥਾਂ ਸਿਰਫ਼ ਤਿੰਨ ਮਹੀਨਿਆਂ ਦੀ ਰਾਸ਼ੀ ਦੇ ਕੇ ਸਰਕਾਰ ਸਿਰਫ਼ ਡਰਾਮੇਬਾਜ਼ੀ ਕਰ ਰਹੀ ਹੈ, ਜਿਸ ਨਾਲ ਪੰਜਾਬ ਦੀਆਂ ਮਹਿਲਾਵਾਂ ਨਾਲ ਵੱਡੇ ਪੱਧਰ 'ਤੇ ਧੋਖਾ ਹੋਇਆ ਹੈ। ਕਾਂਗਰਸ ਪਾਰਟੀ 'ਤੇ ਨਿਸ਼ਾਨਾ ਸਾਧਦਿਆਂ ਢਿੱਲੋਂ ਨੇ ਕਿਹਾ ਕਿ ਪਾਰਟੀ ਅੰਦਰੂਨੀ ਕਾਟੋ-ਕਲੇਸ਼ ਅਤੇ ਚੌਧਰ ਦੀ ਲੜਾਈ ਵਿੱਚ ਉਲਝੀ ਹੋਈ ਹੈ ਅਤੇ ਪੰਜਾਬ ਦੇ ਲੋਕਾਂ ਨਾਲ ਉਸ ਨੂੰ ਕੋਈ ਸਰੋਕਾਰ ਨਹੀਂ।




# ਗੈਂਗਸਟਰਾਂ 'ਤੇ ਵਾਰ ਦਾ 166ਵਾਂ ਦਿਨ: ਪੰਜਾਬ ਪੁਲਿਸ ਵੱਲੋਂ 704 ਥਾਈਂ ਛਾਪੇਮਾਰੀ; 405 ਵਿਅਕਤੀ ਕਾਬੂ

**ਚੰਡੀਗੜ੍ਹ** : ਸੂਬੇ ਵਿੱਚ ਚੱਲ ਰਹੀ ਫੈਲਾਕੁੰਨ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ 166ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 704 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ'- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ , ਜਿਸ ਦੀ ਸ਼ੁਰੂਆਤ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿ?ਹਾਂ ਦੀਆਂ ਪੁਲਿਸ ਟੀਮਾਂ ਵੱਲੋਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। 166ਵੇਂ ਦਿਨ, ਪੁਲਿਸ ਟੀਮਾਂ ਨੇ 405 ਵਿਅਕਤੀਆਂ ਨੂੰ ਦੋ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 44102 ਹੋ ਗਈ ਹੈ। ਇਸ ਤੋਂ ਇਲਾਵਾ, 254 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 11 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦੇ ਸਕਦੇ ਹਨ। ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 491ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 103 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 14.6 ਕਿਲੋਗ੍ਰਾਮ ਹੈਰੋਇਨ, 600 ਗ੍ਰਾਮ ਅਫੀਮ, 25 ਕਿਲੋਗ੍ਰਾਮ ਭੁੱਕੀ, 833 ਨਸ਼ੀਲੀਆਂ ਗੋਲੀਆਂ ਅਤੇ 13380 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਦੇ ਨਾਲ, ਸਿਰਫ 491 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 71,864 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ ਪੰਜ ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਸ਼੍ਰੋਮਣੀ ਅਕਾਲੀ ਦਲ ਨੇ 140 ਪਰਿਵਾਰਾਂ ਨੂੰ ਵੰਡੀ ਕਣਕ

ਜ਼ਿਕਰ ਪੰਜਾਬ

**ਲੰਬੀ** : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਲੰਬੀ ਹਲਕੇ ਦੇ ਪਿੰਡਾਂ ਗੁਰੂਸਰ, ਪੱਕੀ ਟਿੱਬੀ ਤੇ ਕਬਰਵਾਲਾ ਵਿਚ ਦੋ ਮਹੀਨੇ ਪਹਿਲਾਂ ਅਗਜ਼ਨੀ ਕਾਰਨ ਜਿਹਨਾਂ ਕਿਸਾਨਾਂ ਦੀ ਕਣਕ ਦੀ ਫਸਲ ਤਬਾਹ ਹੋ ਗਈ ਸੀ, ਉਹਨਾਂ 140 ਪਰਿਵਾਰਾਂ ਨੂੰ 600 ਕੁਇੰਟਲ ਕਣਕ ਵੰਡੀ। ਅਕਾਲੀ ਦਲ ਦੇ ਪ੍ਰਧਾਨ ਅਗਜ਼ਨੀ ਨਾਲ ਪ੍ਰਭਾਵਤ ਕਿਸਾਨਾਂ ਦੇ ਘਰਾਂ ਵਿਚ ਪਹੁੰਚੇ ਤੇ ਉਹਨਾਂ ਨੂੰ ਭਰੋਸਾ ਦੁਆਇਆ? ਕਿ ਅਕਾਲੀ ਦਲ ਉਹਨਾਂ ਦੇ ਨੁਕਸਾਨ ਦੀ ਪੂਰਤੀ ਕਰੇਗਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਭਾਵੇਂ ਅਸੀਂ ਇਹ ਸੇਵਾ ਕਰਨ ਵਾਸਤੇ ਆਪਣਾ ਵਾਅਦਾ ਪੂਰਾ ਕੀਤਾ ਪਰ ਇਹ ਵੇਖ ਕੇ ਮਨ ਮਾਯੂਸ ਹੈ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਕਿਸਾਨਾਂ ਨੂੰ ਅਗਜ਼ਨੀ ਨਾਲ ਹੋਏ ਨੁਕਸਾਨ ਜਾਂ ਫਿਰ ਗੜ੍ਹੇਮਾਰੀ ਕਾਰਨ ਹੋਏ ਫਸਲਾਂ ਦੇ ਨੁਕਸਾਨ ਜਾਂ ਫਿਰ ਹੜ੍ਹਾਂ ਕਾਰਨ ਹੋਏ ਝੋਨੇ ਦੀ ਫਸਲ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦੇਣ ਤੋਂ ਭੱਜ ਗਈ ਹੈ। ਉਹਨਾਂ ਕਿਹਾ ਕਿ ਜਿਥੇ ਤੱਕ ਅਕਾਲੀ ਦਲ ਦਾ ਸਵਾਲ ਹੈ, ਅਸੀ? ਹਮੇਸ਼ਾ ਕਿਸਾਨਾਂ ਨਾਲ ਡੱਟ ਕੇ ਖੜ੍ਹੇ ਹਾਂ ਤੇ ਹਮੇਸ਼ਾ ਲੋੜ ਵੇਲੇ ਉਹਨਾਂ ਦੇ ਨਾਲ ਡਟੇ ਰਹਾਂਗੇ।



ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਸਰਦਾਰ ਬਾਦਲ ਨੇ ਮਲੋਟ ਦੇ ਪਿੰਡ ਗੰਧਾਰ ਵਿਚ ਉਹਨਾਂ ਕਿਸਾਨਾਂ ਨੂੰ 300 ਕੁਇੰਟਲ ਕਣਕ ਵੰਡੀ ਸੀ ਜਿਹਨਾਂ ਦੀ ਫਸਲ ਗੜ੍ਹੇਮਾਰੀ ਕਾਰਨ ਤਬਾਹ ਹੋ ਗਈ ਸੀ। ਪ੍ਰਭਾਵਤ ਕਿਸਾਨਾਂ ਨੇ ਇਸ ਮੌਕੇ ਅਕਾਲੀ ਦਲ ਦੇ ਪ੍ਰਧਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਜ਼ੋਰ ਦੇ ਕੇ ਦੱਸਿਆ ਕਿ ਆਪ ਸਰਕਾਰ ਤੋਂ ਉਹਨਾਂ ਨੂੰ ਕੋਈ ਮੁਆਵਜ਼ਾ ਨਹੀਂ ਮਿਲਿਆ। ਇਕ ਸਵਾਲ ਦੇ ਜਵਾਬ ਵਿਚ ਸਰਦਾਰ ਬਾਦਲ ਨੇ ਦੱਸਿਆ ਕਿ ਆਪ ਸਰਕਾਰ ਦੀ ਸੋਧੀ ਹੋਈ ਲੈਂਡ ਪੂਲਿੰਗ ਸਕੀਮ ਹੋਰ ਕੁਝ ਨਹੀਂ ਬਲਕਿ ਕਿਸਾਨਾਂ ਤੋਂ ਉਹਨਾਂ ਦੀ ਜ਼ਮੀਨ ਖੋਹਣ ਦੀਇਕ ਨਵੀਂ ਯੋਜਨਾ ਹੈ। ਉਹਨਾਂ ਕਿਹਾ ਕਿ ਪੁਰਾਣੀ ਲੈਂਡ ਪੂਲਿੰਗ ਸਕੀਮ ਦੀ ਲੀਪਾ ਪੋਥੀ ਕਰ ਕੇ ਨਵੀਂ ਸਕੀਮ ਲਿਆਂਦੀਗਈ ਜਦੋਂ ਕਿ ਪੁਰਾਣੀ ਸਕੀਮ ਕਿਸਾਨ ਪਹਿਲਾਂ ਹੀ ਰੱਦ ਕਰ ਚੁੱਕੇ ਹਨ। ਉਹਨਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਜੋ ਪਿਛਲੇ ਸਾਲ ਕੀਤੇ ਨਜਾਇਜ਼ ਸੌਦਿਆਂ ਕਾਰਨ ਆਪਣੇ ਚਹੇਤਿਆਂ ਨੂੰ ਇਨਾਮ ਦੇਣ ਵਾਸਤੇ ਦਬਾਅ ਹੇਠ ਹਨ, ਦੇ ਦਬਾਅ ਹੇਠ ਸਰਕਾਰ ਨਵੀਂ ਸਕੀਮ ਨੂੰ ਲਾਗੂ ਕਰਨ ਲਈ ਪੱਬਾਂ ਭਾਰ ਹੈ। ਉਹਨਾਂਕਿਹਾ ਕਿ ਅਕਾਲੀ ਦਲ ਇਸ ਨਵੀਂ ਨੀਤੀ ਦਾ ਪੁਰਜ਼ੋਰ ਵਿਰੋਧ ਕਰੇਗਾ ਤੇ ਸਰਕਾਰ ਨੂੰ ਕਦੇ ਵੀ ਸਫਲ ਨਹੀਂ ਹੋਣ ਦੇਵੇਗਾ।

# ਲਸ਼ਕਰ-ਏ-ਤੋਇਬਾ ਦੇ ਅੱਤਵਾਦੀਆਂ ਦੀ ਭਾਲ ਲਈ ਆਪ੍ਰੇਸ਼ਨ ਦੂਜੇ ਦਿਨ ਵੀ ਰਿਹਾ ਜਾਰੀ

**ਸ੍ਰੀਨਗਰ** : ਅਧਿਕਾਰੀਆਂ ਨੇ ਦੱਸਿਆ ਕਿ ਜੰਮੂ-ਕਸ਼ਮੀਰ ਦੇ ਸ਼ੋਪੀਆਂ ਜ਼ਿਲ੍ਹੇ ਵਿੱਚ ਰਾਤ ਭਰ ਚੱਲਿਆ ਆਪ੍ਰੇਸ਼ਨ ਐਤਵਾਰ ਨੂੰ ਦੂਜੇ ਦਿਨ ਵੀ ਜਾਰੀ ਰਿਹਾ ਜਦੋਂ ਸੁਰੱਖਿਆ ਬਲਾਂ ਨੇ ਇੱਕ ਸੰਘਣੇ ਬਾਗ ਵਿੱਚ ਘਿਰੇ ਪਾਬੰਦੀਸ਼ੁਦਾ ਸੰਗਠਨ ਲਸ਼ਕਰ-ਏ-ਤੋਇਬਾ ਦੇ ਦੋ ਸਥਾਨਕ ਅੱਤਵਾਦੀਆਂ ਦੀ ਭਾਲ ਮੁੜ ਸ਼ੁਰੂ ਕਰ ਦਿੱਤੀ। ਸ਼ੁੱਕਰਵਾਰ ਨੂੰ ਮੀਮੰਦਰ ਖੇਤਰ ਦੇ ਇੱਕ ਬਾਗ ਵਿੱਚ ਨਿਗਰਾਨੀ ਕੈਮਰਿਆਂ ਦੁਆਰਾ ਦੇਖੇ ਗਏ ਦੋ ਅੱਤਵਾਦੀਆਂ ਨੂੰ ਲੱਭਣ ਲਈ ਤਲਾਸ਼ੀ ਮੁੜ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਵਿੱਚ ਸੱਤ ਪਿੰਡ ਸ਼ਾਮਲ ਹਨ। ਫੌਜ, ਜੰਮੂ-ਕਸ਼ਮੀਰ ਪੁਲਿਸ ਅਤੇ ਕੇਂਦਰੀ ਰਿਜ਼ਰਵ ਪੁਲਿਸ ਬਲ ਦੇ ਕਈ ਕਾਲਮਾਂ ਦੀ ਇੱਕ ਸਾਂਝੀ ਟੀਮ ਨੇ ਇਲਾਕੇ ਦੇ ਆਲੇ-ਦੁਆਲੇ ਸਖ਼ਤ ਘੇਰਾਬੰਦੀ ਕਰ ਲਈ ਅਤੇ ਸ਼ਾਮ ਤੱਕ ਚਾਰ ਪਿੰਡਾਂ ਨੂੰ ਸਾਫ਼ ਕਰ ਦਿੱਤਾ। ਫਸੇ ਹੋਏ ਦੋ ਅੱਤਵਾਦੀਆਂ ਦੀ ਪਛਾਣ ਲਤੀਫ ਅਤੇ ਜ਼ਾਕਿਰ ਵਜੋਂ ਹੋਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੇ ਫੌਜ ਦੇ ਜਵਾਨਾਂ 'ਤੇ ਗੋਲੀਬਾਰੀ ਕੀਤੀ, ਜਿਨ੍ਹਾਂ ਨੇ ਪ੍ਰਭਾਵਸ਼ਾਲੀ ਢੰਗ ਨਾਲ ਜਵਾਬੀ ਕਾਰਵਾਈ ਕੀਤੀ, ਜਿਸ ਨਾਲ ਮੁਕਾਬਲਾ ਸ਼ੁਰੂ ਹੋ ਗਿਆ।

# ਦੰਗਾ ਪੀੜਤ ਵੈਲ.ਫੇਅਰ ਸੁਸਾਇਟੀ ਵਲੋਂ ਵਿੱਢੇ ਸੰਘਰਸ਼ ਵਿੱਚ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਪੂਰਨ ਸਹਿਯੋਗ ਕਰੇਗੀ

ਜ਼ਿਕਰ ਪੰਜਾਬ

**ਲੁਧਿਆਣਾ/ਇੰਦਰਜੀਤ**

ਦੰਗਾ ਪੀੜਤ ਵੈਲਫੇਅਰ ਸੁਸਾਇਟੀ ਪੰਜਾਬ ਨੇ ਦੰਗਾ ਪੀੜਤਾਂ ਦੇ ਚਿਰਾਂ ਤੋਂ ਲਟਕਦੇ ਮਸਲਿਆਂ ਦੇ ਹੱਲ ਲਈ ਜ਼ੋਰਦਾਰ ਸੰਘਰਸ਼ ਕਰਨ ਦਾ ਜੋ ਫ਼ੈਸਲਾ ਕੀਤਾ ਗਿਆ ਹੈ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਸੰਪੂਰਨ ਤੌਰ ਤੇ ਇਸ ਸੰਘਰਸ਼ ਦਾ ਸਾਥ ਦੇਵੇਗੀ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰੈਸ ਨੂੰ ਜਾਰੀ ਸਾਂਝੇ ਬਿਆਨ ਵਿਚ ਫੈਡਰੇਸ਼ਨ ਦੇ ਪ੍ਰਧਾਨ ਭਾਈ ਮੇਜਰ ਸਿੰਘ ਖਾਲਸਾ, ਭਾਈ ਬਲਜੀਤ ਸਿੰਘ ਬੀਤਾ ਸਕੱਤਰ ਜਨਰਲ ਅਤੇ ਮੁੱਖ ਬੁਲਾਰਾ ਜਸਪਾਲ ਸਿੰਘ ਇਸਲਾਮ ਗੰਜ ਨੇ ਕੀਤਾ। ਭਾਈ ਖਾਲਸਾ ਨੇ ਕਿਹਾ ਕਿ ਪਿਛਲੇ ਦਿਨੀਂ ਪ੍ਰਧਾਨ ਸੁਰਜੀਤ ਸਿੰਘ ਦੁੱਗਰੀ ਅਤੇ ਮਹਿਲਾ ਵਿੰਗ ਪ੍ਰਧਾਨ ਬੀਬੀ ਗੁਰਦੀਪ ਕੌਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਫ਼ੈਸਲਾ ਕੀਤਾ ਗਿਆ ਕਿ ਬੀਬੀ ਗੁਰਦੀਪ ਕੌਰ ਦੀ ਅਗਵਾਈ ਹੇਠ ਜੁਲਾਈ ਮਹੀਨੇ ਦੇ ਪਹਿਲੇ ਹਫ਼ਤੇ ਪੰਜ ਬੀਬੀਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਚੰਡੀਗੜ੍ਹ ਸਥਿਤ ਕੋਠੀ ਦੇ ਬਾਹਰ ਮਰਨ ਵਰਤ 'ਤੇ ਬੈਠਣਗੀਆਂ। ਇਸ ਮੌਕੇ ਅਣਮਿੱਥੇ ਸਮੇਂ ਲਈ ਧਰਨਾ ਵੀ ਦਿੱਤਾ ਜਾਵੇਗਾ। ਫੈਡਰਸ਼ਨ ਆਗੂਆਂ ਵਲੋਂ ਪੰਜਾਬ ਸਰਕਾਰ ਵੱਲੋਂ ਦੰਗਾ ਪੀੜਤਾਂ ਸਬੰਧੀ ਧਾਰਨ ਕੀਤੀ ਨੀਤੀ ਦੀ ਜ਼ੋਰਦਾਰ ਨਿੰਦਾ ਕੀਤੀ ਗਈ। ਉਨ੍ਹਾਂ ਦੱਸਿਆ ਇੱਕ ਤਾਂ ਸੱਤਾ ਦਾ ਨਸ਼ਾ ਹੈ ਅਤੇ ਦੂਜਾ ਲਾਲਪਰੀ ਦਾ ਨਸ਼ਾ ਹੈ ਜਿਸ ਕਾਰਨ ਉਨ੍ਹਾਂ ਦਾ ਧਿਆਨ ਲੋਕ ਮਸਲੇ ਹੱਲ ਕਰਨ ਦੀ ਥਾਂ ਦਿੱਲੀ ਵਾਲਿਆਂ ਦੀ ਮਿਲੀਭੁਗਤ ਨਾਲ ਲੁੱਟ ਖਸੁੱਟ ਵੱਲ ਲੱਗਾ ਹੋਇਆ ਹੈ। ਫੈਡਰੇਸ਼ਨ ਕਿਸੇ ਵੀ ਕੀਮਤ ਤੇ ਪੰਜਾਬ ਦੀ ਹੋਣ ਵਾਲੀ ਲੁਟ



ਕਿ ਦੰਗਾ ਪੀੜਤਾਂ ਨੇ ਹੁਣ ਆਪਣੇ ਮਸਲਿਆਂ ਦਾ ਹੱਲ ਕਰਾਉਣ ਲਈ ਆਰ ਪਾਰ ਦੀ ਲੜਾਈ ਲੜਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਪੀੜਤ ਪਰਿਵਾਰਾਂ ਨੂੰ ਇਨਸਾਫ਼ ਨਹੀਂ ਮਿਲਦਾ ਉਹ ਇਸੇ ਤਰ੍ਹਾਂ ਹੀ ਧਰਨੇ ਲਗਾਉਂਦੇ ਰਹਿਣਗੇ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਨੂੰ ਨੂੰ ਬਰਦਾਸ਼ਤ ਨਹੀਂ ਕਰੇਗੀ ਅਤੇਇਸ ਨੂੰ ਰੋਕਣ ਲਈ ਹਰ ਹੀਲਾ ਵਰਤੇਗੀ। ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਅਸੀਂ ਸਾਰੇ ਦੰਗਾ ਪੀੜਿਤ ਵੈਲਫੇਅਰ ਸੋਸਾਇਟੀ ਨਾਲ ਚਟਾਨ ਵਾਂਗ ਖੜੇ ਹਾਂ ਜਦ ਤੱਕ ਇਹਨਾਂ ਦੇ ਮੁੜ ਵਸੇਬਾ ਨਹੀਂ ਹੋ ਜਾਂਦਾ ਤਦ ਤੱਕ ਸੰਘਰਸ਼ ਜਾਰੀ ਰਹੇਗਾ।

# ਸਵਾਮੀ ਵਿਵੇਕਾਨੰਦ ਕਾਲਜ ਆਫ਼ ਨਰਸਿੰਗ ਐਂਡ ਹੌਸਪਿਟਲ ਦੇ ਵਿਦਿਆਰਥੀਆਂ ਨੇ ਪਲਸ ਪੋਲੀਓ ਜਾਗਰੂਕਤਾ ਮੁਹਿੰਮ 'ਚ ਨਿਭਾਈ ਸਰਗਰਮ ਭੂਮਿਕਾ



ਜ਼ਿਕਰ ਪੰਜਾਬ

**ਖੰਨਾ • ਮਨਜੀਤ ਸਿੰਘ ਧੀਮਾਨ**

ਸਵਾਮੀ ਵਿਵੇਕਾਨੰਦ ਕਾਲਜ ਆਫ਼ ਨਰਸਿੰਗ ਐਂਡ ਹੌਸਪੀਟਲ ਦੇ ਵਿਦਿਆਰਥੀਆਂ ਨੇ ਪਲਸ ਪੋਲੀਓ ਜਾਗਰੂਕਤਾ ਮੁਹਿੰਮ ਵਿਚ ਉਤਸ਼ਾਹ ਨਾਲ ਹਿੱਸਾ ਲਿਆ, ਜੋ ਕਿ ਭਾਈਚਾਰੇ ਵਿਚ ਜਾਗਰੂਕਤਾ ਪੈਦਾ ਕਰਨ ਦਾ ਇੱਕ ਸ਼ਲਾਘਾਯੋਗ ਯਤਨ ਹੈ। ਇਸ ਮੁਹਿੰਮ ਦੇ ਹਿੱਸੇ ਵਜੋਂ, ਨਰਸਿੰਗ ਵਿਦਿਆਰਥੀਆਂ ਨੇ ਆਲੇ-ਦੁਆਲੇ ਦੇ ਖੇਤਰਾਂ ਦਾ ਦੌਰਾ ਕਰਕੇ ਮਾਪਿਆਂ ਅਤੇ ਜਨਤਾ ਨੂੰ ਪੰਜ ਸਾਲ ਤੋਂ ਘੱਟ ਉਮਰ ਦੇ ਸਾਰੇ ਬੱਚਿਆਂ ਨੂੰ ਪਲਸ ਪੋਲੀਓ ਦੀ ਖੁਰਾਕ ਪਿਲਾਉਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।ਵਿਦਿਆਰਥੀਆਂ ਨੇ ਲੋਕਾਂ ਨੂੰ ਇਹ ਸੰਦੇਸ਼ ਦਿੱਤਾ ਕਿ ਹਰ ਬੱਚੇ ਨੂੰ ਗੰਭੀਰ ਬਿਮਾਰੀ ਪੋਲੀਓ ਤੋਂ ਬਚਾਉਣ ਅਤੇ ਭਾਰਤ ਦੀ ਪੋਲੀਓ ਮੁਕਤ ਸਥਿਤੀ ਨੂੰ ਬਣਾਈ ਰੱਖਣ ਲਈ ਪੋਲੀਓ ਖੁਰਾਕ ਜ਼ਰੂਰ ਪਿਲਾਉਣੀ ਚਾਹੀਦੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਨਜ਼ਦੀਕੀ ਪਲਸ ਪੋਲੀਓ ਬੂਥ ''ਤੇ ਲੈ ਕੇ ਜਾਣ ਅਤੇ ਪੋਲੀਓ ਬੂੰਦਾਂ ਪਿਲਾਉਣ। ਉਨ੍ਹਾਂ ਇਸ ਗੱਲ ''ਤੇ ਵੀ ਜ਼ੋਰ ਦਿੱਤਾ ਕਿ ਪੋਲੀਓ ਦੀਆਂ ਵਾਰ-ਵਾਰ ਦਿੱਤੀਆਂ ਜਾਣ ਵਾਲੀਆਂ ਖੁਰਾਕਾਂ ਪੂਰੀ ਤਰ੍ਹਾਂ ਸੁਰੱਖਿਅਤ ਹਨ ਅਤੇ ਬੱਚਿਆਂ ਦੀ ਸਮੁੱਚੀ ਸੁਰੱਖਿਆ ਲਈ ਜ਼ਰੂਰੀ ਹਨ।ਜਾਗਰੂਕਤਾ ਮੁਹਿੰਮ ਦੌਰਾਨ ਵਿਦਿਆਰਥੀਆਂ ਨੇ ਘਰ-ਘਰ ਜਾ ਕੇ ਲੋਕਾਂ ਨਾਲ ਗੱਲਬਾਤ ਕੀਤੀ, ਸਿਹਤ ਸੰਬੰਧੀ ਜਾਣਕਾਰੀ ਪ੍ਰਦਾਨ ਕੀਤੀ ਅਤੇ ਭਾਈਚਾਰੇ ਨੂੰ ਪਲਸ ਪੋਲੀਓ ਮੁਹਿੰਮ ਵਿਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਇਸ ਸੇਵਾ ਨੇ ਵਿਦਿਆਰਥੀਆਂ ਦੀ ਸਮਾਜਿਕ ਜ਼ਿੰਮੇਵਾਰੀ, ਜਨਤਕ ਸਿਹਤ ਪ੍ਰਤੀ ਸਮਰਪਣ ਅਤੇ ਮਾਨਵਤਾਵਾਦੀ ਸੇਵਾ ਦੀ ਭਾਵਨਾ ਦਾ ਪ੍ਰਦਰਸ਼ਨ ਕੀਤਾ।ਇਹ ਪ੍ਰੋਗਰਾਮ ਪ੍ਰੋਗਰਾਮ ਡਾਇਰੈਕਟਰ ਡਾ. ਰਾਜ ਸਿੰਗਲਾ, ਪ੍ਰਿੰਸੀਪਲ ਅਨੀਤਾ ਸ਼ਰਮਾ ਅਤੇ ਮੈਡਮ ਮੋਨਿਕਾ ਆਨੰਦ ਦੀ ਨਿਗਰਾਨੀ ਹੇਠ ਕਰਵਾਇਆ ਗਿਆ। ਸਾਰੇ ਅਧਿਆਪਕਾਂ ਅਤੇ ਹਸਪਤਾਲ ਪ੍ਰਸ਼ਾਸਨ ਨੇ ਵਿਦਿਆਰਥੀਆਂ ਦੇ ਸ਼ਲਾਘਾਯੋਗ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਸਮਾਜ ਸੇਵਾ ਅਤੇ ਜਨਤਕ ਸਿਹਤ ਵਿਚ ਆਪਣਾ ਸਰਗਰਮ ਯੋਗਦਾਨ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਮਨਜੀਤ ਕੌਰ, ਪਰਮਜੀਤ ਕੌਰ, ਮੀਨੂੰ ਸ਼ਰਮਾ, ਗਗਨਦੀਪ ਕੌਰ ਅਤੇ ਪਰਮਿੰਦਰ ਕੌਰ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ਅਤੇ ਮੁਹਿੰਮ ਦੀ ਸਫਲਤਾ ਵਿਚ ਮਹੱਤਵਪੂਰਨ ਯੋਗਦਾਨ ਪਾਇਆ। ਵਿਦਿਆਰਥੀਆਂ ਦੀ ਅਗਵਾਈ ਕਲਾਸ ਇੰਚਾਰਜ ਰਮਨਦੀਪ ਕੌਰ ਨੇ ਕੀਤੀ।

# ਲਾਡਪੁਰ ਤੁਰਾਂ 'ਚ ਅੰਡਰ-19 ਕ੍ਰਿਕਟ ਟੂਰਨਾਮੈਂਟ ਕਰਵਾਇਆ



ਜ਼ਿਕਰ ਪੰਜਾਬ

**ਖੰਨਾ/ਮਨਜੀਤ ਸਿੰਘ ਧੀਮਾਨ**

ਇਥੋਂ ਦੇ ਨੇੜਲੇ ਪਿੰਡ ਲਾਡਪੁਰ ਤੁਰਾਂ ਵਿਖੇ ਸ਼ਹੀਦ ਭਾਈ ਮਨੀ ਸਿੰਘ ਸਪੋਰਟਸ ਕਲੱਬ ਵੱਲੋਂ ਅੰਡਰ-19 ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿਚ ਵੱਖ ਵੱਖ ਕ੍ਰਿਕਟ ਟੀਮਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਜਗਵੀਰ ਸਿੰਘ ਜੱਗਾ ਗੋਹ ਨੇ ਟੂਰਨਾਮੈਂਟ ਵਿਚ ਸ਼ਾਮਲ ਟੀਮਾਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਨੂੰ ਕ੍ਰਿਕਟ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਖੇਡਾਂ ਜਿੱਥੇ ਸਾਡੇ ਸਰੀਰ ਨੂੰ ਤੰਦਰੁਸਤ ਰੱਖਦੀਆਂ ਹਨ ਉੱਥੇ ਹੀ ਸਾਡਾ ਮਾਨਸਿਕ ਵਿਕਾਸ ਕਰਨ ਵਿਚ ਵੀ ਸਹਾਈ ਹੁੰਦੀਆਂ ਹਨ। ਇਸ ਟੂਰਨਾਮੈਂਟ ਵਿਚ ਪਿੰਡ ਸਲਾਣੀ ਦੀ ਟੀਮ ਨੇ ਪਹਿਲਾ ਅਤੇ ਬਦੀਨਪੁਰ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਪ੍ਰਬੰਧਕਾਂ ਨੇ ਜੇਤੂ ਟੀਮਾਂ ਅਤੇ ਵਧੀਆ ਖੇਡਣ ਵਾਲੇ ਖਿਡਾਰੀਆਂ ਨੂੰ 7100 ਰੁਪਏ ਅਤੇ 5100 ਰੁਪਏ ਨਗਦ ਰਾਸ਼ੀ ਤੇ ਟਰਾਫ਼ੀ ਨਾਲ ਸਨਮਾਨਿਤ ਕਰਦਿਆਂ ਭਵਿੱਖ ਵਿਚ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਅੰਤ ਵਿਚ ਰੋਹਿਤ ਭਲਵਾਨ ਨੇ ਇਲਾਕਾ ਨਿਵਾਸੀਆਂ ਅਤੇ ਸਹਿਯੋਗੀ ਸੱਜਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਐਡਵੋਕੇਟ ਸ਼ੇਰਾ ਭਲਵਾਨ, ਫਤਹਿ ਹਰਿਓ, ਦਵਿੰਦਰ ਸਿੰਘ, ਕਮਲ ਬਰਮਾਲੀਪੁਰ, ਨੱਟੀ ਹਰਿਓ, ਬੱਬੂ ਖੰਨਾ ਆਦਿ ਹਾਜ਼ਰ ਸਨ।

# ਸਬ-ਜੂਨੀਅਰ ਨੈਸ਼ਨਲ ਬੌਕਸਿੰਗ ਚੈਂਪੀਅਨਸ਼ਿਪ 'ਚ ਖੰਨਾ ਦੀ ਖੁਸ਼ਦੀਪ ਕੌਰ ਗਰੇਵਾਲ ਨੇ ਗੋਲਡ ਮੈਡਲ ਜਿੱਤ ਕੇ ਇਤਿਹਾਸ ਸਿਰਜਿਆ

ਜ਼ਿਕਰ ਪੰਜਾਬ

**ਖੰਨਾ/ਮਨਜੀਤ ਸਿੰਘ ਧੀਮਾਨ**

ਨੈਸ਼ਨਲ ਜੂਨੀਅਰ ਬੌਕਸਿੰਗ ਚੈਂਪੀਅਨਸ਼ਿਪ ਜੋ ਕਿ ਜਲੰਧਰ ਦੇ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਵਿਚ ਆਯੋਜਿਤ ਕੀਤਾ ਗਿਆ। ਜਿਸ ਵਿੱਚ ਪੰਜਾਬ ਤੇ ਬਾਹਰਲੇ ਰਾਜਾਂ ਵਿੱਚੋਂ 64 ਤੋਂ 67 ਕਿਲੋ ਵੇਟ ਦੀ ਕੈਟਾਗਰੀ ਚ, ਕਈ ਖਿਡਾਰੀਆਂ ਨੇ ਹਿੱਸਾ ਲਿਆ ਗਿਆ, ਜਿਸ ਵਿੱਚ ਖੰਨਾ ਸ਼ਹਿਰ ਦੀ ਹੋਣਹਾਰ ਬੋਕਸਿੰਗ ਵੈਲਫੇਅਰ ਸੈਂਟਰ ਵਲੋਂ ਬੇਟੀ ਖੁਸ਼ਦੀਪ ਕੌਰ ਗਰੇਵਾਲ ਨੇ ਸਬ ਜੂਨੀਅਰ ਬਾਕਸਿੰਗ ਚੈਂਪੀਅਨਸ਼ਿਪ ਵਿੱਚੋਂ ਗੋਲਡ ਮੈਡਲ ਜਿੱਤ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਜੋ ਕਿ ਖੰਨਾ ਸ਼ਹਿਰ ਲਈ ਬਹੁਤ ਹੀ ਮਾਣਮੱਤੀ ਗੱਲ ਹੈ। ਇਹ ਜਾਣਕਾਰੀ ਦਿੰਦਿਆਂ ਖੁਸ਼ਦੀਪ ਕੌਰ ਗਰੇਵਾਲ ਦੇ ਕੋਚ ਅਜੀਤ ਬਖਸ਼ੀ ਨੇ ਕਿਹਾ ਕਿ ਇਸ ਲੜਕੀ ਨੇ ਦਿਨ ਰਾਤ ਪੂਰੀ ਲਗਨ ਨਾਲ ਦਿਨ ਰਾਤ ਮਿਹਨਤ ਕਰਕੇ ਪੂਰੀ ਪ੍ਰੈਕਟਿਸ ਕੀਤੀ ਗਈ ਜਿਸ ਦੀ ਸਖਤ ਮਿਹਨਤ ਸਦਕਾ ਅੱਜ ਉਸ ਨੂੰ ਇਹ ਗੋਲਡ ਮੈਡਲ ਪ੍ਰਾਪਤ ਕੀਤਾ ਹੋਇਆ । ਇਸ ਮੌਕੇ ਕੋਚ ਅਜੀਤ ਬਾਕਸੀ ਦੱਸਿਆ ਕਿ ਇਹ ਗੋਲਡ ਮੈਡਲ 30 ਸਾਲਾਂ ਬਾਅਦ ਖੰਨਾ ਬੋਕਸਿੰਗ ਵੈਲਫੇਅਰ ਸੈਂਟਰ ਨੇ ਪ੍ਰਾਪਤ ਕੀਤਾ। ਜੋ ਕਿ ਆਪਣੇ ਸ਼ਹਿਰ ਲਈ ਬਹੁਤ ਮਾਣ ਵਾਲੀ ਗੱਲ ਹੈ। ਖੁਸ਼ਦੀਪ ਕੌਰ ਗਰੇਵਾਲ ਨੇ ਇਸ



ਗੋਲਡ ਮੈਡਲ ਦੀ ਪ੍ਰਾਪਤੀ ਲਈ ਆਪਣੇ ਕੋਚ ਅਜੀਤ ਬਖਸ਼ੀ ਤੇ ਆਪਣੇ ਪਿਤਾ ਸੰਦੀਪ ਸਿੰਘ ਗਰੇਵਾਲ,ਮਾਤਾ ਹਰਪ੍ਰੀਤ ਕੌਰ ਗਰੇਵਾਲ ਦਾ ਵਿਸ਼ੇਸ਼ ਧੰਨਵਾਦ ਕੀਤਾ। ਜਿਨਾਂ ਦੇ ਯਤਨਾਂ ਸਦਕਾ ਖੁਸ਼ਦੀਪ ਕੌਰ ਨੂੰ ਇਹ ਮੈਡਲ ਪ੍ਰਾਪਤ ਹੋਇਆ। ਇਸ ਮੌਕੇ ਖੁਸ਼ਦੀਪ ਕੌਰ ਗਰੇਵਾਲ ਨੇ ਕਿਹਾ ਕਿ ਅੱਜ ਦੀਆਂ ਧੀਆਂ ਕਿਸੇ ਵੀ ਕੰਮ ਤੋਂ ਪਿੱਛੇ ਨਹੀਂ ਹਟਦੀਆਂ ਆਪਣਾ ਮੁਕਾਮ ਹਾਸਿਲ ਕਰਨ ਲਈ ਉੱਚੀਆਂ ਬੁਲੰਦੀਆਂ ਛੂ ਰਹੀਆਂ ਹਨ। ਉਸ ਨੇ ਕਿਹਾ ਕਿ ਆਪਣੇ ਦੇਸ਼ ਦੀ ਧੀ ਪੀਟੀ ਊਸ਼ਾ ਨੇ ਵੱਧ ਚੜ ਕੇ ਹਿੱਸਾ ਲਿਆ ਅਤੇ ਕਈ ਮੈਡਲ ਪ੍ਰਾਪਤ ਕਰਕੇ ਆਪਣੇ ਦੇਸ਼ ਦਾ ਨਾਮ ਰੌਸ਼ਨ ਕੀਤਾ ਜੋ ਇੱਕ ਮਿਸ਼ਾਲ ਹੈ • ਉਸ ਨੇ ਹੋਰਨਾ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀਆਂ ਲੜਕੀਆਂ ਨੂੰ ਵੀ ਗੇਮਾਂ ਵੱਲ ਰੂਚੀ ਵਧਾਉਣ ਦੀ ਲੋੜ ਹੈ। ਇਸ ਮੌਕੇ ਖੁਸ਼ਦੀਪ ਕੌਰ ਨੇ ਕਿਹਾ ਕਿ ਉਹ ਭਵਿੱਖ ਵਿੱਚ ਇਸੇ ਤਰ੍ਹਾਂ ਸਖਤ ਮਿਹਨਤ ਤੇ ਲਗਨ ਨਾਲ ਆਪਣੇ ਦੇਸ਼ ਕੌਮ ਦੀ ਸੇਵਾ ਅਤੇ ਬੋਕਸਿੰਗ ਦੀ ਗੇਮ ਵਿੱਚ ਵੱਧ ਚੜ੍ਹ ਕੇ ਹਿੱਸਾ ਲਵੇਗੀ ਖੁਸਦੀਪ ਕੌਰ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਉਹ ਉੱਚੀਆਂ ਬੁਲੰਦੀਆਂ ਨੂੰ ਛੂਹੇਗੀ ਅਤੇ ਹੋਰ ਮੈਡਲ ਪ੍ਰਾਪਤ ਕਰੇਗੀ।

# ਕਬੂਤਰਬਾਜ਼ੀ ਮੁਕਾਬਲੇ ਕਰਵਾਏ



ਜ਼ਿਕਰ ਪੰਜਾਬ

**ਖੰਨਾ/ਧੀਮਾਨ**

ਨੇੜਲੇ ਪਿੰਡ ਹਰਿਓ ਕਲਾਂ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਬੂਤਰਬਾਜ਼ੀ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿਚ ਕਬੂਤਰਾਂ ਦੇ ਸ਼ੌਕੀਨ ਨੌਜਵਾਨਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਜਗਵੀਰ ਸਿੰਘ ਜੱਗਾ ਗੋਹ ਅਤੇ ਸਰਪੰਚ ਸਨੀ ਹਰਿਓ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਹੋਰ ਵੱਖ ਵੱਖ ਗਤੀਵਿਧੀਆਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਨ੍ਹਾਂ ਮੁਕਾਬਲਿਆਂ ਵਿਚ ਫੌਜੀ ਸਲੌਦੀ ਨੇ ਪਹਿਲਾ, ਸਤਨਾਮ ਗਗੜਾ ਨੇ ਦੂਜਾ ਅਤੇ ਕਾਕਾ ਬੁੱਢੇਵਾਲਾ ਨੇ ਤੀਜਾ ਇਨਾਮ ਹਾਸਲ ਕੀਤਾ। ਪ੍ਰਬੰਧਕਾਂ ਨੇ ਜੇਤੂ ਕਬੂਤਰਾਂ ਦੇ ਮਾਲਕਾਂ ਨੂੰ ਇਨਾਮਾਂ ਦੀ ਵੰਡ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਸਮਾਜ ਨੂੰ ਸਹੀ ਸੇਧ ਦੇਣ ਲਈ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ ਲਾਡੀ ਹਰਿਓ, ਬੇਅੰਤ ਸਿੰਘ, ਰਾਜੂ ਗੋਹ, ਸੁੱਖਾ ਉੱਚਾ ਪਿੰਡ ਆਦਿ ਹਾਜ਼ਰ ਸਨ।

# ਐਸਐਮਓ ਡਾ. ਮਨਿੰਦਰ ਸਿੰਘ ਭਸੀਨ ਨੂੰ ਸਟੇਟ ਅਵਾਰਡ ਨਾਲ ਸਨਮਾਨਿਤ ਕੀਤਾ

ਜ਼ਿਕਰ ਪੰਜਾਬ

**ਖੰਨਾ/ਮਨਜੀਤ ਸਿੰਘ ਧੀਮਾਨ**

ਪੰਜਾਬ ਦੇ ਸਰਕਾਰੀ ਸਿਹਤ ਖੇਤਰ ਲਈ ਮਾਣ ਵਾਲੀ ਗੱਲ ਹੈ ਕਿ ਖੰਨਾ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਮਨਿੰਦਰ ਸਿੰਘ ਭਸੀਨ ਨੂੰ ਉਨ੍ਹਾਂ ਦੀਆਂ ਬੇਮਿਸਾਲ ਸਿਹਤ ਸੇਵਾਵਾਂ, ਸ਼ਾਨਦਾਰ ਪ੍ਰਸ਼ਾਸਨਿਕ ਯੋਗਤਾ ਅਤੇ ਮਰੀਜ਼ਾਂ ਪ੍ਰਤੀ ਸਮਰਪਿਤ ਕਾਰਜਸ਼ੈਲੀ ਲਈ ਪੰਜਾਬ ਸਰਕਾਰ ਵੱਲੋਂ ਸਟੇਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਸਨਮਾਨ ਚੰਡੀਗੜ੍ਹ ਵਿਖੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਡਾਕਟਰ ਦਿਵਸ ਨੂੰ ਸਮਰਪਿਤ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਦਿੱਤਾ ਗਿਆ। ਪੰਜਾਬ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਡਾ. ਮਨਿੰਦਰ ਭਸੀਨ ਨੂੰ ਸਟੇਟ ਅਵਾਰਡ ਅਤੇ ਪ੍ਰਸ਼ੰਸਾ ਪੱਤਰ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਸਿਹਤ ਵਿਭਾਗ ਦੇ ਪ੍ਰਮੁੱਖ ਸਕੱਤਰ ਕੁਮਾਰ ਰਾਹੁਲ (ਆਈਏਐਸ), ਸਿਹਤ ਵਿਭਾਗ ਡਾਇਰੈਕਟਰ ਡਾ. ਹਤਿੰਦਰ ਕੌਰ ਅਤੇ ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਜ਼ਿਕਰਯੋਗ ਹੈ ਕਿ ਪਿਛਲੇ ਕਰੀਬ ਚਾਰ ਸਾਲਾਂ ਤੋਂ ਖੰਨਾ ਸਿਵਲ ਹਸਪਤਾਲ ਵਿੱਚ ਐਸਐਮਓ ਵਜੋਂ ਸੇਵਾਵਾਂ ਨਿਭਾ ਰਹੇ ਡਾ. ਮਨਿੰਦਰ ਸਿੰਘ ਭਸੀਨ ਨੇ ਆਪਣੇ ਕੁਸ਼ਲ ਪ੍ਰਬੰਧਨ ਅਤੇ ਦੂਰਅੰਦੇਸ਼ੀ ਨਾਲ ਹਸਪਤਾਲ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਾਇਆ ਹੈ। ਉਨ੍ਹਾਂ ਦੀ ਅਗਵਾਈ ਹੇਠ ਹਸਪਤਾਲ ਨੇ ਨਾ ਸਿਰਫ਼ ਇਲਾਜ ਦੀਆਂ



ਸਹੂਲਤਾਂ ਵਿੱਚ ਵੱਡਾ ਸੁਧਾਰ ਕੀਤਾ, ਸਗੋਂ ਮਰੀਜ਼ਾਂ ਦਾ ਭਰੋਸਾ ਵੀ ਜਿੱਤਿਆ। ਅੱਜ ਖੰਨਾ ਦਾ ਸਰਕਾਰੀ ਹਸਪਤਾਲ ਪੰਜਾਬ ਦੇ ਬਿਹਤਰੀਨ ਸਰਕਾਰੀ ਹਸਪਤਾਲਾਂ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾ ਚੁੱਕਾ ਹੈ। ਐਸਐਮਓ ਦੀਆਂ ਪ੍ਰਸ਼ਾਸਨਿਕ ਜ਼ਿੰਮੇਵਾਰੀਆਂ ਦੇ ਬਾਵਜੂਦ ਡਾ. ਮਨਿੰਦਰ ਸਿੰਘ ਭਸੀਨ ਨੇ ਬਤੌਰ ਸਰਜਨ ਆਪਣੀਆਂ ਸੇਵਾਵਾਂ ਨਿਰੰਤਰ ਜਾਰੀ ਰੱਖੀਆਂ। ਉਨ੍ਹਾਂ ਨੇ ਖੰਨਾ ਸਿਵਲ ਹਸਪਤਾਲ ਵਿੱਚ ਸੈਂਕੜਿਆਂ ਮਰੀਜ਼ਾਂ ਦੇ ਸਫਲ ਆਪਰੇਸ਼ਨ ਕਰਕੇ ਉਨ੍ਹਾਂ ਨੂੰ ਮੁਫ਼ਤ ਇਲਾਜ ਮੁਹੱਈਆ ਕਰਵਾਇਆ। ਪਿੱਤੇ ਦੀ ਪੱਥਰੀ ਦੇ 300 ਤੋਂ ਵੱਧ ਦੂਰਬੀਨ ਨਾਲ ਆਪਰੇਸ਼ਨ ਕਰਕੇ ਮਰੀਜ਼ਾਂ ਨੂੰ ਕਰੋੜਾਂ ਰੁਪਏ ਦਾ ਇਲਾਜ ਸਰਕਾਰੀ ਹਸਪਤਾਲ ਖੰਨਾ ਵਿਖੇ ਮੁਫ਼ਤ ਮਹੱਈਆ ਕਰਾਇਆ ਗਿਆ। ਡਾ. ਭਸੀਨ ਦੀ ਅਗਵਾਈ ਹੇਠ ਮਿਸ਼ਨ ਅੰਮ੍ਰਿਤ ਤਹਿਤ ਚੱਲ ਰਹੇ ਸਟੈਮੀ ਪ੍ਰੋਜੈਕਟ ਨੇ ਵੀ ਸ਼ਾਨਦਾਰ ਸਫਲਤਾ ਹਾਸਲ ਕੀਤੀ। ਪਿਛਲੇ ਤਿੰਨ ਸਾਲਾਂ ਦੌਰਾਨ 100 ਤੋਂ ਵੱਧ ਦਿਲ ਦੇ ਮਰੀਜ਼ਾਂ ਨੂੰ ਸਮੇਂ ਸਿਰ ਕਰੀਬ 50 ਹਜ਼ਾਰ ਰੁਪਏ ਕੀਮਤ ਦਾ ਜੀਵਨ ਰੱਖਿਅਕ ਟੀਕਾ ਲਗਾ ਕੇ ਉਨ੍ਹਾਂ ਦੀ ਜਾਨ ਬਚਾਈ ਗਈ। ਇਸ ਪ੍ਰੋਜੈਕਟ ਵਿੱਚ ਖੰਨਾ ਸਿਵਲ ਹਸਪਤਾਲ ਨੇ ਪੂਰੇ ਪੰਜਾਬ ਵਿੱਚ ਪਹਿਲਾ ਸਥਾਨ ਹਾਸਲ ਕੀਤਾ, ਜੋ ਆਪਣੇ ਆਪ ਵਿੱਚ ਇੱਕ ਵੱਡੀ ਪ੍ਰਾਪਤੀ ਹੈ। ਸਿਹਤ ਸੇਵਾਵਾਂ ਦੀ ਗੁਣਵੱਤਾ, ਸਫ਼ਾਈ ਅਤੇ ਪ੍ਰਬੰਧਨ ਦੇ ਮਾਪਦੰਡਾਂ ਵਿੱਚ ਵੀ ਖੰਨਾ ਸਿਵਲ ਹਸਪਤਾਲ ਨੇ ਵਿਸ਼ੇਸ਼ ਸਥਾਨ ਬਣਾਇਆ। ਕਾਇਆਕਲਪ ਮੁਹਿੰਮ ਤਹਿਤ ਹਸਪਤਾਲ ਨੇ ਪੂਰੇ ਪੰਜਾਬ ਵਿੱਚ 13ਵਾਂ ਸਥਾਨ ਹਾਸਲ ਕੀਤਾ। ਇਸਤੋਂ ਇਲਾਵਾ ਕਈ ਸਿਹਤ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਲਾਗੂ ਕਰਨ ਅਤੇ ਲੋਕ-ਪੱਖੀ ਸੇਵਾਵਾਂ ਕਾਰਨ ਹਸਪਤਾਲ ਨੇ ਲਗਾਤਾਰ ਪ੍ਰਸ਼ੰਸਾ ਹਾਸਲ ਕੀਤੀ ਹੈ। ਅੱਜ ਚੰਡੀਗੜ੍ਹ ਵਿਖੇ ਜਦੋਂ ਸਮਾਗਮ ਦੌਰਾਨ ਮੰਚ ਤੋਂ ਡਾ. ਮਨਿੰਦਰ ਸਿੰਘ ਭਸੀਨ ਦੀਆਂ ਇੱਕ ਤੋਂ ਬਾਅਦ ਇੱਕ ਉਪਲਬਧੀਆਂ ਦਾ ਜ਼ਿਕਰ ਕੀਤਾ ਗਿਆ ਤਾਂ ਪੂਰਾ ਹਾਲ ਤਾੜੀਆਂ ਨਾਲ ਗੂੰਜ ਉੱਠਿਆ। ਸਿਹਤ ਮੰਤਰੀ ਡਾ. ਬਲਵੀਰ ਸਿੰਘ ਅਤੇ ਸਿਹਤ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਡਾ. ਮਨਿੰਦਰ ਭਸੀਨ ਦੀ ਸਮਰਪਿਤ ਕਾਰਜਸ਼ੈਲੀ, ਮਰੀਜ਼ਾਂ ਪ੍ਰਤੀ ਸੰਵੇਦਨਸ਼ੀਲ ਰਵੱਈਏ ਅਤੇ ਉੱਚ ਪੱਧਰੀ ਪ੍ਰਬੰਧਨ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਦੱਸ ਦਈਏ ਕਿ ਡਾ. ਮਨਿੰਦਰ ਸਿੰਘ ਭਸੀਨ ਨੂੰ ਇਸ ਤੋਂ ਪਹਿਲਾਂ ਵੀ ਸਬ-ਡਵੀਜ਼ਨ, ਜ਼ਿਲ੍ਹਾ ਅਤੇ ਸੂਬਾ ਪੱਧਰ 'ਤੇ ਕਈ ਵਾਰ ਸਨਮਾਨਿਤ ਕੀਤਾ ਜਾ ਚੁੱਕਾ ਹੈ। ਸਾਲ 2016 ਵਿੱਚ ਆਈਐਮਏ ਪੰਜਾਬ ਦੀ ਨੈਸ਼ਨਲ ਕਾਨਫਰੰਸ ਦੌਰਾਨ ਉਨ੍ਹਾਂ ਨੂੰ 'ਡਾਕਟਰ ਆਫ ਦਿ ਈਅਰ' ਅਵਾਰਡ ਨਾਲ ਵੀ ਨਿਵਾਜਿਆ ਗਿਆ ਸੀ। ਹੁਣ ਸਟੇਟ ਅਵਾਰਡ ਨਾਲ ਸਨਮਾਨਿਤ ਹੋਣਾ ਉਨ੍ਹਾਂ ਦੇ ਸੇਵਾਮਈ ਜੀਵਨ ਵਿੱਚ ਇੱਕ ਹੋਰ ਸੁਨਹਿਰੀ ਪ੍ਰਾਪਤੀ ਵਜੋਂ ਸ਼ਾਮਲ ਹੋ ਗਿਆ ਹੈ। ਡਾ. ਮਨਿੰਦਰ ਸਿੰਘ ਭਸੀਨ ਦਾ ਇਹ ਸਨਮਾਨ ਨਾ ਸਿਰਫ਼ ਉਨ੍ਹਾਂ ਦੀ ਨਿੱਜੀ ਉਪਲਬਧੀ ਹੈ, ਸਗੋਂ ਖੰਨਾ ਸਿਵਲ ਹਸਪਤਾਲ, ਸਮੂਹ ਸਿਹਤ ਵਿਭਾਗ ਅਤੇ ਖੰਨਾ ਸ਼ਹਿਰ ਲਈ ਵੀ ਮਾਣ ਵਾਲਾ ਪਲ ਹੈ।

# ਗੁਰਦੁਆਰਾ ਬਾਬਾ ਨਿਰਗੁਣ ਦਾਸ ਸਾਹਿਬ ਵਿਖੇ ਅੱਜ ਲੱਗੇਗਾ ਖੂਨਦਾਨ ਕੈਂਪ : ਡਾ. ਕਰਨਪ੍ਰੀਤ ਕੌਰ

ਜ਼ਿਕਰ ਪੰਜਾਬ

**ਖੰਨਾ/ਮਨਜੀਤ ਸਿੰਘ ਧੀਮਾਨ**

ਮਹਾਕਾਲ ਬਲੱਡ ਸੇਵਾ ਸੰਸਥਾ ਵੱਲੋਂ ਗੁਰਦੁਆਰਾ ਬਾਬਾ ਨਿਰਗੁਣ ਦਾਸ ਸਾਹਿਬ, ਖੰਨਾ ਖੁਰਦ ਵਿਖੇ ਅੱਜ ਸਵੈ-ਇੱਛੁਕ ਖੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦੌਰਾਨ ਸਰਕਾਰੀ ਹਸਪਤਾਲ ਖੰਨਾ ਦੀ ਬਲੱਡ ਬੈਂਕ ਟੀਮ ਵੱਲੋਂ ਖੂਨ ਇਕੱਠਾ ਕੀਤਾ ਜਾਵੇਗਾ। ਸਰਕਾਰੀ ਹਸਪਤਾਲ ਖੰਨਾ ਦੀ ਬਲੱਡ ਬੈਂਕ ਇੰਚਾਰਜ ਡਾ. ਕਰਨਪ੍ਰੀਤ ਕੌਰ ਨੇ ਦੱਸਿਆ ਕਿ ਖੂਨਦਾਨ ਸਭ ਤੋਂ ਮਹਾਨ ਦਾਨ ਹੈ, ਜਿਸ ਨਾਲ ਕਿਸੇ ਲੋੜਵੰਦ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਸੜਕ ਹਾਦਸਿਆਂ, ਜਣੇਪੇ, ਵੱਡੇ ਆਪਰੇਸ਼ਨਾਂ, ਥੈਲੇਸੀਮੀਆ, ਕੈਂਸਰ ਅਤੇ ਹੋਰ ਗੰਭੀਰ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਨੂੰ ਸਮੇਂ-ਸਮੇਂ 'ਤੇ ਖੂਨ ਦੀ ਲੋੜ ਪੈਂਦੀ ਹੈ। ਅਜਿਹੇ ਸਮੇਂ ਜੇਕਰ ਬਲੱਡ ਬੈਂਕ ਵਿੱਚ ਲੋੜੀਂਦਾ ਖੂਨ ਉਪਲਬਧ ਹੋਵੇ ਤਾਂ ਕਈ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਮਿਲ ਸਕਦੀ ਹੈ। ਡਾ. ਕਰਨਪ੍ਰੀਤ ਕੌਰ ਨੇ ਕਿਹਾ ਕਿ ਇੱਕ ਤੰਦਰੁਸਤ ਵਿਅਕਤੀ ਹਰ ਤਿੰਨ ਮਹੀਨਿਆਂ ਬਾਅਦ ਪੂਰੀ ਤਰ੍ਹਾਂ ਸੁਰੱਖਿਅਤ ਢੰਗ ਨਾਲ ਖੂਨਦਾਨ ਕਰ ਸਕਦਾ ਹੈ। ਖੂਨਦਾਨ ਕਰਨ ਨਾਲ



ਸਰੀਰ 'ਤੇ ਕੋਈ ਮਾੜਾ ਪ੍ਰਭਾਵ ਨਹੀਂ ਪੈਂਦਾ, ਸਗੋਂ ਸਰੀਰ ਵਿੱਚ ਨਵਾਂ ਖੂਨ ਬਣਨ ਦੀ ਪ੍ਰਕਿਰਿਆ ਹੋਰ ਤੇਜ਼ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਖੂਨਦਾਨ ਸਬੰਧੀ ਸਮਾਜ ਵਿੱਚ ਫੈਲੀਆਂ ਭਰਮ-ਧਾਰਨਾਵਾਂ ਤੋਂ ਦੂਰ ਰਹਿਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਪੁੰਨ ਦੇ ਕਾਰਜ ਵਿੱਚ ਹਿੱਸਾ ਲੈਣਾ ਚਾਹੀਦਾ ਹੈ। ਉਨ੍ਹਾਂ ਇਲਾਕੇ ਦੇ ਨੌਜਵਾਨਾਂ, ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਜਥੇਬੰਦੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ 6 ਜੁਲਾਈ ਨੂੰ ਗੁਰਦੁਆਰਾ ਬਾਬਾ ਨਿਰਗੁਣ ਦਾਸ ਸਾਹਿਬ, ਖੰਨਾ ਖੁਰਦ ਵਿਖੇ ਪਹੁੰਚ ਕੇ ਸਵੈ-ਇੱਛਾ ਨਾਲ ਖੂਨਦਾਨ ਕਰਨ। ਉਨ੍ਹਾਂ ਕਿਹਾ ਕਿ ਤੁਹਾਡੇ ਵੱਲੋਂ ਦਿੱਤਾ ਗਿਆ ਇੱਕ ਯੂਨਿਟ ਖੂਨ ਕਿਸੇ ਵਿਅਕਤੀ ਲਈ ਨਵੀਂ ਜ਼ਿੰਦਗੀ ਦੀ ਉਮੀਦ ਬਣ ਸਕਦਾ ਹੈ। ਖੂਨ ਦਾ ਕੋਈ ਬਣਾਵਟੀ ਬਦਲ ਨਹੀਂ ਹੈ, ਇਸ ਲਈ ਲੋੜ ਪੈਣ 'ਤੇ ਸਿਰਫ਼ ਮਨੁੱਖ ਵੱਲੋਂ ਦਿੱਤਾ ਗਿਆ ਖੂਨ ਹੀ ਕਿਸੇ ਮਰੀਜ਼ ਦੀ ਜਾਨ ਬਚਾ ਸਕਦਾ ਹੈ।ਡਾ. ਕਰਨਪ੍ਰੀਤ ਕੌਰ ਨੇ ਵਿਸ਼ਵਾਸ ਪ੍ਰਗਟਾਇਆ ਕਿ ਖੰਨਾ ਇਲਾਕੇ ਦੇ ਲੋਕ ਹਮੇਸ਼ਾ ਦੀ ਤਰ੍ਹਾਂ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਖੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਦੇ ਇਸ ਅਭਿਆਨ ਨੂੰ ਸਫ਼ਲ ਬਣਾਉਣਗੇ। ਉਨ੍ਹਾਂ ਕਿਹਾ ਕਿ ਖੂਨਦਾਨ ਸਿਰਫ਼ ਸਮਾਜਿਕ ਜ਼ਿੰਮੇਵਾਰੀ ਹੀ ਨਹੀਂ, ਸਗੋਂ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਵੀ ਹੈ।

# ਪੰਜਾਬ ਭਾਜਪਾ ਪ੍ਰਧਾਨ ਢਿੱਲੋਂ ਡੇਰਾ ਸੱਚਖੰਡ ਬੱਲਾਂ ਵਿਖੇ ਹੋਏ ਨਤਮਸਤਕ



ਜ਼ਿਕਰ ਪੰਜਾਬ

**ਜਲੰਧਰ** : ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਏ ਅਤੇ ਪਦਮ ਸ਼੍ਰੀ ਸੰਤ ਨਿਰੰਜਨ ਦਾਸ ਜੀ ਤੋਂ ਆਸ਼ੀਰਵਾਦ ਲਿਆ। ਇਸ ਮੌਕੇ ਉਨ੍ਹਾਂ ਪਦਮ ਸ਼੍ਰੀ ਸੰਤ ਨਿਰੰਜਨ ਦਾਸ ਜੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਉਨ੍ਹਾਂ ਨੂੰ ਪਦਮ ਸ਼੍ਰੀ ਪੁਰਸਕਾਰ ਮਿਲਣ ਦੀ ਵਧਾਈ ਦਿੱਤੀ ਅਤੇ ਸੰਤ ਜੀ ਤੋਂ ਚੜ੍ਹਦੀ ਕਲਾ ਦਾ ਆਸ਼ੀਰਵਾਦ ਲਿਆ। ਉਨ੍ਹਾਂ ਇਸ ਦੌਰਾਨ 108 ਸੰਤ ਸ੍ਰੀ ਸਰਵਣ ਦਾਸ ਜੀ ਦੀ ਪ੍ਰਤਿਮਾ ਅੱਗੇ ਵੀ ਮੱਥਾ ਟੇਕਿਆ। ਇਸ ਉਪਰੰਤ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਣ ਦਾ ਉਨ੍ਹਾਂ ਨੂੰ ਸੁਭਾਗ ਪ੍ਰਾਪਤ ਹੋਇਆ ਹੈ। ਸੰਤ ਜੀ ਦੇ ਆਸ਼ੀਰਵਾਦ ਨਾਲ ਭਾਜਪਾ 2027 ਦੀਆਂ ਚੋਣਾਂ ਵਿੱਚ ਪੰਜਾਬ ਵਿੱਚ ਸਰਕਾਰ ਬਣਾਏਗੀ। ਉਨ੍ਹਾਂ ਕਿਹਾ ਕਿ ਗਰੀਬ ਅਤੇ ਦਲਿਤ ਵਰਗ ਦੀ ਸੇਵਾ ਭਾਜਪਾ ਦੀ ਵਿਚਾਰਧਾਰਾ ਦਾ ਮੂਲ ਆਧਾਰ ਹੈ। ਇਸ ਇਲਾਕੇ ਵਿੱਚ ਗਰੀਬ ਅਤੇ ਦਲਿਤ ਵਰਗ ਦੀ ਭਲਾਈ ਲਈ ਇਸ ਪਵਿੱਤਰ ਜਗ੍ਹਾ ਤੋਂ ਜੋ ਵੀ ਆਦੇਸ਼ ਮਿਲੇਗਾ, ਉਹ ਉਸ ਨੂੰ ਪੂਰਾ ਕਰਨਗੇ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਆਗੂ ਅਵਿਨਾਸ਼ ਚੰਦਰ ਕਲੇਰ, ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼, ਸਾਬਕਾ ਪੰਜਾਬ ਪ੍ਰਧਾਨ ਵਿਜੈ ਸਾਂਪਲਾ, ਐਸ. ਆਰ. ਲੱਧਰ, ਰਾਜੇਸ਼ ਬਾਘਾ, ਸੁਸ਼ੀਲ ਰਿੰਕੂ, ਸ਼ੀਤਲ ਅੰਗੂਰਾਲ, ਇੰਦਰ ਇਕਬਾਲ ਅਟਵਾਲ ਅਤੇ ਹੋਰ ਆਗੂ ਵੀ ਹਾਜ਼ਰ ਸਨ।

# ਕੀ ਨਗਰ ਕੌਂਸਲ ਦੀ ਪ੍ਰਧਾਨਗੀ ਦੀ ਦੌੜ ਨੇ ਕਈਆਂ ਦੇ ਸੁਪਨੇ ਕੀਤੇ ਚਕਨਾਚੂਰ?



ਜ਼ਿਕਰ ਪੰਜਾਬ

**ਖੰਨਾ/ਮਨਜੀਤ ਸਿੰਘ ਧੀਮਾਨ**

ਨਗਰ ਕੌਂਸਲ ਖੰਨਾ ਦੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਅਤੇ ਮੀਤ ਪ੍ਰਧਾਨ ਦੀ ਚੋਣ ਮੁਕੰਮਲ ਹੋਣ ਤੋਂ ਬਾਅਦ ਜਿੱਥੇ ਜੇਤੂ ਧਿਰ ਵਿੱਚ ਖੁਸ਼ੀ ਦੀ ਲਹਿਰ ਹੈ, ਉੱਥੇ ਹੀ ਪ੍ਰਧਾਨਗੀ ਦੀ ਆਸ ਲਗਾਈ ਬੈਠੇ ਕਈ ਆਗੂਆਂ ਅਤੇ ਉਨ੍ਹਾਂ ਦੇ ਸਮਰਥਕਾਂ ਦੇ ਸੁਪਨੇ ਟੁੱਟਦੇ ਵੀ ਨਜ਼ਰ ਆਏ। ਚੋਣ ਤੋਂ ਪਹਿਲਾਂ ਕਈ ਦਿਨਾਂ ਤੱਕ ਚੱਲੀਆਂ ਮੀਟਿੰਗਾਂ, ਲਾਬਿੰਗ, ਦਾਅਵਿਆਂ ਅਤੇ ਸਿਆਸੀ ਸਮੀਕਰਨਾਂ ਨੇ ਸ਼ਹਿਰ ਦੀ ਸਿਆਸਤ ਨੂੰ ਪੂਰੀ ਤਰ੍ਹਾਂ ਗਰਮਾਇਆ ਰੱਖਿਆ। ਸੂਤਰਾਂ ਅਨੁਸਾਰ ਕਈ ਅਜਿਹੇ ਆਗੂ ਵੀ ਸਨ ਜਿਨ੍ਹਾਂ ਨੂੰ ਪੂਰਾ ਭਰੋਸਾ ਸੀ ਕਿ ਪ੍ਰਧਾਨਗੀ ਦੀ ਕੁਰਸੀ ਉਨ੍ਹਾਂ ਦੇ ਹਿੱਸੇ ਆਵੇਗੀ, ਪਰ ਆਖ਼ਰੀ ਸਮੇਂ ਹੋਏ ਫ਼ੈਸਲਿਆਂ ਨੇ ਸਾਰਾ ਸਿਆਸੀ ਗਣਿਤ ਬਦਲ ਕੇ ਰੱਖ ਦਿੱਤਾ। ਨਤੀਜੇ ਐਲਾਨੇ ਜਾਣ ਮਗਰੋਂ ਜੇਤੂ ਧਿਰ ਦੇ ਸਮਰਥਕਾਂ ਨੇ ਇੱਕ-ਦੂਜੇ ਨੂੰ ਵਧਾਈਆਂ

**ਜਤਿੰਦਰ ਪਾਠਕ ਪ੍ਰਧਾਨ, ਹਰੀ ਗੁਪਤਾ ਸੀਨੀਅਰ ਉਪ ਪ੍ਰਧਾਨ, ਤੇ ਕਰਮਜੀਤ ਸਿੰਘ ਸਿਫਤੀ ਮੀਤ ਪ੍ਰਧਾਨ ਬਣੇ**

ਦਿੱਤੀਆਂ ਅਤੇ ਜਸ਼ਨ ਮਨਾਇਆ, ਜਦਕਿ ਦੂਜੇ ਪਾਸੇ ਕਈ ਚਿਹਰਿਆਂ 'ਤੇ ਨਿਰਾਸ਼ਾ ਸਾਫ਼ ਦਿਖਾਈ ਦਿੱਤੀ। ਹਾਲਾਂਕਿ ਕਿਸੇ ਵੀ ਆਗੂ ਨੇ ਖੁੱਲ੍ਹ ਕੇ ਨਾਰਾਜ਼ਗੀ ਜ਼ਾਹਿਰ ਨਹੀਂ ਕੀਤੀ, ਪਰ ਅੰਦਰੂਨੀ ਤੌਰ 'ਤੇ ਅਸੰਤੁਸ਼ਟੀ ਦੀਆਂ ਚਰਚਾਵਾਂ ਜ਼ੋਰਾਂ 'ਤੇ ਹਨ। ਰਾਜਨੀਤਿਕ ਹਲਕਿਆਂ ਵਿੱਚ ਇਹ ਵੀ ਚਰਚਾ ਹੈ ਕਿ ਪ੍ਰਧਾਨਗੀ ਦੀ ਦੌੜ ਨੇ ਕਈ ਪੁਰਾਣੇ ਸਮੀਕਰਨ ਬਦਲੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਦੇ ਅਸਰ ਸਥਾਨਕ ਸਿਆਸਤ 'ਤੇ ਦੇਖਣ ਨੂੰ ਮਿਲ ਸਕਦੇ ਹਨ। ਕੁਝ ਆਗੂਆਂ ਲਈ ਇਹ ਨਤੀਜੇ ਭਵਿੱਖ ਦੀ ਸਿਆਸੀ ਰਣਨੀਤੀ ਵਿੱਚ ਬਦਲਾਅ ਦਾ ਕਾਰਨ ਵੀ ਬਣ ਸਕਦੇ ਹਨ। ਫਿਲਹਾਲ ਸ਼ਹਿਰ ਵਾਸੀਆਂ ਦੀ ਨਜ਼ਰ ਨਵੀਂ ਚੁਣੀ ਗਈ ਟੀਮ 'ਤੇ ਹੈ। ਲੋਕਾਂ ਦੀ ਉਮੀਦ ਹੈ ਕਿ ਸਿਆਸੀ ਖਿੱਚੋਤਾਣ ਨੂੰ ਪਿੱਛੇ ਛੱਡਦੇ ਹੋਏ ਨਵਾਂ ਨੇਤ੍ਰਿਤਵ ਸ਼ਹਿਰ ਦੇ ਵਿਕਾਸ, ਸਫ਼ਾਈ, ਬੁਨਿਆਦੀ ਸਹੂਲਤਾਂ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਪਹਿਲ ਦੇਵੇਗਾ। ਆਉਣ ਵਾਲੇ ਦਿਨਾਂ ਵਿੱਚ ਇਹ ਸਪੱਸ਼ਟ ਹੋਵੇਗਾ ਕਿ ਨਵੀਂ ਟੀਮ ਲੋਕਾਂ ਦੀਆਂ ਉਮੀਦਾਂ 'ਤੇ ਕਿੰਨੀ ਖਰੀ ਉਤਰਦੀ ਹੈ।

# ਆਜ਼ਾਦੀ ਘੁਲਾਟੀਆਂ ਦੀ ਭਲਾਈ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ : ਮੋਹਿੰਦਰ ਭਗਤ

- ਪੰਜਾਬ ਸਰਕਾਰ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵਚਨਬੱਧ



ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਅਤੇ ਸਨਮਾਨ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਉਪਰਾਲਾ ਕਰ ਰਹੀ ਹੈ। ਇਹ ਪ੍ਰਗਟਾਵਾ ਆਜ਼ਾਦੀ ਘੁਲਾਟੀਆ, ਰੱਖਿਆ ਸੇਵਾਵਾਂ ਭਲਾਈ ਅਤੇ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਕੀਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਆਜ਼ਾਦੀ ਘੁਲਾਟੀਆਂ ਨੇ ਦੇਸ਼ ਦੀ ਆਜ਼ਾਦੀ ਲਈ ਅਦੁੱਤੀ ਕੁਰਬਾਨੀਆਂ ਦਿੱਤੀਆਂ ਹਨ ਅਤੇ ਉਨ੍ਹਾਂ ਦਾ ਯੋਗਦਾਨ ਸਦਾ ਸਤਿਕਾਰ ਅਤੇ ਸਨਮਾਨ ਦਾ ਹੱਕਦਾਰ ਰਹੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਲੋੜਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ। ਸ੍ਰੀ ਮੋਹਿੰਦਰ ਭਗਤ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੁਤੰਤਰਤਾ ਸੰਗਰਾਮੀਆਂ, ਉਨ੍ਹਾਂ ਦੀਆਂ ਵਿਧਵਾਵਾਂ, ਅਣਵਿਆਹੀਆਂ ਅਤੇ ਬੇਰੋਜ਼ਗਾਰ ਧੀਆਂ ਅਤੇ ਬੇਰੋਜ਼ਗਾਰ ਪੁੱਤਰਾਂ ਨੂੰ 11,000 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾ ਰਹੀ ਹੈ, ਤਾਂ ਜੋ ਉਨ੍ਹਾਂ ਨੂੰ ਸਨਮਾਨਯੋਗ ਜੀਵਨ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਲੋਕ-ਪੱਖੀ ਨੀਤੀਆਂ ਲਾਗੂ ਕਰ ਰਹੀ ਹੈ ਅਤੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਪੁਲਿਸ ਨੇ ਸ਼ੁਰੂ ਕੀਤਾ ਆਪ੍ਰੇਸ਼ਨ ਪ੍ਰਹਾਰ-3, 132 ਤੋਂ ਵੱਧ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ 'ਚ ਲਿਆ

ਜ਼ਿਕਰ ਪੰਜਾਬ

**ਲੁਧਿਆਣਾ** : ਲੁਧਿਆਣਾ ਪੁਲਿਸ ਨੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਹੇਠ ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਇੱਕ ਵਿਸ਼ੇਸ਼ ਮੁਹਿੰਮ ਦੇ ਹਿੱਸੇ ਵਜੋਂ ਇੱਕ ਵੱਡੇ ਪੱਧਰ 'ਤੇ ਆਪ੍ਰੇਸ਼ਨ ਪ੍ਰਹਾਰ-3 ਸ਼ੁਰੂ ਕੀਤਾ। ਸਵੇਰੇ 4 ਵਜੇ ਸ਼ੁਰੂ ਹੋਏ ਇਸ ਸਰਚ ਆਪ੍ਰੇਸ਼ਨ ਵਿੱਚ 60 ਵਿਸ਼ੇਸ਼ ਪੁਲਿਸ ਟੀਮਾਂ ਸ਼ਾਮਲ ਸਨ ਜਿਨ੍ਹਾਂ ਨੇ ਕਮਿਸ਼ਨਰੇਟ ਖੇਤਰ ਵਿੱਚ ਇੱਕੋ ਸਮੇਂ ਛਾਪੇਮਾਰੀ ਕੀਤੀ। ਹੁਣ ਤੱਕ, 132 ਤੋਂ ਵੱਧ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ, ਅਤੇ ਕਈ ਥਾਵਾਂ ਤੋਂ ਗੈਰ-ਕਾਨੂੰਨੀ ਹਥਿਆਰ, ਨਸ਼ੀਲੇ ਪਦਾਰਥ ਅਤੇ ਚੋਰੀ ਹੋਏ ਵਾਹਨ ਬਰਾਮਦ ਕੀਤੇ ਗਏ ਹਨ। ਲੁਧਿਆਣਾ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਆਪ੍ਰੇਸ਼ਨ ਪ੍ਰਹਾਰ-3 ਲਈ 360 ਸਮਰਪਿਤ ਪੁਲਿਸ ਕਰਮਚਾਰੀਆਂ ਵਾਲੀਆਂ 60 ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ ਹਨ। ਇਹ ਟੀਮਾਂ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਪਛਾਣੇ ਗਏ ਸਥਾਨਾਂ 'ਤੇ ਇੱਕੋ ਸਮੇਂ ਛਾਪੇਮਾਰੀ ਕਰ ਰਹੀਆਂ ਹਨ। ਇਹ ਆਪ੍ਰੇਸ਼ਨ ਦੇਰ ਸ਼ਾਮ ਤੱਕ ਜਾਰੀ ਰਹੇਗਾ। ਉਨ੍ਹਾਂ ਅੱਗੇ ਕਿਹਾ ਕਿ ਆਪ੍ਰੇਸ਼ਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਡੀਜੀਪੀ ਦਫ਼ਤਰ ਵੱਲੋਂ ਵਾਧੂ ਪੁਲਿਸ ਫੋਰਸ ਮੁਹੱਈਆ ਕਰਵਾਈ ਗਈ ਹੈ। ਵਾਧੂ ਫੋਰਸ ਦੀ ਮਦਦ ਨਾਲ, ਕਮਿਸ਼ਨਰੇਟ ਖੇਤਰ ਵਿੱਚ ਤਿੱਖੀ ਤਲਾਸ਼ੀ ਲਈ ਜਾ ਰਹੀ ਹੈ। ਪੁਲਿਸ ਕਮਿਸ਼ਨਰ ਦੇ ਅਨੁਸਾਰ, ਹੁਣ ਤੱਕ 132 ਤੋਂ ਵੱਧ ਸ਼ੱਕੀ ਅਤੇ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਲੋਕਾਂ ਵਿੱਚ ਚਾਰ ਬਦਨਾਮ ਗੈਂਗਸਟਰਾਂ ਦੇ ਨਜ਼ਦੀਕੀ ਸਾਥੀ ਅਤੇ ਉਨ੍ਹਾਂ ਦੇ ਸਾਥੀਆਂ ਦੇ ਨੈੱਟਵਰਕ ਨਾਲ ਜੁੜੇ ਲੋਕ ਸ਼ਾਮਲ ਹਨ, ਜੋ ਕਈ ਗੰਭੀਰ ਮਾਮਲਿਆਂ ਵਿੱਚ ਲੋੜੀਂਦੇ ਹਨ। ਛਾਪੇਮਾਰੀ ਦੌਰਾਨ, ਪੁਲਿਸ ਨੇ ਵੱਖ-ਵੱਖ ਥਾਵਾਂ ਤੋਂ ਗੈਰ-ਕਾਨੂੰਨੀ ਹਥਿਆਰ, ਭੰਗ, ਅਫੀਮ, ਚਿੱਟਾ (ਹੈਰੋਇਨ), ਨਸ਼ੀਲੇ ਪਦਾਰਥਾਂ ਦੀਆਂ ਗੋਲੀਆਂ ਅਤੇ ਹੋਰ ਨਸ਼ੀਲੇ ਪਦਾਰਥ ਬਰਾਮਦ ਕੀਤੇ। ਇਸ ਤੋਂ ਇਲਾਵਾ, ਕੁਝ ਚੋਰੀ ਕੀਤੇ ਵਾਹਨ ਵੀ ਜ਼ਬਤ ਕੀਤੇ ਗਏ ਹਨ। ਜ਼ਬਤ ਕੀਤੇ ਗਏ ਸਾਮਾਨਾਂ ਦੇ ਵੇਰਵੇ ਜਾਂਚ ਪੂਰੀ ਹੋਣ ਤੋਂ ਬਾਅਦ ਸਾਂਝੇ ਕੀਤੇ ਜਾਣਗੇ। ਸਵਪਨ ਸ਼ਰਮਾ ਨੇ ਕਿਹਾ ਕਿ ਨਾ ਸਿਰਫ਼ ਛਾਪੇ ਮਾਰੇ ਗਏ, ਸਗੋਂ ਸ਼ਹਿਰ ਦੇ ਸੁਰੱਖਿਆ ਪ੍ਰਬੰਧਾਂ ਨੂੰ ਵੀ ਕਾਫ਼ੀ ਸਖ਼ਤ ਕਰ ਦਿੱਤਾ ਗਿਆ ਹੈ। ਪੁਲਿਸ ਨੇ ਸ਼ਹਿਰ ਦੇ ਅੱਠ ਮੁੱਖ ਅਤੇ ਸੰਵੇਦਨਸ਼ੀਲ ਸਥਾਨਾਂ 'ਤੇ ਵਿਸ਼ੇਸ਼ ਚੌਕੀਆਂ ਸਥਾਪਤ ਕੀਤੀਆਂ ਹਨ, ਜਿੱਥੇ ਵਾਧੂ ਪੁਲਿਸ ਬਲਾਂ ਦੇ ਨਾਲ, ਹਰ ਸ਼ੱਕੀ ਵਾਹਨ ਅਤੇ ਲੰਘਣ ਵਾਲੇ ਵਿਅਕਤੀ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਕਮਿਸ਼ਨਰ ਨੇ ਕਿਹਾ ਕਿ ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਸੰਗਠਿਤ ਅਪਰਾਧ ਨਾਲ ਜੁੜੇ ਤੱਤਾਂ ਵਿਰੁੱਧ ਇਹ ਮੁਹਿੰਮ ਜਾਰੀ ਰਹੇਗੀ।



# ਪੰਜਾਬ ਦੀ ਸ਼ਾਂਤੀ ਭੰਗ ਕਰਨ ਵਾਲੇ ਤੇ ਨੌਜਵਾਨਾਂ ਦੀਆਂ ਜਾਨਾਂ ਨੂੰ ਜੋਖਮ 'ਚ ਪਾਉਣ ਵਾਲੇ ਕਿਸੇ ਵੀ ਅਪਰਾਧੀ ਨੂੰ ਬਖਸ਼ਿਆ ਨਹੀਂ ਜਾਵੇਗਾ : ਧਾਲੀਵਾਲ

ਜ਼ਿਕਰ ਪੰਜਾਬ

**ਚੰਡੀਗੜ੍ਹ** : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਤਰਜੀਹਾਂ ਨੂੰ ਦੁਹਰਾਉਂਦੇ ਹੋਏ ਕਿਹਾ ਕਿ ਸਰਕਾਰ ਪੰਜਾਬ ਵਿੱਚੋਂ ਗੈਂਗਸਟਰਵਾਦ ਅਤੇ ਨਸ਼ਿਆਂ ਦੀ ਦੁਰਵਰਤੋਂ ਨੂੰ ਖਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਗੈਂਗਸਟਰ ਟੂ ਵਾਰ' ਮੁਹਿੰਮ ਅੱਜ ਆਪਣੇ 164ਵੇਂ ਦਿਨ ਵਿੱਚ ਦਾਖਲ ਹੋ ਗਈ ਹੈ ਅਤੇ ਇਸਦੇ ਬਹੁਤ ਹੀ ਸਾਰਥਕ ਅਤੇ ਸਕਾਰਾਤਮਕ ਨਤੀਜੇ ਸਮਾਜ ਨੂੰ ਦਿਖਾਈ ਦੇ ਰਹੇ ਹਨ। ਇਸ ਇਤਿਹਾਸਕ ਮੁਹਿੰਮ ਦੌਰਾਨ, ਪੁਲਿਸ ਨੇ ਮਿਹਨਤ ਦਾ ਪ੍ਰਦਰਸ਼ਨ ਕੀਤਾ ਹੈ ਅਤੇ ਹੁਣ ਤੱਕ 43,127 ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕਰਕੇ ਮਹੱਤਵਪੂਰਨ ਸਫਲਤਾ ਪ੍ਰਾਪਤ ਕੀਤੀ ਹੈ। ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਉਜਾਗਰ ਕਰਦੇ ਹੋਏ, ਧਾਲੀਵਾਲ ਨੇ ਕਿਹਾ ਕਿ ਜਿੱਥੇ ਭਗਵੰਤ ਮਾਨ ਸਰਕਾਰ ਨੇ ਆਪਣੀਆਂ ਪੰਜ ਜਨਤਕ ਗਰੰਟੀਆਂ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ, ਉੱਥੇ ਹੀ ਮਨਵਾਨ-ਧਿਆਨ ਸਤਿਕਾਰ ਯੋਜਨਾ ਤਹਿਤ 1,000 ਰੁਪਏ ਅਤੇ 1,500 ਰੁਪਏ ਦੇ ਮਾਣਭੱਤੇ ਵੀ ਸੂਬੇ ਦੀਆਂ ਔਰਤਾਂ ਦੇ ਖਾਤਿਆਂ ਵਿੱਚ ਜਮ੍ਹਾਂ ਹੋਣੇ ਸ਼ੁਰੂ ਹੋ ਗਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਲੋਕ ਭਲਾਈ ਦੇ ਵਿਚਕਾਰ, ਸਰਕਾਰ ਦਾ ਮੁੱਖ ਧਿਆਨ ਸੂਬੇ ਦੀ ਸੁਰੱਖਿਆ ਅਤੇ ਨੌਜਵਾਨਾਂ ਦੇ ਭਵਿੱਖ 'ਤੇ ਹੈ। ਪੰਜਾਬ ਪੁਲਿਸ ਬਹੁਤ ਹਿੰਮਤ ਅਤੇ ਮਿਹਨਤ ਨਾਲ ਕੰਮ ਕਰ ਰਹੀ ਹੈ, ਅਤੇ ਇਹ ਲੜਾਈ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਰਾਜ ਵਿੱਚੋਂ ਗੈਂਗਸਟਰਵਾਦ ਅਤੇ ਨਸ਼ਿਆਂ ਦੀ ਦੁਰਵਰਤੋਂ ਵਰਗੀਆਂ ਕਾਨੂੰਨ ਵਿਵਸਥਾ ਦੀਆਂ ਸਮੱਸਿਆਵਾਂ ਪੂਰੀ ਤਰ੍ਹਾਂ ਖਤਮ ਨਹੀਂ ਹੋ ਜਾਂਦੀਆਂ। ਨਸ਼ਾ ਤਸਕਰਾਂ ਵਿਰੁੱਧ ਕੀਤੀ ਗਈ ਸਖ਼ਤ ਕਾਰਵਾਈ ਦਾ ਵੇਰਵਾ ਦਿੰਦੇ ਹੋਏ, 'ਆਪ' ਬੁਲਾਰੇ ਨੇ ਕਿਹਾ ਕਿ ਸਰਕਾਰ ਦੀ "ਨਸ਼ਿਆਂ ਵਿਰੁੱਧ ਜੰਗ"ਮੁਹਿੰਮ ਵੀ ਪੂਰੀ ਤਾਕਤ ਨਾਲ ਜਾਰੀ ਹੈ। ਇਸ ਮੁਹਿੰਮ ਦੇ 489ਵੇਂ ਦਿਨ, ਪੁਲਿਸ ਨੇ ਆਪਣੀ ਮੁਸਤੈਦੀ ਦਾ ਪ੍ਰਦਰਸ਼ਨ ਕੀਤਾ ਅਤੇ 2.1 ਕਿਲੋਗ੍ਰਾਮ ਹੈਰੋਇਨ ਜ਼ਬਤ ਕੀਤੀ ਅਤੇ 187 ਨਸ਼ਾ ਤਸਕਰਾਂ ਨੂੰ ਕੈਦ ਕੀਤਾ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਹੁਣ ਤੱਕ ਕੁੱਲ 71,538 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਧਾਲੀਵਾਲ ਨੇ ਸਪੱਸ਼ਟ ਚੇਤਾਵਨੀ ਦਿੱਤੀ ਕਿ ਪੰਜਾਬ ਦੀ ਸ਼ਾਂਤੀ ਭੰਗ ਕਰਨ ਵਾਲੇ ਅਤੇ ਨੌਜਵਾਨਾਂ ਦੀਆਂ ਜਾਨਾਂ ਨੂੰ ਖਤਰੇ ਵਿੱਚ ਪਾਉਣ ਵਾਲੇ ਕਿਸੇ ਵੀ ਅਪਰਾਧੀ ਨੂੰ ਬਖਸ਼ਿਆ ਨਹੀਂ ਜਾਵੇਗਾ।






# ਆਮਿਰ ਖ਼ਾਨ ਨੇ ਕਰਵਾਇਆ ਤੀਜਾ ਵਿਆਹ

ਜ਼ਿਕਰ ਪੰਜਾਬ

**ਮੁੰਬਈ** : ਬਾਲੀਵੁੱਡ ਦੇ ਮਹਾਨ ਸੁਪਰਸਟਾਰ ਆਮਿਰ ਖ਼ਾਨ ਨੇ ਮੁੰਬਈ ਦੇ ਬਾਂਦਰਾ ਸਥਿਤ ਆਪਣੀ ਰਿਹਾਇਸ਼ 'ਤੇ ਤੀਜਾ ਵਿਆਹ ਕਰਵਾ ਲਿਆ ਹੈ। ਉਨ੍ਹਾਂ ਨੇ ਆਪਣੀ ਗਰਲਫ?ਰੈਂਡ ਗੌਰੀ ਸਪ੍ਰੈਟ ਨਾਲ ਕੋਰਟ ਮੈਰਿਜ ਕੀਤੀ ਹੈ। ਇਸ ਖ਼ਾਸ ਮੌਕੇ 'ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਅਤੇ ਕਰੀਬੀ ਰਿਸ਼ਤੇਦਾਰ ਤਾਂ ਮੌਜੂਦ ਸਨ ਹੀ, ਨਾਲ ਹੀ ਕਲਾ ਅਤੇ ਸਿਆਸੀ ਜਗਤ ਦੀਆਂ ਕੁਝ ਚੋਣਵੀਆਂ ਹਸਤੀਆਂ ਵੀ ਨਜ਼ਰ ਆਈਆਂ। ਅਦਾਕਾਰ ਨੇ 60 ਸਾਲ ਦੀ ਉਮਰ ਵਿੱਚ ਆਪਣਾ ਇਹ ਤੀਜਾ ਵਿਆਹ ਰਚਾਇਆ ਹੈ। ਜ਼ਿਕਰਯੋਗ ਹੈ ਕਿ ਹਾਲ ਹੀ ਵਿੱਚ ਉਨ੍ਹਾਂ ਨੇ ਖ਼ੁਦ ਇਸ ਗੱਲ ਦਾ ਅਧਿਕਾਰਤ ਐਲਾਨ ਕੀਤਾ ਸੀ ਕਿ ਉਹ 5 ਜੁਲਾਈ ਨੂੰ ਗੌਰੀ ਸਪ੍ਰੈਟ ਨਾਲ ਵਿਆਹ ਦੇ ਬੰਧਨ ਵਿੱਚ ਬੱਝਣ ਜਾ ਰਹੇ ਹਨ। ਹੁਣ ਦੋਵਾਂ ਦਾ ਵਿਆਹ ਸੰਪੰਨ ਹੋ ਚੁੱਕਾ ਹੈ ਅਤੇ ਇਸ ਦੌਰਾਨ ਦੀਆਂ ਤਸਵੀਰਾਂ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀਆਂ ਹਨ। ਆਪਣੇ ਵਿਆਹ ਦੇ ਪ੍ਰੋਗਰਾਮ ਦੌਰਾਨ ਆਮਿਰ ਖ਼ਾਨ ਨੇ ਬਹੁਤ ਹੀ ਸੀਮਤ ਲੋਕਾਂ ਨੂੰ ਸੱਦਾ ਦਿੱਤਾ ਸੀ। ਫ਼ਿਲਮ ਇੰਡਸਟਰੀ ਦੇ ਬਹੁਤੇ ਲੋਕ ਇਸ ਵਿਆਹ ਵਿੱਚ ਨਜ਼ਰ ਨਹੀਂ ਆਏ ਅਤੇ ਸਿਰਫ਼ ਕੁਝ ਖ਼ਾਸ ਮਹਿਮਾਨਾਂ ਨੂੰ ਹੀ ਇਸ ਖ਼ੁਸ਼ੀ ਦਾ ਹਿੱਸਾ ਬਣਾਇਆ ਗਿਆ। ਦੇਸ਼ ਦੇ ਸਭ ਤੋਂ ਅਮੀਰ ਉਦਯੋਗਪਤੀ ਮੁਕੇਸ਼ ਅੰਬਾਨੀ ਤੋਂ ਲੈ ਕੇ ਸਾਬਕਾ ਕ੍ਰਿਕਟਰ ਇਰਫਾਨ ਪਠਾਨ, ਮਹਾਰਾਸ਼ਟਰ ਨਵਨਿਰਮਾਣ ਸੈਨਾ ਦੇ ਪ੍ਰਧਾਨ ਅਤੇ ਸਿਆਸਤਦਾਨ ਰਾਜ ਠਾਕਰੇ, ਨਿਰਦੇਸ਼ਕ ਆਸ਼ੂਤੋਸ਼ ਗੋਵਾਰੀਕਰ, ਬਾਲੀਵੁੱਡ ਅਦਾਕਾਰਾ ਐਲੀ ਅਵਰਾਮ ਇਸ ਸਮਾਗਮ ਵਿੱਚ ਸ਼ਾਮਲ ਹੋਏ।

# ਪੰਜਾਬ ਰੋਡਵੇਜ਼ 'ਚ ਯਾਤਰੀ ਹੁਣ ਕਿਊਆਰ ਕੋਡ ਨਾਲ ਕਰ ਸਕਣਗੇ ਭੁਗਤਾਨ

ਜ਼ਿਕਰ ਪੰਜਾਬ

**ਚੰਡੀਗੜ੍ਹ** : ਪੰਜਾਬ ਰੋਡਵੇਜ਼ ਟਿਕਟਿੰਗ ਸਿਸਟਮ ਵਿੱਚ ਵੱਡੇ ਪੱਧਰ 'ਤੇ ਬਦਲਾਅ ਲਈ ਤਿਆਰੀਆਂ ਸ਼ੁਰੂ ਹੋ ਗਈਆਂ ਹਨ। ਸੂਤਰਾਂ ਤੋਂ ਪਤਾ ਚੱਲਦਾ ਹੈ ਕਿ ਯਾਤਰੀ ਹੁਣ ਨਕਦੀ ਦੇ ਨਾਲ-ਨਾਲ QR ਕੋਡਾਂ ਨਾਲ ਭੁਗਤਾਨ ਕਰ ਸਕਣਗੇ। ਟਰਾਇਲ ਟਰਾਇਲ ਪਹਿਲਾਂ ਹੀ ਸ਼ੁਰੂ ਹੋ ਚੁੱਕੇ ਹਨ। ਯਾਤਰੀਆਂ ਨੂੰ ਟਿਕਟਾਂ ਖਰੀਦਣ ਲਈ ਹੁਣ ਨਕਦੀ 'ਤੇ ਨਿਰਭਰ ਨਹੀਂ ਕਰਨਾ ਪਵੇਗਾ। ਸੂਤਰਾਂ ਤੋਂ ਪਤਾ ਚੱਲਦਾ ਹੈ ਕਿ ਰੋਡਵੇਜ਼ ਵਿਭਾਗ ਦੁਆਰਾ ਲਾਗੂ ਕੀਤਾ ਜਾ ਰਿਹਾ ਇਹ ਸਿਸਟਮ QR ਕੋਡਾਂ ਤੋਂ ਇਲਾਵਾ UPI, ਡੈਬਿਟ ਕਾਰਡ ਅਤੇ ਕ੍ਰੈਡਿਟ ਕਾਰਡ ਸਮੇਤ ਕਈ ਡਿਜੀਟਲ ਭੁਗਤਾਨ ਵਿਕਲਪ ਪੇਸ਼ ਕਰੇਗਾ। ਇਸ ਨਾਲ ਯਾਤਰੀਆਂ ਦਾ ਸਮਾਂ ਬਚੇਗਾ ਅਤੇ ਟਿਕਟਿੰਗ ਪ੍ਰਕਿਰਿਆ ਨੂੰ ਵਧੇਰੇ ਸੁਵਿਧਾਜਨਕ ਅਤੇ ਪਾਰਦਰਸ਼ੀ ਬਣਾਇਆ ਜਾਵੇਗਾ। ਇਸ ਡਿਜੀਟਲ ਪਹਿਲਕਦਮੀ ਦਾ ਉਦੇਸ਼ ਬਿਹਤਰ ਯਾਤਰੀ ਸੇਵਾਵਾਂ ਪ੍ਰਦਾਨ ਕਰਨਾ ਅਤੇ ਜਨਤਕ ਆਵਾਜਾਈ ਪ੍ਰਣਾਲੀ ਨੂੰ ਆਧੁਨਿਕ ਬਣਾਉਣਾ ਹੈ। ਸੂਤਰ ਦੱਸਦੇ ਹਨ ਕਿ ਮਸ਼ੀਨਾਂ ਸਮੇਤ ਪੂਰੇ ਸਿਸਟਮ ਨੂੰ ਸਥਾਪਤ ਕਰਨ ਵਿੱਚ ਲਗਭਗ ਇੱਕ ਮਹੀਨਾ ਲੱਗੇਗਾ। ਸੰਪਰਕ ਕਰਨ 'ਤੇ, ਪੰਜਾਬ ਰੋਡਵੇਜ਼ ਕੰਟਰੈਕਟ ਵਰਕਰਜ਼ ਯੂਨੀਅਨ ਦੇ ਪ੍ਰਧਾਨ ਜੋਧ ਸਿੰਘ ਨੇ ਕਿਹਾ ਕਿ ਇਹ ਟਿਕਟਿੰਗ ਸਿਸਟਮ ਨੂੰ ਮਹੱਤਵਪੂਰਨ ਰੂਪ ਵਿੱਚ ਬਦਲ ਦੇਵੇਗਾ। ਇਹ ਪਹਿਲ ਨਾ ਸਿਰਫ਼ ਯਾਤਰੀਆਂ ਨੂੰ ਸਹੂਲਤ ਪ੍ਰਦਾਨ ਕਰੇਗੀ ਬਲਕਿ ਕੰਡਕਟਰਾਂ ਦੀ ਕਾਰਜ ਸ਼ੈਲੀ ਵਿੱਚ ਵੀ ਸੁਧਾਰ ਕਰੇਗੀ, ਕਿਉਂਕਿ ਭੁਗਤਾਨ ਸਿੱਧੇ ਵਿਭਾਗ ਦੇ ਖਾਤੇ ਵਿੱਚ ਟ?ਰਾਂਸਫਰ ਕੀਤੇ ਜਾਣਗੇ। ਮੁੱਖ ਦਫ਼ਤਰ ਵਿੱਚ ਕੰਮ ਚੱਲ ਰਿਹਾ ਹੈ। ਸੰਪਰਕ ਕਰਨ 'ਤੇ ਜੀਐਮ-2 ਅੰਮ੍ਰਿਤਸਰ ਹਰਵਿੰਦਰ ਸਿੰਘ ਨੇ ਕਿਹਾ ਕਿ ਇਸਦੀ ਕਾਰਜਸ਼ੀਲਤਾ ਦੀ ਜਾਂਚ ਸ਼ੁਰੂ ਹੋ ਗਈ ਹੈ। ਕੰਡਕਟਰ ਅਤੇ ਡਰਾਈਵਰ ਦੇ ਨਾਮ ਵੀ ਇਨ੍ਹਾਂ ਮਸ਼ੀਨਾਂ ਵਿੱਚ ਸ਼ਾਮਲ ਕੀਤੇ ਜਾਣਗੇ, ਜੋ ਜਲਦੀ ਹੀ ਬੱਸਾਂ ਵਿੱਚ ਕੰਮ ਕਰਨਗੀਆਂ।

# ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਗੋਲਡੀ ਢਿੱਲੋਂ ਸਪੇਨ 'ਚ ਗ੍ਰਿਫ਼ਤਾਰ

ਜ਼ਿਕਰ ਪੰਜਾਬ

**ਚੰਡੀਗੜ੍ਹ** : ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ ਤੋਂ ਮਿਲੀ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ, ਲੋੜੀਂਦੇ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਗੋਲਡੀ ਢਿੱਲੋਂ ਨੂੰ ਮੈਡ੍ਰਿਡ, ਸਪੇਨ ਵਿੱਚ ਹਿਰਾਸਤ ਵਿੱਚ ਲਿਆ ਗਿਆ ਹੈ। ਇਹ ਕਾਰਵਾਈ ਪੰਜਾਬ ਪੁਲਿਸ, ਕੇਂਦਰੀ ਖੁਫੀਆ ਏਜੰਸੀਆਂ ਅਤੇ ਚੰਡੀਗੜ੍ਹ ਪੁਲਿਸ ਦੇ ਸਾਂਝੇ ਯਤਨਾਂ ਸਦਕਾ ਸੰਭਵ ਹੋਈ ਹੈ। ਭਾਰਤੀ ਏਜੰਸੀਆਂ ਨੇ ਹੁਣ ਗੋਲਡੀ ਢਿੱਲੋਂ ਨੂੰ ਭਾਰਤ ਲਿਆਉਣ ਲਈ ਹਵਾਲਗੀ ਅਤੇ ਦੇਸ਼ ਨਿਕਾਲਾ ਦੀ ਕਾਨੂੰਨੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਸਪੇਨ ਤੋਂ ਉਸਦੀ ਗ੍ਰਿਫ਼ਤਾਰੀ ਦੀ ਰਸਮੀ ਪੁਸ਼ਟੀ ਦੀ ਉਡੀਕ ਹੈ। ਜਾਂਚ ਏਜੰਸੀਆਂ ਦੇ ਅਨੁਸਾਰ, ਗੋਲਡੀ ਢਿੱਲੋਂ ਕਈ ਮਾਮਲਿਆਂ ਵਿੱਚ ਲੋੜੀਂਦਾ ਹੈ, ਜਿਸ ਵਿੱਚ ਸੈਕਟਰ 11, ਚੰਡੀਗੜ੍ਹ ਦੇ ਸ੍ਰੀ ਕੁਮਾਰ ਮੈਡੀਕਲ ਹਾਲ ਵਿੱਚ ਕੈਸ਼ੀਅਰ ਜਾਨਕੀ ਦਾਸ ਦੀ ਹੱਤਿਆ ਵੀ ਸ਼ਾਮਲ ਹੈ। ਇਹ ਕਤਲ 13 ਜੂਨ ਨੂੰ ਦਿਨ-ਦਿਹਾੜੇ ਹੋਇਆ ਸੀ। ਇਸ ਸਨਸਨੀਖੇਜ਼ ਘਟਨਾ ਨੇ ਪੂਰੇ ਸ਼ਹਿਰ ਨੂੰ ਹੈਰਾਨ ਕਰ ਦਿੱਤਾ। ਉਸਦਾ ਨਾਮ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ-ਐਨਸੀਆਰ ਵਿੱਚ ਜਬਰੀ ਵਸੂਲੀ, ਨਿਸ਼ਾਨਾ ਬਣਾ ਕੇ ਕਤਲ ਅਤੇ ਹੋਰ ਗੰਭੀਰ ਅਪਰਾਧਿਕ ਮਾਮਲਿਆਂ ਵਿੱਚ ਵੀ ਹੈ। ਪੁਲਿਸ ਦੇ ਅਨੁਸਾਰ, ਉਸ 'ਤੇ ਆਮ ਆਦਮੀ ਪਾਰਟੀ ਦੀ ਵਿਧਾਇਕਾ ਨੀਨਾ ਮਿੱਤਲ ਨੂੰ ਜਾਨੋਂ ਮਾਰਨ ਦੀ ਧਮਕੀ ਦੇਣ ਦਾ ਵੀ ਦੋਸ਼ ਹੈ। ਜਾਂਚ ਤੋਂ ਪਤਾ ਲੱਗਾ ਕਿ ਗੋਲਡੀ ਢਿੱਲੋਂ ਦੇ ਨਿਰਦੇਸ਼ਾਂ 'ਤੇ ਦੋ ਅਪਰਾਧੀ ਚੰਡੀਗੜ੍ਹ ਇੱਕ ਨਵਾਂ ਅਪਰਾਧ ਕਰਨ ਲਈ ਆਏ ਸਨ। ਉਨ੍ਹਾਂ ਨੂੰ ਮੁੱਲਾਂਪੁਰ ਨੇੜੇ ਇੱਕ ਵਿਦੇਸ਼ੀ ਬਣੀ ਸੀ-47 ਪਿਸਤੌਲ ਅਤੇ ਇੱਕ .32 ਬੋਰ ਪਿਸਤੌਲ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ। ਜਾਂਚ ਤੋਂ ਇਹ ਵੀ ਪਤਾ ਲੱਗਾ ਕਿ ਗੋਲਡੀ ਢਿੱਲੋਂ ਕੈਨੇਡਾ ਵਿੱਚ ਕਈ ਗੋਲੀਬਾਰੀ ਨਾਲ ਜੁੜਿਆ ਹੋਇਆ ਹੈ। ਉਸਨੂੰ ਕੈਨੇਡੀਅਨ-ਅਧਾਰਤ ਗੈਂਗਸਟਰ ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਦਾ ਕਰੀਬੀ ਮੰਨਿਆ ਜਾਂਦਾ ਹੈ। ਹਾਲਾਂਕਿ, ਪੁਲਿਸ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਗੋਲਡੀ ਢਿੱਲੋਂ ਅਤੇ ਗੋਲਡੀ ਬਰਾੜ ਦੋ ਵੱਖ-ਵੱਖ ਵਿਅਕਤੀ ਹਨ। ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਨੇ ਆਪਣੀ ਚਾਰਜਸ਼ੀਟ ਵਿੱਚ ਦੋਵਾਂ ਵਿਅਕਤੀਆਂ ਦਾ ਨਾਮ ਲਿਆ ਹੈ। ਇਹ ਚਾਰਜਸ਼ੀਟ ਸੈਕਟਰ 5, ਚੰਡੀਗੜ੍ਹ ਦੇ ਇੱਕ ਵਪਾਰੀ ਵਿਰੁੱਧ ਜਬਰੀ ਵਸੂਲੀ ਅਤੇ ਗੋਲੀਬਾਰੀ ਦੇ ਮਾਮਲੇ ਨਾਲ ਸਬੰਧਤ ਹੈ। ਗੋਲਡੀ ਢਿੱਲੋਂ 2022 ਵਿੱਚ ਭਾਰਤ ਤੋਂ ਭੱਜ ਗਿਆ ਸੀ। ਵਿਦੇਸ਼ ਤੋਂ, ਉਸਨੇ ਬਾਅਦ ਵਿੱਚ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ-ਐਨਸੀਆਰ ਵਿੱਚ ਆਪਣੇ ਅਪਰਾਧਿਕ ਨੈੱਟਵਰਕ ਨੂੰ ਮਜ਼ਬੂਤ ਕੀਤਾ। ਉਸਨੇ ਆਪਣੇ ਕਾਰਕੁਨਾਂ ਨੂੰ ਨਿਰਦੇਸ਼ਤ ਕਰਨ ਲਈ ਜੰਗੀ ਅਤੇ ਸਿਗਨਲ ਵਰਗੇ ਏਨਕ੍ਰਿਪਟਡ ਮੈਸੇਜਿੰਗ ਐਪਸ ਦੀ ਵਰਤੋਂ ਕੀਤੀ। ਗੋਲਡੀ ਢਿੱਲੋਂ ਜਬਰਨ ਵਸੂਲੀ, ਨਿਸ਼ਾਨਾ ਬਣਾਏ ਕਤਲ, ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸ਼ਾਮਲ ਗਿਰੋਹ ਚਲਾਉਂਦਾ ਸੀ। ਪੁਲਿਸ ਜਾਂਚ ਵਿੱਚ ਇਹ ਵੀ ਖੁਲਾਸਾ ਹੋਇਆ ਹੈ ਕਿ ਜਦੋਂ ਕਾਰੋਬਾਰੀ ਵਿਦੇਸ਼ੀ ਨੰਬਰਾਂ ਤੋਂ ਕਾਲਾਂ ਦਾ ਜਵਾਬ ਨਹੀਂ ਦਿੰਦੇ ਸਨ, ਤਾਂ ਉਹ ਗਾਲਾਂ ਕੱਢਣ ਵਾਲੇ ਵੌਇਸ ਸੁਨੇਹੇ ਭੇਜਦਾ ਸੀ ਅਤੇ ਉਨ੍ਹਾਂ ਨੂੰ ਜਾਨੋਂ ਮਾਰਨ ਦੀ ਧਮਕੀ ਦਿੰਦਾ ਸੀ। ਉਸਦਾ ਮੁੱਖ ਭਰਤੀ ਕਰਨ ਵਾਲਾ, ਮਨਦੀਪ ਸਰਪੰਚ, ਵੀ ਸਪੇਨ ਵਿੱਚ ਦੱਸਿਆ ਜਾਂਦਾ ਹੈ। ਜਬਰਨ ਵਸੂਲੀ ਦਾ ਨੈੱਟਵਰਕ ਕਥਿਤ ਤੌਰ 'ਤੇ ਸਪੇਨ ਤੋਂ ਚਲਾਇਆ ਜਾ ਰਿਹਾ ਸੀ। ਭਾਰਤੀ ਏਜੰਸੀਆਂ ਨੂੰ ਉਮੀਦ ਹੈ ਕਿ ਕਾਨੂੰਨੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਗੋਲਡੀ ਢਿੱਲੋਂ ਨੂੰ ਭਾਰਤ ਲਿਆਂਦਾ ਜਾਵੇਗਾ ਅਤੇ ਉਸ ਤੋਂ ਪੁੱਛਗਿੱਛ ਕੀਤੀ ਜਾਵੇਗੀ ਅਤੇ ਉਸ ਵਿਰੁੱਧ ਲੰਬਿਤ ਮਾਮਲਿਆਂ ਵਿੱਚ ਮੁਕੱਦਮਾ ਚਲਾਇਆ ਜਾਵੇਗਾ।




# ਮੁੰਬਈ 'ਚ ਭਾਰੀ ਬਾਰਿਸ਼

ਜ਼ਿਕਰ ਪੰਜਾਬ

**ਮੁੰਬਈ** : ਮੁੰਬਈ ਵਿੱਚ ਪਹਿਲੀ ਭਾਰੀ ਮਾਨਸੂਨ ਬਾਰਿਸ਼ ਨੇ ਸ਼ਹਿਰ ਨੂੰ ਹਿਲਾ ਕੇ ਰੱਖ ਦਿੱਤਾ ਹੈ। ਬ੍ਰਿਹਨਮੁੰਬਈ ਨਗਰ ਨਿਗਮ ਦੇ ਅਨੁਸਾਰ, ਅੱਜ ਸਵੇਰੇ 8 ਵਜੇ ਤੋਂ ਦੁਪਹਿਰ 1 ਵਜੇ ਤੱਕ, ਸ਼ਹਿਰ ਵਿੱਚ ਔਸਤਨ 22.79 ਮਿਲੀਮੀਟਰ, ਪੂਰਬੀ ਉਪਨਗਰਾਂ ਵਿੱਚ 38.69 ਮਿਲੀਮੀਟਰ ਅਤੇ ਪੱਛਮੀ ਉਪਨਗਰਾਂ ਵਿੱਚ 36.99 ਮਿਲੀਮੀਟਰ ਬਾਰਿਸ਼ ਦਰਜ ਕੀਤੀ ਗਈ। ਇਸ ਸਮੇਂ ਦੌਰਾਨ, ਤੇਜ਼ ਹਵਾਵਾਂ ਨੇ ਸ਼ਹਿਰ ਵਿੱਚ ਤਬਾਹੀ ਮਚਾ ਦਿੱਤੀ। ਸੀ ਅਤੇ ਡੀ ਵਾਰਡਾਂ ਵਿੱਚ 72.4 ਕਿਲੋਮੀਟਰ ਪ੍ਰਤੀ ਘੰਟਾ, ਘਾਟਕੋਪਰ ਵਿੱਚ 75 ਕਿਲੋਮੀਟਰ ਪ੍ਰਤੀ ਘੰਟਾ ਅਤੇ ਬਾਂਦਰਾ ਪੱਛਮੀ ਵਿੱਚ 77 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਵਾਵਾਂ ਚੱਲੀਆਂ। ਇਨ੍ਹਾਂ ਹਵਾਵਾਂ ਕਾਰਨ 250 ਤੋਂ ਵੱਧ ਦਰੱਖਤ ਅਤੇ ਉਨ੍ਹਾਂ ਦੀਆਂ ਟਾਹਣੀਆਂ ਡਿੱਗ ਗਈਆਂ। ਬਾਰਸ਼ ਦੌਰਾਨ, ਸ਼ਹਿਰ ਵਿੱਚ 15 ਸ਼ਾਰਟ ਸਰਕਟ ਘਟਨਾਵਾਂ ਦਰਜ ਕੀਤੀਆਂ ਗਈਆਂ। ਇਨ੍ਹਾਂ ਵਿੱਚ ਸ਼ਹਿਰ ਵਿੱਚ ਚਾਰ, ਪੂਰਬੀ ਉਪਨਗਰਾਂ ਵਿੱਚ ਤਿੰਨ ਅਤੇ ਪੱਛਮੀ ਉਪਨਗਰਾਂ ਵਿੱਚ ਅੱਠ ਸ਼ਾਮਲ ਸਨ। ਇਹ ਰਾਹਤ ਦੀ ਗੱਲ ਹੈ ਕਿ ਸਵੇਰ ਤੋਂ ਸ਼ਹਿਰ ਜਾਂ ਉਪਨਗਰਾਂ ਵਿੱਚ ਕਿਤੇ ਵੀ ਪਾਣੀ ਭਰਨ ਦੀ ਕੋਈ ਸ਼ਿਕਾਇਤ ਨਹੀਂ ਮਿਲੀ ਹੈ। ਸਥਾਨਕ ਰੇਲ ਸੇਵਾਵਾਂ ਆਮ ਵਾਂਗ ਚੱਲ ਰਹੀਆਂ ਹਨ। ਹਾਲਾਂਕਿ, 12 ਥਾਵਾਂ 'ਤੇ ਡਿੱਗੇ ਦਰੱਖਤਾਂ ਕਾਰਨ BEST ਬੱਸ ਰੂਟਾਂ ਨੂੰ ਅਸਥਾਈ ਤੌਰ 'ਤੇ ਬਦਲ ਦਿੱਤਾ ਗਿਆ ਹੈ। BMC ਅਤੇ ਆਫ਼ਤ ਪ੍ਰਬੰਧਨ ਵਿਭਾਗ ਸਥਿਤੀ ਦੀ ਨਿਗਰਾਨੀ ਕਰ ਰਿਹਾ ਹੈ। ਮੁੰਬਈ ਪੁਲਿਸ ਅਤੇ ਫਾਇਰ ਬ੍ਰਿਗੇਡ ਟੀਮਾਂ ਸਰਗਰਮ ਹਨ। ਮੌਸਮ ਵਿਭਾਗ ਨੇ ਅਗਲੇ ਕੁਝ ਦਿਨਾਂ ਵਿੱਚ ਹੋਰ ਬਾਰਿਸ਼ ਹੋਣ ਦੀ ਭਵਿੱਖਬਾਣੀ ਕੀਤੀ ਹੈ। ਮੀਂਹ ਅਤੇ ਤੇਜ਼ ਹਵਾਵਾਂ ਨੇ ਮੁੰਬਈ ਵਾਸੀਆਂ ਵਿੱਚ ਚਿੰਤਾ ਵਧਾ ਦਿੱਤੀ ਹੈ। ਡਿੱਗੇ ਦਰੱਖਤਾਂ ਕਾਰਨ ਕਈ ਇਲਾਕਿਆਂ ਵਿੱਚ ਆਵਾਜਾਈ ਵਿੱਚ ਵਿਘਨ ਪਿਆ ਹੈ। ਲੋਕਾਂ ਨੇ ਪ੍ਰਸ਼ਾਸਨ ਤੋਂ ਨਿਯਮਿਤ ਤੌਰ 'ਤੇ ਦਰੱਖਤਾਂ ਦੀ ਛਾਂਟੀ ਕਰਨ ਅਤੇ ਸੁਰੱਖਿਆ ਉਪਾਵਾਂ ਨੂੰ ਮਜ਼ਬੂਤ ਕਰਨ ਦੀ ਮੰਗ ਕੀਤੀ ਹੈ।






# ਦੱਖਣੀ ਗੋਆ ਜ਼ਿਲ੍ਹਾ ਹਸਪਤਾਲ 'ਚ 193 ਅਸਾਮੀਆਂ ਖਾਲੀ, ਪੌਂਡਾ ਦੇ ਆਈਡੀ ਹਸਪਤਾਲ ਵਿੱਚ ਡਾਕਟਰੀ ਉਪਕਰਣਾਂ ਦੀ ਵੀ ਘਾਟ : ਕੇਜਰੀਵਾਲ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਗੋਆ ਦੇ ਮੁੱਖ ਮੰਤਰੀ ਨੂੰ ਪੰਜਾਬ ਸਰਕਾਰ ਤੋਂ ਸੇਧ ਲੈਣ ਅਤੇ ਆਪਣੇ ਰਾਜ ਦੇ ਲੋਕਾਂ ਨੂੰ 10 ਲੱਖ ਰੁਪਏ ਦਾ ਸਿਹਤ ਬੀਮਾ ਪ੍ਰਦਾਨ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਬਿਨਾਂ ਸ਼ਰਤ ਸਿਹਤ ਬੀਮਾ ਪ੍ਰਦਾਨ ਕਰ ਰਹੀ ਹੈ। ਇਸੇ ਤਰ੍ਹਾਂ, ਗੋਆ ਦੇ ਹਰ ਪਰਿਵਾਰ ਨੂੰ ਸਾਰੀਆਂ ਬਿਮਾਰੀਆਂ ਨੂੰ ਕਵਰ ਕਰਦੇ ਹੋਏ ਇੱਕੋ ਜਿਹੀ ਕਵਰੇਜ ਮਿਲਣੀ ਚਾਹੀਦੀ ਹੈ। ਇਸ ਤੋਂ ਇਲਾਵਾ, ਪੰਜਾਬ ਵਾਂਗ, ਗੋਆ ਦੇ ਸੂਚੀਬੱਧ ਨਿੱਜੀ ਹਸਪਤਾਲਾਂ ਨੂੰ 15 ਦਿਨਾਂ ਦੇ ਅੰਦਰ ਭੁਗਤਾਨ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਹਸਪਤਾਲ ਇਲਾਜ ਤੋਂ ਇਨਕਾਰ ਨਾ ਕਰਨ। ਉਨ੍ਹਾਂ ਕਿਹਾ ਕਿ, ਮੰਤਰੀਆਂ ਅਤੇ ਅਮੀਰਾਂ ਵਾਂਗ, ਗੋਆ ਦੇ ਸਭ ਤੋਂ ਗਰੀਬ ਵੀ ਸਭ ਤੋਂ ਵਧੀਆ ਹਸਪਤਾਲਾਂ ਵਿੱਚ ਇਲਾਜ ਦੇ ਹੱਕਦਾਰ ਹਨ, ਅਤੇ ਇਹ ਆਦਰਸ਼ ਸਥਿਤੀ ਹੈ। ਅਰਵਿੰਦ ਕੇਜਰੀਵਾਲ ਨੇ ਗੋਆ ਦੇ ਖਰਾਬ ਸਿਹਤ ਸੰਭਾਲ ਮਾਡਲ ਨੂੰ ਉਜਾਗਰ ਕੀਤਾ, ਇਹ ਕਹਿੰਦੇ ਹੋਏ ਕਿ ਗੋਆ ਦਾ ਪੂਰਾ ਸਿਹਤ ਸੰਭਾਲ ਸਿਸਟਮ ਢਹਿ ਗਿਆ ਹੈ। ਹਾਲਾਤ ਇਹ ਹਨ ਕਿ ਗੋਆ ਦਾ ਇੱਕੋ-ਇੱਕ ਸੁਪਰ-ਸਪੈਸ਼ਲਿਟੀ ਹਸਪਤਾਲ ਭੀੜ-ਭੜੱਕੇ ਵਾਲਾ ਹੈ, ਅਤੇ ਰੈਫਰਲ ਤੋਂ ਬਿਨਾਂ ਬਿਸਤਰੇ ਉਪਲਬਧ ਨਹੀਂ ਹਨ। ਦੱਖਣੀ ਗੋਆ ਜ਼ਿਲ੍ਹਾ ਹਸਪਤਾਲ ਵਿੱਚ 193 ਅਸਾਮੀਆਂ ਖਾਲੀ ਹਨ, ਪਰ ਪੌਂਡਾ ਦੇ ਆਈਡੀ ਹਸਪਤਾਲ ਵਿੱਚ ਡਾਕਟਰੀ ਉਪਕਰਣਾਂ ਦੀ ਵੀ ਘਾਟ ਹੈ। ਸਰਕਾਰ ਨੇ ਡੀਡੀਐਸਐਸਵਾਈ ਸਕੀਮ ਸ਼ੁਰੂ ਕੀਤੀ ਸੀ, ਪਰ ਗੋਆ ਦੇ ਲੋਕ ਇਸ ਤੋਂ ਨਿਰਾਸ਼ ਹੋ ਗਏ ਹਨ। ਕੁੱਲ 2.91 ਲੱਖ ਪਰਿਵਾਰਾਂ ਨੂੰ ਕਾਰਡ ਜਾਰੀ ਕੀਤੇ ਗਏ ਸਨ, ਪਰ ਇਨ੍ਹਾਂ ਵਿੱਚੋਂ 1.81 ਲੱਖ ਪਰਿਵਾਰਾਂ ਨੇ ਇਨ੍ਹਾਂ ਦੀ ਵਰਤੋਂ ਬੰਦ ਕਰ ਦਿੱਤੀ ਹੈ। ਅੱਜ, 90 ਪ੍ਰਤੀਸ਼ਤ ਲੋਕ ਗੰਭੀਰ ਬਿਮਾਰੀ ਦੀ ਸਥਿਤੀ ਵਿੱਚ ਨਿੱਜੀ ਹਸਪਤਾਲਾਂ ਦਾ ਖਰਚਾ ਨਹੀਂ ਚੁੱਕ ਸਕਦੇ। ਆਪ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਗੋਆ ਦੀ ਸਿਹਤ ਸੰਭਾਲ ਪ੍ਰਣਾਲੀ ਪੂਰੀ ਤਰ੍ਹਾਂ ਢਹਿ ਗਈ ਹੈ। ਗੋਆ ਵਿੱਚ ਦੋ ਤਰ੍ਹਾਂ ਦੀਆਂ ਸਿਹਤ ਸੰਭਾਲ ਸੇਵਾਵਾਂ ਹਨ: ਨਿੱਜੀ ਅਤੇ ਸਰਕਾਰੀ। ਗੰਭੀਰ ਬਿਮਾਰੀ ਦੀ ਸਥਿਤੀ ਵਿੱਚ, ਗੋਆ ਦਾ ਲਗਭਗ 90 ਪ੍ਰਤੀਸ਼ਤ ਸਰਕਾਰੀ ਸਿਹਤ ਸੰਭਾਲ 'ਤੇ ਨਿਰਭਰ ਕਰਦਾ ਹੈ। ਨਿੱਜੀ ਸਿਹਤ ਸੰਭਾਲ ਇੰਨੀ ਮਹਿੰਗੀ ਹੈ ਕਿ 90 ਪ੍ਰਤੀਸ਼ਤ ਆਬਾਦੀ ਗੰਭੀਰ ਬਿਮਾਰੀ ਦੀ ਸਥਿਤੀ ਵਿੱਚ ਨਿੱਜੀ ਹਸਪਤਾਲਾਂ ਵਿੱਚ ਇਲਾਜ ਨਹੀਂ ਕਰਵਾ ਸਕਦੀ। ਲੋਕ ਆਮ ਜ਼ੁਕਾਮ, ਖੰਘ ਜਾਂ ਬੁਖਾਰ ਲਈ ਨਿੱਜੀ ਡਾਕਟਰਾਂ ਕੋਲ ਜਾ ਸਕਦੇ ਹਨ, ਪਰ ਗੰਭੀਰ ਸਰਜਰੀ ਜਾਂ ਬਿਮਾਰੀ ਦੀ ਸਥਿਤੀ ਵਿੱਚ, ਕੋਈ ਵੀ ਨਿੱਜੀ ਹਸਪਤਾਲ ਵਿੱਚ ਇਲਾਜ ਕਰਵਾਉਣ ਦਾ ਖਰਚਾ ਨਹੀਂ ਚੁੱਕ ਸਕਦਾ। ਜੇਕਰ ਅਸੀਂ ਮੰਨ ਲਈਏ ਕਿ ਗੋਆ ਦੀ ਆਬਾਦੀ 1.8 ਮਿਲੀਅਨ ਹੈ, ਤਾਂ ਲਗਭਗ 1.6 ਮਿਲੀਅਨ ਲੋਕ ਸਰਕਾਰੀ ਸਿਹਤ ਸੰਭਾਲ 'ਤੇ ਨਿਰਭਰ ਕਰਦੇ ਹਨ, ਅਤੇ ਸਿਰਫ਼ 200,000 ਹੀ ਨਿੱਜੀ ਹਸਪਤਾਲਾਂ ਦਾ ਖਰਚਾ ਚੁੱਕ ਸਕਦੇ ਹਨ, ਅਤੇ ਸ਼ਾਇਦ 200,000 ਵੀ ਇੱਕ ਮਹੱਤਵਪੂਰਨ ਅੰਕੜਾ ਹੈ। ਅਰਵਿੰਦ ਕੇਜਰੀਵਾਲ ਨੇ ਅੱਗੇ ਕਿਹਾ ਕਿ ਜਦੋਂ ਕਿ ਬਹੁਤ ਸਾਰੇ ਨਿੱਜੀ ਹਸਪਤਾਲ ਹਨ, ਉੱਥੇ ਸਿਰਫ਼ ਇੱਕ ਸਰਕਾਰੀ ਸੁਪਰ-ਸਪੈਸ਼ਲਿਟੀ ਹਸਪਤਾਲ ਹੈ, ਜੀਐਮਸੀ। ਜੀਐਮਸੀ ਦੀ ਹਾਲਤ ਬਹੁਤ ਮਾੜੀ ਹੈ, ਭੀੜ-ਭੜੱਕੇ ਵਾਲੀ ਹੈ। ਬਿਸਤਰਾ ਪ੍ਰਾਪਤ ਕਰਨ ਲਈ, ਕਿਸੇ ਨੂੰ ਰੈਫਰਲ ਦੀ ਲੋੜ ਹੁੰਦੀ ਹੈ। ਜਦੋਂ ਤੁਸੀਂ ਕਿਸੇ ਡਾਕਟਰ ਕੋਲ ਜਾਂਦੇ ਹੋ, ਤਾਂ ਉਹ ਦਵਾਈਆਂ ਲਿਖਦੇ ਹਨ ਜੋ ਬਾਹਰੋਂ ਖਰੀਦਣੀਆਂ ਪੈਂਦੀਆਂ ਹਨ। ਜ਼ਿਆਦਾ ਕੀਮਤ ਦੇ ਕਾਰਨ, ਜ਼ਿਆਦਾਤਰ ਲੋਕ ਉਨ੍ਹਾਂ ਨੂੰ ਬਰਦਾਸ਼ਤ ਨਹੀਂ ਕਰ ਸਕਦੇ। ਜੀਐਮਸੀ ਬਾਰੇ ਜਿੰਨਾ ਘੱਟ ਕਿਹਾ ਜਾਵੇ, ਓਨਾ ਹੀ ਬਿਹਤਰ ਹੈ। ਇਸਦੀ ਹਾਲਤ ਬਹੁਤ ਮਾੜੀ ਹੈ। ਪੂਰੇ ਰਾਜ ਵਿੱਚ ਸਿਰਫ਼ ਇੱਕ ਜੀਐਮਸੀ ਹੈ, ਇਸ ਲਈ ਕੈਨਾਕੋਨਾ ਤੋਂ ਇਸ ਤੱਕ ਪਹੁੰਚਣ ਵਿੱਚ ਦੋ ਘੰਟੇ ਲੱਗਦੇ ਹਨ। ਐਮਰਜੈਂਸੀ ਦੀ ਸਥਿਤੀ ਵਿੱਚ, ਮਰੀਜ਼ ਦੋ ਘੰਟਿਆਂ ਦੇ ਅੰਦਰ ਮਰ ਜਾਵੇਗਾ। ਪੌਂਡਾ ਤੋਂ ਉੱਥੇ ਪਹੁੰਚਣ ਵਿੱਚ ਇੱਕ ਘੰਟਾ ਲੱਗਦਾ ਹੈ। ਅਰਵਿੰਦ ਕੇਜਰੀਵਾਲ ਨੇ ਅੱਗੇ ਕਿਹਾ ਕਿ ਦੱਖਣੀ ਗੋਆ ਜ਼ਿਲ੍ਹਾ ਹਸਪਤਾਲ ਵੀ ਹੈ, ਜਿੱਥੇ 193 ਅਸਾਮੀਆਂ ਖਾਲੀ ਹਨ। ਇੱਥੇ ਕੋਈ ਮਾਹਿਰ ਨਹੀਂ ਹਨ ਅਤੇ ਦਵਾਈਆਂ ਦੀ ਭਾਰੀ ਘਾਟ ਹੈ। ਹਸਪਤਾਲ ਪੂਰੀ ਤਰ੍ਹਾਂ ਖਰਾਬ ਹੈ। ਪੌਂਡਾ ਦੇ ਆਈਡੀ ਹਸਪਤਾਲ ਵਿੱਚ ਮੁੱਢਲੇ ਡਾਕਟਰੀ ਉਪਕਰਣਾਂ ਦੀ ਵੀ ਘਾਟ ਹੈ ਅਤੇ ਇਹ ਪੂਰੀ ਤਰ੍ਹਾਂ ਲੈਸ ਨਹੀਂ ਹੈ। ਇਸ ਵਿੱਚ ਨਾ ਤਾਂ ਸੀਟੀ ਸਕੈਨ ਹੈ ਅਤੇ ਨਾ ਹੀ ਐਮਆਰਆਈ। ਇਸ ਵਿੱਚ ਅੱਠ ਲਿਫਟਾਂ ਹਨ, ਜਿਨ੍ਹਾਂ ਵਿੱਚੋਂ ਸੱਤ ਖਰਾਬ ਹਨ। ਆਈਡੀ ਹਸਪਤਾਲ ਪੌਂਡਾ ਵੱਡੇ ਪੱਧਰ 'ਤੇ ਇੱਕ ਰੈਫਰਲ ਹਸਪਤਾਲ ਬਣ ਗਿਆ ਹੈ। ਆਉਣ ਵਾਲੇ ਸਾਰੇ ਮਰੀਜ਼ਾਂ ਨੂੰ ਜਨਰਲ ਹਸਪਤਾਲ ਮੈਡੀਕਲ ਕਾਲਜ ਅਤੇ ਹਸਪਤਾਲ (ਜੀਐਮਸੀ) ਵਿੱਚ ਰੈਫਰ ਕੀਤਾ ਜਾਂਦਾ ਹੈ। ਇੱਥੇ ਕੋਈ ਮਾਹਿਰ ਨਹੀਂ ਹਨ, ਸਟਾਫ ਦੀ ਭਾਰੀ ਘਾਟ ਹੈ, ਅਤੇ ਬਹੁਤ ਸਾਰੇ ਡਾਕਟਰ ਨਹੀਂ ਹਨ, ਭਾਵੇਂ ਹਸਪਤਾਲ ਨੂੰ 12 ਸਾਲਾਂ ਤੋਂ ਸਥਾਪਿਤ ਕੀਤਾ ਗਿਆ ਹੈ। ਇਸ ਤਰ੍ਹਾਂ, ਗੋਆ ਦਾ ਪੂਰਾ ਸਰਕਾਰੀ ਸਿਹਤ ਸਿਸਟਮ ਪੂਰੀ ਤਰ੍ਹਾਂ ਢਹਿ ਗਿਆ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ 90 ਪ੍ਰਤੀਸ਼ਤ ਲੋਕਾਂ ਨੂੰ ਨਹੀਂ ਪਤਾ ਕਿ ਜੇਕਰ ਉਨ੍ਹਾਂ ਦੇ ਪਰਿਵਾਰ ਵਿੱਚ ਕੋਈ ਬੀਮਾਰ ਹੋ ਜਾਂਦਾ ਹੈ ਤਾਂ ਕਿੱਥੇ ਜਾਣਾ ਹੈ। ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ, ਸਰਕਾਰ ਨੇ ਦੀਨਦਿਆਲ ਸਿਹਤ ਸੇਵਾਵਾਂ ਯੋਜਨਾ ਸ਼ੁਰੂ ਕੀਤੀ, ਤਾਂ ਜੋ ਜੇਕਰ ਕਿਸੇ ਨੂੰ ਸਰਕਾਰੀ ਹਸਪਤਾਲ ਵਿੱਚ ਸਹੀ ਇਲਾਜ ਨਹੀਂ ਮਿਲਦਾ, ਤਾਂ ਉਹ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਕਰਵਾ ਸਕਣ। ਤਿੰਨ ਜੀਆਂ ਦੇ ਪਰਿਵਾਰ ਲਈ ਕਵਰੇਜ ਦੀ ਰਕਮ ਹੁਣ ਵਧਾ ਕੇ ?4 ਲੱਖ ਪ੍ਰਤੀ ਸਾਲ ਕਰ ਦਿੱਤੀ ਗਈ ਹੈ। ਜੇਕਰ ਇੱਕ ਪਰਿਵਾਰ ਵਿੱਚ ਚਾਰ ਜਾਂ ਵੱਧ ਮੈਂਬਰ ਹਨ, ਤਾਂ ਇਹ ਰਕਮ 6 ਲੱਖ ਹੈ। ਪਰ ਅੱਜ ਦੇ ਸਮੇਂ ਵਿੱਚ, 4 ਲੱਖ ਅਤੇ 6 ਲੱਖ ਕੁਝ ਵੀ ਨਹੀਂ ਹਨ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਲੋਕ ਇਹ ਜਾਣ ਕੇ ਹੈਰਾਨ ਹੋਣਗੇ ਕਿ ਇਸ ਯੋਜਨਾ ਦਾ ਕਵਰੇਜ ਵਧਣ ਦੀ ਬਜਾਏ ਘਟਿਆ ਹੈ। 2022-23 ਵਿੱਚ 2.95 ਲੱਖ ਪਰਿਵਾਰਾਂ ਨੂੰ ਕਾਰਡ ਜਾਰੀ ਕੀਤੇ ਗਏ ਸਨ, ਪਰ 2025-26 ਤੱਕ ਇਹ ਅੰਕੜਾ ਘਟ ਕੇ 1.81 ਲੱਖ ਹੋ ਗਿਆ ਸੀ। ਲਗਭਗ 1.25 ਲੱਖ ਲੋਕਾਂ ਨੇ ਆਪਣੇ ਕਾਰਡਾਂ ਦੀ ਵਰਤੋਂ ਬੰਦ ਕਰ ਦਿੱਤੀ ਹੈ। ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਲੋਕਾਂ ਨੂੰ ਇਸ ਯੋਜਨਾ ਦਾ ਲਾਭ ਨਹੀਂ ਮਿਲ ਰਿਹਾ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਆਦਰਸ਼ ਸਥਿਤੀ ਸਰਕਾਰੀ ਸਿਹਤ ਪ੍ਰਣਾਲੀ ਨੂੰ ਪ੍ਰਭਾਵਸ਼ਾਲੀ, ਕੁਸ਼ਲ ਅਤੇ ਕਾਰਜਸ਼ੀਲ ਬਣਾਉਣਾ ਹੈ। ਪਰ ਇਸ ਵਿੱਚ ਸਮਾਂ ਲੱਗੇਗਾ, ਅਤੇ ਜਦੋਂ ਤੱਕ ਅਜਿਹਾ ਨਹੀਂ ਹੁੰਦਾ, ਲੋਕਾਂ ਨੂੰ ਮਰਨ ਲਈ ਨਹੀਂ ਛੱਡਿਆ ਜਾ ਸਕਦਾ। ਇਸ ਲਈ, ਪੰਜਾਬ ਵਿੱਚ, ਅਸੀਂ ਹਰ ਪਰਿਵਾਰ ਨੂੰ 10 ਲੱਖ ਦਾ ਬੀਮਾ ਕਵਰ ਪ੍ਰਦਾਨ ਕੀਤਾ ਹੈ। ਇਸਦੇ ਲਈ ਕੋਈ ਆਮਦਨ ਸੀਮਾ ਜਾਂ ਹੋਰ ਯੋਗਤਾ ਮਾਪਦੰਡ ਨਹੀਂ ਹਨ। ਵਿਅਕਤੀ ਸਿਰਫ਼ ਪੰਜਾਬ ਦਾ ਨਿਵਾਸੀ ਹੋਣਾ ਚਾਹੀਦਾ ਹੈ।ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਗੋਆ ਵਿੱਚ 447 ਬਿਮਾਰੀਆਂ ਕਵਰ ਕੀਤੀਆਂ ਜਾਂਦੀਆਂ ਹਨ, ਜਦੋਂ ਕਿ ਪੰਜਾਬ ਵਿੱਚ 2350 ਬਿਮਾਰੀਆਂ ਅਤੇ ਪ੍ਰਕਿਰਿਆਵਾਂ ਕਵਰ ਕੀਤੀਆਂ ਜਾਂਦੀਆਂ ਹਨ।



ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦਫ਼ਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly